ਸਾਂਝੀ ਸੋਚ ਅਖ਼ਬਾਰ ਅਤੇ ਟੀ.ਵੀ ਨਾਲ ਜੁੜਨ ਲਈ ਸੰਪਰਕ ਕਰੋ
ਅੰਮ੍ਰਿਤਸਰ +91 81463 20009
ਪਟਿਆਲਾ +91 79735 07533

ਸਾਂਝੀ ਸੋਚ
SANJHI SOCH
ਸਾਂਝੀ ਸੋਚ
ਰੋਜ਼ਾਨਾ ਪੰਜਾਬੀ ਅਖ਼ਬਾਰ
ਪੰਜਾਬੀਅਤ ਦੀ ਸੋਚ 'ਤੇ ਪਹਿਰਾ

DOWNLOAD THE APP
NOW AVAILABLE ON
24x7
LIVE STREAMING
ਸਾਂਝੀ ਸੋਚ ਟੀ ਵੀ Mobile App 'ਤੇ ਵੀ ਉਪਲਬਧ

VOL-13 ISSUE 2385 | 24 February, 2026 Tuesday | www.sanjhisoch.com | ਕੈਲੀਫੋਰਨੀਆ ★ ਪੰਜਾਬ ★ ਹਿਮਾਚਲ ★ ਹਰਿਆਣਾ ★ ਦੇਸ ਦੁਨੀਆਂ | +1 (209) 303-1260

# ਵਰਜੀਨੀਆ ਵਿੱਚ ਗੋਲੀਬਾਰੀ ਵਿੱਚ 2 ਮੌਤਾਂ ਅਤੇ 7 ਜ਼ਖਮੀ

**ਸੈਕਰਾਮੈਂਟੋ**
**ਹੁਸਨ ਲੜੋਆ ਬੰਗਾ**

ਵਰਜੀਨੀਆ ਵਿੱਚ ਹੋਈ ਗੋਲੀਬਾਰੀ ਵਿੱਚ 2 ਵਿਅਕਤੀਆਂ ਦੇ ਮਾਰੇ ਜਾਣ ਤੇ 7 ਹੋਰਨਾਂ ਦੇ ਜ਼ਖਮੀ ਹੋ ਜਾਣ ਦੀ ਖਬਰ ਹੈ। ਗੋਲੀਬਾਰੀ ਦੀ ਸੂਚਨਾ ਮਿਲਣ 'ਤੇ ਰਿਚਮੰਡ ਪੁਲਿਸ ਸ਼ਹਿਰ ਦੇ ਪੂਰਬ ਵਿੱਚ ਸ਼ੌਕੋਈ ਬਾਟਮ ਖੇਤਰ ਵਿੱਚ ਪੁੱਜੀ। ਪੁਲਿਸ ਮੁਖੀ ਰਿਕ ਐਡਵਰਡਜ ਨੇ ਪੱਤਰਕਾਰਾਂ ਨੂੰ ਦਸਿਆ ਕਿ ਮੌਕੇ 'ਤੇ ਮੌਜੂਦ ਇਕ ਪੁਲਿਸ ਅਫਸਰ ਨੇ ਵੱਡੀ ਪੱਧਰ 'ਤੇ ਲੋਕਾਂ ਨੂੰ ਝਗੜਦਿਆਂ ਵੇਖਿਆ। ਕਿਸੇ ਗੱਲ ਨੂੰ ਲੈ ਕੇ ਹੋਈ ਤਕਰਾਰ ਲੜਾਈ ਵਿੱਚ ਬਦਲ ਗਈ।

ਮੌਕੇ 'ਤੇ ਪੁਲਿਸ ਨੂੰ ਜੈਨੇਸਿਸ ਜੋਨਸ (23) ਜੋ ਪੀਟਸਬਰਗ ਦਾ ਰਹਿਣਾ ਵਾਲਾ ਸੀ ਤੇ ਹੈਨਰੀਕੋ ਕਾਊਂਟੀ ਦਾ ਵਸਨੀਕ ਡੋਮਿਨਿਕ ਜੈਕਸਨ (42) ਜਖਮੀ ਹਾਲਤ ਵਿੱਚ ਮਿਲੇ ਜਿਨਾਂ ਦੇ ਗੋਲੀਆਂ ਵੱਜੀਆਂ ਹੋਈਆਂ ਸਨ। ਬਾਅਦ ਵਿਚ ਇਹ ਦੋਨੋਂ ਦਮ ਤੋੜ ਗਏ। ਉਨਾਂ ਕਿਹਾ ਕਿ 4 ਹੋਰ ਜ਼ਖਮੀ ਲੋਕਾਂ ਨੂੰ ਸਥਾਨਕ ਹਸਪਤਾਲ ਵਿੱਚ ਦਾਖਲ ਕਰਵਾਇਆ ਗਿਆ ਹੈ ਜਿਨਾਂ ਦੇ ਜਖਮ ਜਾਨ ਲੇਵਾ ਨਹੀਂ ਹਨ ਜਦ ਕਿ 3 ਜ਼ਖਮੀ ਆਪਣੇ ਨਿੱਜੀ ਵਾਹਣਾਂ 'ਤੇ ਹਸਪਤਾਲ ਪੁੱਜੇ ਹਨ। ਉਨਾਂ ਕਿਹਾ ਕਿ ਜ਼ਖਮੀਆਂ ਵਿੱਚ 3 ਵਿਅਕਤੀ ਤੇ 4 ਔਰਤਾਂ ਸ਼ਾਮਿਲ ਹਨ। ਪੁਲਿਸ ਨੇ ਮੌਕੇ ਤੋਂ 50 ਕਾਰਤੂਸਾਂ ਦੇ ਖੋਲ ਤੇ 2 ਹਥਿਆਰ ਬਰਾਮਦ ਕੀਤੇ ਹਨ। ਐਡਵਰਡਜ ਨੇ ਕਿਹਾ ਕਿ ਇਸ ਗੋਲੀਬਾਰੀ ਵਿੱਚ ਕਈ ਲੋਕ ਸ਼ਾਮਿਲ ਹਨ ਜਿਨਾਂ ਦੀ ਭਾਲ ਕੀਤੀ ਜਾ ਰਹੀ ਹੈ। ਫਿਲਹਾਲ ਕੋਈ ਵੀ ਗ੍ਰਿਫਤਾਰੀ ਨਹੀਂ ਹੋਈ ਹੈ। ਉਨਾਂ ਕਿਹਾ ਕਿ ਇਸ ਗੋਲੀਬਾਰੀ ਦਾ ਇਕੋ ਹੀ ਸੰਦੇਸ਼ ਹੈ ਕਿ ਆਪਣੀਆਂ ਗੰਨਾਂ ਘਰ ਰੱਖ ਕੇ ਆਓ। ਨਹੀਂ ਤਾਂ ਛੋਟੀਆਂ ਮੋਟੀਆਂ ਗੱਲਾਂ ਵੀ ਭਿਅੰਕਰ ਲੜਾਈ ਦਾ ਰੂਪ ਧਾਰ ਸਕਦੀਆਂ ਹਨ।

# ਡਰੱਗ ਮਾਫੀਆ ਦੀ ਮੌਤ ਤੋਂ ਬਾਅਦ 20 ਰਾਜਾਂ ਵਿੱਚ ਭੜਕੀ ਹਿੰਸਾ

**ਮੈਕਸੀਕੋ**
**ਸਾਂਝੀ ਸੋਚ ਬਿਊਰੋ**

ਮੈਕਸੀਕੋ ਵਿੱਚ ਡਰੱਗ ਮਾਫੀਆ ਐਲ ਮੇਂਚੋ ਦੀ ਮੌਤ ਤੋਂ ਬਾਅਦ ਸੋਮਵਾਰ ਨੂੰ ਹਿੰਸਕ ਵਿਰੋਧ ਪ੍ਰਦਰਸ਼ਨ ਹੋਏ। ਬੀਬੀਸੀ ਦੇ ਅਨੁਸਾਰ, ਮੇਂਚੋ ਦੇ ਸਮਰਥਕਾਂ ਨੇ ਉਸ ਦੀ ਮੌਤ ਤੋਂ ਬਾਅਦ 20 ਰਾਜਾਂ ਵਿੱਚ ਹਿੰਸਾ ਕੀਤੀ। ਕਈ ਥਾਵਾਂ ‘ਤੇ ਸੜਕਾਂ ‘ਤੇ ਨਾਕੇ ਲਗਾਏ ਗਏ, ਅਤੇ ਵਾਹਨਾਂ ਅਤੇ 20 ਤੋਂ ਵੱਧ ਸਰਕਾਰੀ ਬੈਂਕ ਸ਼ਾਖਾਵਾਂ ਨੂੰ ਅੱਗ ਲਗਾ ਦਿੱਤੀ। ਜੈਲਿਸਕੋ ‘ਚ ਲਾਕਡਾਊਨ ਵਰਗੇ ਹਾਲਤ ਹਨ, ਜੋ ਕਿ ਫੀਫਾ 2026 ਲਈ ਇੱਕ ਮੇਜ਼ਬਾਨ ਸ਼ਹਿਰ ਹੈ। ਵੱਖ-ਵੱਖ ਸ਼ਹਿਰਾਂ ਵਿੱਚ ਘੱਟੋ-ਘੱਟ 32 ਮੌਤਾਂ ਦੀ ਰਿਪੋਰਟ ਕੀਤੀ ਗਈ ਹੈ, ਜਿਨ੍ਹਾਂ ਵਿੱਚ 25 ਸੈਨਿਕ ਸ਼ਾਮਲ ਹਨ। ਕਾਰਵਾਈ ਦੌਰਾਨ, ਫੌਜ ਨੇ ਬਖਤਰਬੰਦ ਵਾਹਨ ਅਤੇ ਰਾਕੇਟ ਲਾਂਚਰ ਸਮੇਤ ਵੱਡੀ ਗਿਣਤੀ ਵਿੱਚ ਹਥਿਆਰ ਜ਼ਬਤ ਕੀਤੇ ਹਨ। ਦਰਅਸਲ, ਮੈਕਸੀਕਨ ਫੌਜ ਨੇ ਐਤਵਾਰ ਨੂੰ ਇੱਕ ਕਾਰਵਾਈ ਕੀਤੀ ਅਤੇ ਦੇਸ਼ ਦੇ ਸਭ ਤੋਂ ਪ੍ਰਮੁੱਖ ਡਰੱਗ ਮਾਲਕ ਐਲ ਮੇਂਚੋ ਨੂੰ ਮਾਰ ਦਿੱਤਾ। ਉਹ ਕਾਰਵਾਈ ਦੌਰਾਨ ਜ਼ਖਮੀ ਹੋ ਗਿਆ। ਉਸਨੂੰ ਮੈਕਸੀਕੋ ਸਿਟੀ ਲਿਜਾਇਆ ਜਾ ਰਿਹਾ ਸੀ, ਪਰ ਰਸਤੇ ਵਿੱਚ ਹੀ ਉਸਦੀ ਮੌਤ ਹੋ ਗਈ। ਇਸ ਕਾਰਵਾਈ ਵਿੱਚ ਮੇਂਚੋ ਤੋਂ ਇਲਾਵਾ ਨੌਂ ਹੋਰ ਅਪਰਾਧੀ ਵੀ ਮਾਰੇ ਗਏ ਸਨ। ਨਿਊਯਾਰਕ ਟਾਈਮਜ਼ ਦੀ ਇੱਕ ਰਿਪੋਰਟ ਦੇ ਅਨੁਸਾਰ, ਐਲ ਮੇਂਚੋ ਜੈਲਿਸਕੋ ਨਿਊ ਜਨਰੇਸ਼ਨ ਕਾਰਟੈਲ ਦਾ ਨੇਤਾ ਸੀ। ਜੈਲਿਸਕੋ ਕਾਰਟੈਲ ਮੈਕਸੀਕੋ ਵਿੱਚ ਨਸ਼ੀਲੇ ਪਦਾਰਥਾਂ ਦੇ ਨਿਰਮਾਣ ਅਤੇ ਵੇਚਣ, ਸਥਾਨਕ ਕਾਰੋਬਾਰਾਂ ਤੋਂ ਪੈਸੇ ਵਸੂਲਣ ਅਤੇ ਕਈ ਖੇਤਰਾਂ ਵਿੱਚ ਲੋਕਾਂ ਨੂੰ ਡਰਾਉਣ ਲਈ ਬਦਨਾਮ ਹੈ। ਇਸ ਕਾਰਟੈਲ ਦੀ ਅਮਰੀਕਾ ਦੇ ਸਾਰੇ 50 ਰਾਜਾਂ ਵਿੱਚ ਮੌਜੂਦਗੀ ਹੈ। ਅਮਰੀਕੀ ਸਰਕਾਰ ਨੇ ਐਲ ਮੇਂਚੋ ਉੱਤੇ 136 ਕਰੋੜ (ਯੂਐਸ$1.36 ਬਿਲੀਅਨ) ਦਾ ਇਨਾਮ ਰੱਖਿਆ ਸੀ। ਅਮਰੀਕੀ ਰਾਸ਼ਟਰਪਤੀ ਟਰੰਪ ਕੁਝ ਸਮੇਂ ਤੋਂ ਮੈਕਸੀਕੋ ਉੱਤੇ ਐਲ ਮੇਂਚੋ ਵਿਰੁੱਧ ਕਾਰਵਾਈ ਕਰਨ ਲਈ ਦਬਾਅ ਪਾ ਰਹੇ ਸਨ।

Jaspreet Singh
Attorney-At-Law
Loan Modification
Bankruptcy, Immigration, Political Asylum, Deportation, Defense, Citizenship, L-1, H-1, Family Law, Divorce
Fremont:
44790 S, GRIMMER BLVD #204, FREMONT, CA 94538
Phone: 510-657-6444, Fax: 510-657-6443
Fresno:
4491 W, Shaw Ave. Suit No. 3008 (Near Costco), Fresno, CA 93722
Phone: 599-271-5511

Law Offices of
Ashwani K.Bhakhri
1299 Bayshore Hwy Suite 208
Burlingame, CA 94010
ਸੜਕ ਹਾਦਸਾ ਹੋਣ ਜਾਂ ਕਿਸੇ ਟਰੱਕ ਨਾਲ ਹਾਦਸਾ ਹੋਣ ਜਾਂ ਕੰਮ ਦੌਰਾਨ ਸੱਟ ਲੱਗਣ 'ਤੇ ਵਰਕਰ ਮੁਆਵਜ਼ਾ ਲੈਣ ਲਈ ਵਕੀਲ ਦੀ ਲੋੜ ਹੋਵੇ ਤਾਂ ਸਾਡੇ ਨਾਲ ਸੰਪਰਕ ਕਰੋ
ਤੁਸੀਂ ਆਪਣੇ ਇਮੀਗ੍ਰੇਸ਼ਨ ਦੇ ਕੇਸਾਂ ਬਾਰੇ ਵੀ ਸਾਡੇ ਤੋਂ ਸੇਵਾਵਾਂ ਲੈ ਸਕਦੇ ਹੋ
(650) 685-6334
(916) 379-9700
(209) 666-4220
Ashwani Kumar Bhakhri
Attorney at Law
www.bhakhrilawfirm.us
bhakhrilawfirm@gmail.com

LAMBA VIDEO
★ Weddings ★ Birthdays ★ Photo Shoots
HD Quality
Wedding Videos
Pre Wedding Shoots
Packages fit to your budget
Contact: Barjesh 209-541-0641
Email: lambavideoproduction@yahoo.com

RE/MAX EXECUTIVE
ਨਵਾਂ ਜਾਂ ਪੁਰਾਣਾ ਘਰ ਖਰੀਦਣ ਜਾਂ ਵੇਚਣ ਲਈ ਅੱਜ ਹੀ ਸੰਪਰਕ ਕਰੋ।
Kirandeep Kaur
Realtor®
ਤੁਸੀਂ ਸਾਡੇ ਨਾਲ ਹਿੰਦੀ ਅਤੇ ਪੰਜਾਬੀ ਭਾਸ਼ਾ 'ਚ ਵੀ ਗੱਲ ਕਰ ਸਕਦੇ ਹੋ।
Contact : Cell (209) 550-1704
220 - A Standiford Ave, Modesto, CA 95350, kkaur@mycvre.com
EACH OFFICE IS INDEPENDENTLY OWNED AND OPERATED

Mann & Associates Insurance Services, Inc.
Medicare Supplement Plans
• Life • Health • Travel • Medicare • Trucking • ਲਾਈਫ • ਹੈਲਥ • ਟ੍ਰੈਵਲ • ਮੈਡੀਕੇਅਰ • ਟਰੱਕਿੰਗ
Inderjeet Singh Mann
CA Lic# 0H82488
Anthem
Certified Insurance Agent
Ph.: (916) 900-2000

Space availabe for Ad
Contact #
+1 (209) 303-1260

Space availabe for Ad
Contact #
+1 (209) 303-1260

THE JRP GROUP
A Tradition of Real Estate Excellence
SERVING CALIFORNIA FOR RESIDENTIAL REAL ESTATE NEEDS
ਘਰ ਖਰੀਦਣ ਜਾਂ ਵੇਚਣ ਲਈ ਅੱਜ ਹੀ ਸੰਪਰਕ ਕਰੋ
Simranveer Singh
Realtor
The JRP Group
Ph: (414) 551-0530
DRE #02114137

Pal Films Production
All Your Photo/Videography & Post Production needs Under One Roof
Music Video | Pre Shoots | Weddings | Birthdays
Graduations | Stage Shows Or Any Kind Of Events
Customize Photobooks (upto 6 feet)
Video Editing VFX/DI/CC & Much More....
Full Photo & Videography studio with Green Screen/Blue Screen
(925) 489-3400, (341) 356-1517
palfilms925@gmail.com www.thepalfilms.com

# JRP REALTY GROUP

A TRADITION OF REAL ESTATE EXCELLENCE

**SERVING CALIFORNIA FOR COMMERCIAL REAL ESTATE NEEDS**

Specializing in all Types of Commercial Proprtries

**Gas Stations, Apartments, Commercial Buildings, Liquor stores and Land**

CALL TODAY TO BUY/SELL YOUR REAL ESTATE/ BUSINESS



**Jaswant S.Pannu**
Office: 209-900-1994
Cell: 408-340-0157
jaswantpannu@yahoo.com



**Raman Singh**
Cell: 209-605-6500
Office: 209-213-5811
BRE #10889002

We provide the best in class evaluation for your real estate/business to maximize the profits for you

We do commercial loans for businesses, gas stations, lands and commercial properties




For more properties or business, contact us.





**LOVEPREET KAUR**
NMLS #1473924
Office: 209-900-1994
209-497-4588
lkaur@lendingassets.com

24 ਘੰਟਿਆਂ 'ਚ Pre-Approvals ਪ੍ਰਾਪਤ ਕਰੋ

# LENDINGASSETS
Elevating Your Mortgage Experience

## Home Loan ਘਰਾਂ ਦੇ ਲੋਨ


- ★ Minimun credit score 580
- ★ Short sales/Foreclosures/Bankruptcy No problem
- ★ FHA, conventional and ARM loans
- ★ Hard Money Loans
- ★ Second Mortgage
- ★ High Balance and Jumbo loans
- ★ "Second Mortgage" with Equity line of Credit
- ★ Refinance
- ★ Refinance/Cash out ਵੀ ਕਰਦੇ ਹਾਂ ਜੇਕਰ ਤੁਹਾਨੂੰ ਪੈਸੇ ਦੀ ਜਰੂਰਤ ਹੈ

EQUAL HOUSING OPPORTUNITY

- ★ ਸਾਡੇ ਕੋਲ ਹਰ ਤਰ੍ਹਾਂ ਦੇ ਲੋਨ ਪ੍ਰੋਡਕਟ ਹਨ, ਜੋ ਕਿ ਤੁਹਾਨੂੰ ਘਰ ਲੈਣ ਵਿਚ ਮਦਦ ਕਰਦੇ ਹਨ
- ★ ਅਸੀਂ Homes, Condos, Duplexes, Triplexes ਅਤੇ Fourplexes 'ਤੇ ਲੋਨ ਦਿੰਦੇ ਹਾਂ

ਪ੍ਰੀ ਅਪਰੂਵਲ ਜਾਂ ਰੀ-ਫਾਈਨਾਂਸ ਲਈ ਅੱਜ ਹੀ ਕਾਲ ਕਰੋ

**Refinance @2.75% APR or lower**



**Apply online at www.lendingassets.com and check out the live lowest rates on our website**




# NAV INDIAN MERCHANDISE GROCERY STORE

**3230 MITCHELL ROAD, STE, C, CERES, CA 95307**



ਇੱਥੇ ਪੱਗਾਂ, ਜਵੈਲਰੀ, ਧਾਰਮਿਕ ਫੋਟੋਆਂ, ਰੁਮਾਲਾ ਸਾਹਿਬ, ਪੂਜਾ ਦੀ ਸਮੱਗਰੀ, ਦਾਲਾਂ, ਨਮਕੀਨ, ਇੰਡੀਅਨ ਮੇਡ ਸਪੈਸ਼ਲ ਬਿਸਕੁਟ, ਤਾਜ਼ੀਆਂ ਸਬਜ਼ੀਆਂ, ਫਰੋਜ਼ਨ ਸਬਜ਼ੀਆਂ ਤੇ ਨਾਲ ਹੀ ਖਰੀਦਦਾਰੀ ਕਰ ਸਕਦੇ ਹੋ ਇੰਡੀਅਨ, ਪਾਕਿਸਤਾਨੀ ਤੇ ਫਰੋਜ਼ਨ ਗਰੌਸਰੀ ਦੀ।





ਤਿਓਹਾਰਾਂ ਵਿੱਚ ਆਪਣੇ ਘਰ ਨੂੰ ਬਿਹਤਰੀਨ ਬਨਾਉਣ ਲਈ ਖਰੀਦ ਸਕਦੇ ਹੋ ਸਜਾਵਟ ਦਾ ਸਮਾਨ

**ਇੱਕ ਵਾਰ Visit ਜ਼ਰੂਰ ਕਰੋ।**





Ria MONEY TRANSFER

**INDIA**
**ਪੈਸੇ ਭੇਜਣ ਲਈ**
**RIA MONEY TRANSFER ਦੀਆਂ ਸੇਵਾਵਾਂ ਤੁਸੀਂ ਸਾਡੇ ਸਟੋਰ ਤੋਂ ਲੈ ਸਕਦੇ ਹੋ**



**Contact Number**

# +1 (209) 537-5702

ਸਾਂਝੀ ਸੋਚ
SANJHI SOCH

www.sanjhisoch.com

PATTRON: HARJIT BASI

MANAGEMENT



PRESIDENT & CHIEF EDITOR
BOOTA SINGH BASI

SUB EDITOR (CHICAGO, IL OFFICE)
LOVJYOT VIRDI

GENERAL MANAGER
RAVINDER SINGH DHILLON

RESIDENT EDITOR (INDIA)
DR. RAJINDER RIKHI

DISCLAIMER

ਸਾਂਝੀ ਸੋਚ ਵਿਚ ਛਪੇ ਕਿਸੇ ਵੀ ਇਸ਼ਤਿਹਾਰ ਵਿਚ ਕੀਤੇ ਦਾਅਵਿਆਂ ਬਾਰੇ ਸਾਂਝੀ ਸੋਚ ਦੀ ਮੈਨੇਜਮੈਂਟ ਅਤੇ ਸੰਪਾਦਕਾਂ ਦੀ ਕੋਈ ਜ਼ਿੰਮੇਵਾਰੀ ਨਹੀਂ ਹੈ। ਇਸ਼ਤਿਹਾਰਾਂ ਵਾਲੀਆਂ ਕੰਪਨੀਆਂ ਨਾਲ ਲੈਣ-ਦੇਣ ਵਾਲੇ ਵਿਅਕਤੀ ਖੁਦ ਜ਼ਿੰਮੇਵਾਰ ਹੋਣਗੇ। ਸਾਂਝੀ ਸੋਚ ਵਿਚ ਛਪੇ ਲੇਖਾਂ ਵਿਚਲੇ ਵਿਚਾਰਾਂ ਨਾਲ ਅਦਾਰਾ ਸਾਂਝੀ ਸੋਚ ਦਾ ਸਹਿਮਤ ਹੋਣਾ ਜ਼ਰੂਰੀ ਨਹੀਂ ਹੈ।

DISPUTES ARE SUBJECT TO SUPERIOR COURTS OF STANISLAUS COUNTY OF CALIFORNIA, USA

SANJHI SOCH

DAILY NEWSPAPER

2601 Oakdale Road,
Suite H2-167 Modesto,
CA 95355 USA

Cell: (209) 303-1260

Email: info@sanjhisoch.com

Visit at: www.sanjhisoch.com

# ਦੱਖਣ, ਪੂਰਬੀ ਰਾਜਾਂ ਵਿੱਚ ਚੋਣਾਂ ਦਾ ਘਮਸਾਣ



ਗੁਰਮੀਤ ਸਿੰਘ ਪਲਾਹੀ
98158-02070

ਭਾਰਤ ਦੇ ਪੂਰਬੀ ਹਿੱਸੇ ਦੇ ਮਹੱਤਵਪੂਰਣ ਸੂਬੇ ਪੱਛਮੀ ਬੰਗਾਲ ਵਿੱਚ ਸਿਆਸੀ ਧਿਰ ਤ੍ਰਿਮੂਲ ਕਾਂਗਰਸ ਦੀ ਤਿੰਨ ਵਾਰ ਚੁਣੀ ਗਈ ਮੁੱਖ ਮੰਤਰੀ ਚੋਣ ਮੋਰਚੇ 'ਤੇ ਅਡਿੱਗ ਖੜੀ ਦਿਖਾਈ ਦੇ ਰਹੀ ਹੈ, ਜਦਕਿ ਦੇਸ਼ ਦੇ ਦੱਖਣੀ ਸੂਬੇ ਤਮਿਲਨਾਡੂ 'ਚ ਡੀ.ਐੱਮ.ਕੇ. ਅਤੇ ਅੰਨਾ.ਡੀ.ਐੱਮ.ਕੇ. ਵਿਚਕਾਰ ਸਖ਼ਤ ਟੱਕਰ ਹੈ। ਭਾਜਪਾ ਬੰਗਾਲ ਵਿੱਚ ਕਿਸੇ ਮਜ਼ਬੂਤ ਚਿਹਰੇ ਦੀ ਤਲਾਸ਼ ਵਿੱਚ ਹੈ।ਬੰਗਾਲ ਦੀ ਸਿਆਸੀ ਹਵਾ ਵਿੱਚ ਮਹਿਲਾ, ਮੁਸਲਿਮ, ਮਸਜਿਦ, ਮੰਦਰ, ਮਟਨ, ਮੱਛਲੀ, ਮਨੀ ਪਾਵਰ, ਮਸਲ ਪਾਵਰ, ਮਮਤਾ ਅਤੇ ਮੋਦੀ ਹਾਵੀ ਹਨ। ਤ੍ਰਿਮੂਲ ਕਾਂਗਰਸ ਦੀ ਕੋਸ਼ਿਸ਼ ਚੋਣਾਂ ਵਿੱਚ ਦੀਦੀ ਬਨਾਮ ਮੋਦੀ ਬਣਾਉਣ ਦੀ ਹੈ, ਜਦਕਿ ਮੁੱਖ ਮੁਕਾਬਲੇ ਵਿੱਚ ਖੜੀ ਭਾਜਪਾ ਚੋਣਾਂ, ਹਿੰਦੂ-ਮਸਲਿਮ ਘੁਸਪੈਂਠ ਅਤੇ ਭ੍ਰਿਸ਼ਟਾਚਾਰ ਦੇ ਮੁੱਦੇ 'ਤੇ ਲੜਨ ਦੀ ਚਾਹਵਾਨ ਹੈ।ਦੱਖਣ ਦੇ ਮਹੱਤਵਪੂਰਨ ਸੂਬੇ ਤਾਮਿਲਨਾਡੂ 'ਚ ਪਿਛਲੇ ਪੰਜ ਦਹਾਕਿਆਂ ਤੋਂ ਕੋਈ ਵੀ ਰਾਸ਼ਟਰ ਪਾਰਟੀ ਸੂਬਾ ਸਰਕਾਰ ਨਾ ਬਣਾ ਸਕੀ ਅਤੇ ਨਾ ਹੀ ਕਿਸੇ ਗਠਬੰਧਨ ਦੇ ਬਾਵਜੂਦ ਸੱਤਾ 'ਚ ਸ਼ਾਮਲ ਹੋ ਸਕੀ ਹੈ। ਡੀ.ਐੱਮ.ਕੇ. ਅਤੇ ਅੰਨਾ ਡੀ.ਐੱਮ.ਕੇ. 'ਚ ਸੂਬੇ ਦੀ ਸੱਤਾ ਲਈ ਲੜਾਈ ਹੁੰਦੀ ਰਹੀ ਹੈ।ਮਈ 2026 ਵਿੱਚ ਦੱਖਣੀ ਸੂਬਿਆਂ ਕੇਰਲਾ ਅਤੇ ਤਾਮਿਲਨਾਡੂ 'ਚ ਵਿਧਾਨ ਸਭਾ ਚੋਣ ਹੈ। ਕੇਰਲ ਵਿੱਚ ਖੱਬੀ ਲੋਕਤੰਤਰਿਕ ਧਿਰ ਅਤੇ ਤਾਮਿਲਨਾਡੂ 'ਚ ਡੀ.ਐੱਮ.ਕੇ, ਦਾ ਰਾਜ-ਭਾਗ ਹੈ। ਪੂਰਬੀ ਸੂਬੇ ਬੰਗਾਲ ਵਿੱਚ ਚੋਣਾਂ ਮਈ 'ਚ ਤਹਿ ਹਨ। ਉੱਤਰੀ ਪੂਰਬੀ ਸੂਬੇ ਅਸਾਮ ਅਤੇ ਪਾਂਡੀਚੇਰੀ 'ਚ ਵਿਧਾਨ ਸਭਾ ਚੋਣਾਂ ਮਈ 2026 'ਚ ਨਿਰਧਾਰਤ ਹਨ। ਅਸਾਮ 'ਚ ਭਾਜਪਾ ਅਤੇ ਪਾਂਡੀਚੇਰੀ 'ਚ ਆਲ ਇੰਡੀਆ ਐਨ.ਆਰ. ਕਾਂਗਰਸ ਅਤ ਭਾਜਪਾ ਭਾਈਵਾਲੀ ਨਾਲ ਰਾਜ ਕਰ ਰਹੇ ਹਨ।

ਭਾਰਤੀ ਚੋਣ ਕਮਿਸ਼ਨ ਵੱਲੋਂ ਐੱਸ.ਆਈ.ਆਰ. ਕਾਰਨ ਸਿਆਸੀ ਪਾਰਾ ਵਧਦਾ ਰਿਹਾ। ਸੂਬੇ ਦਾ ਪੱਖ ਪੇਸ਼ ਕਰਨ ਲਈ ਮੁੱਖ ਮੰਤਰੀ ਮਮਤਾ ਬੈਨਰਜੀ ਦੇਸ਼ ਦੀ ਸਰਵਉੱਚ ਅਦਾਲਤ ਸੁਪਰੀਮ ਕੋਰਟ ਵਿੱਚ ਨਿੱਜੀ ਤੌਰ 'ਤੇ ਪੇਸ਼ ਹੋਈ, ਕਿਉਂਕਿ ਭਾਜਪਾ ਵੱਲੋਂ ਤ੍ਰਿਮੂਲ ਕਾਂਗਰਸ ਨੂੰ ਪ੍ਰੇਸ਼ਾਨ ਕਰਨ ਲਈ ਅਤੇ ਰਾਜ ਸ਼ਕਤੀ ਪ੍ਰਾਪਤ ਕਰਨ ਲਈ ਪੂਰਾ ਤਾਣ ਲਗਾਇਆ ਜਾ ਰਿਹਾ ਹੈ। ਇਸ ਵੇਲੇ ਟੱਕਰ ਵੀ ਤ੍ਰਿਮੂਲ ਕਾਂਗਰਸ ਅਤੇ ਭਾਜਪਾ ਵਿਚਕਾਰ ਹੈ। ਕਦੇ ਇਹ ਟੱਕਰ ਕਾਂਗਰਸ ਅਤੇ ਖੱਬੀਆਂ ਧਿਰਾਂ ਦਰਮਿਆਨ ਹੋਇਆ ਕਰਦੀ ਸੀ। ਖੱਬੀਆਂ ਧਿਰਾਂ ਨੇ ਬੰਗਾਲ 'ਚ 34 ਸਾਲ ਰਾਜ ਕੀਤਾ। ਖੱਬੀ ਧਿਰ ਦਾ ਰਾਜ ਖ਼ਤਮ ਕਰਕੇ ਮਮਤਾ ਬੈਨਰਜੀ ਡੇਢ ਦਹਾਕੇ ਤੋਂ ਸੱਤਾ 'ਚ ਹੈ। ਕੁੱਲ ਮਿਲਾਕੇ 294 ਸੀਟਾਂ ਵਿੱਚੋਂ 213 ਸੀਟਾਂ 'ਤੇ ਕਾਬਜ਼ ਹੈ।ਸਾਲ 2021 ਵਿਧਾਨ ਸਭਾ ਚੋਣ ਸਮੇਂ ਟੀ.ਐੱਮ.ਸੀ. ਨੇ 48.5 ਫ਼ੀਸਦੀ ਵੋਟ ਲਈ ਅਤੇ ਭਾਜਪਾ ਨੇ 38.5 ਫ਼ੀਸਦੀ ਵੋਟ ਪ੍ਰਾਪਤ ਕਰਕੇ 77 ਸੀਟਾਂ ਜਿੱਤੀਆਂ, ਕਾਂਗਰਸ ਅਤੇ ਖੱਬੀ ਧਿਰ ਨੂੰ ਕੋਈ ਵੀ ਸੀਟ ਨਾ ਮਿਲੀ। ਕਾਂਗਰਸ ਨੂੰ ਤਿੰਨ ਫ਼ੀਸਦੀ ਅਤੇ ਖੱਬੀ ਧਿਰ ਨੂੰ 2.7 ਫ਼ੀਸਦੀ ਵੋਟ ਮਿਲੇ ਸਨ। ਮਮਤਾ ਬੈਨਰਜੀ ਸਰਕਾਰ ਦੇ ਸਾਹਮਣੇ ਇਸ ਵੇਲੇ ਵੱਡੀਆਂ ਚੁਣੌਤੀਆਂ ਹਨ। ਉਸਦੇ ਕਈ ਮੰਤਰੀ ਭ੍ਰਿਸ਼ਟਾਚਾਰ, ਭਰਤੀ ਘੁਟਾਲੇ ਕਾਰਨ ਵੱਡੀ ਚਰਚਾ 'ਚ ਹੈ। ਪਰ ਐੱਸ.ਆਈ.ਆਰ. ਦੇ ਮੁੱਦੇ 'ਤੇ ਤ੍ਰਿਮੂਲ ਕਾਂਗਰਸ ਦੇ ਵਰਕਰ ਪਿੰਡਾਂ, ਸ਼ਹਿਰਾਂ 'ਚ ਪੂਰੀ ਤਰ੍ਹਾਂ ਸਰਗਰਮ ਹਨ। ਉੱਧਰ ਭਾਜਪਾ ਵਰਕਰ ਪੂਰੀ ਤੇਜ਼ੀ ਨਾਲ ਹੁਣੇ ਤੋਂ ਹੀ ਵੋਟਰਾਂ ਕੋਲ ਘਰ-ਘਰ ਜਾ ਕੇ ਪ੍ਰਚਾਰ ਆਰੰਭ ਕਰ ਚੁੱਕੇ ਹਨ। ਭਾਵੇਂ ਤ੍ਰਿਮੂਲ ਕਾਂਗਰਸ ਅਤੇ ਭਾਜਪਾ ਸਿੱਧੀ ਟੱਕਰ ਵਿੱਚ ਹਨ, ਪਰ ਲੋਕ ਸਭਾ ਚੋਣਾਂ ਵੇਲੇ ਕਾਂਗਰਸ ਨੂੰ ਐੱਮ.ਪੀ. ਦੀ ਇੱਕ ਸੀਟ ਮਿਲੀ ਸੀ ਅਤੇ ਪੂਰੇ ਰਾਜ ਵਿੱਚ ਉਸ ਦੀ ਵੋਟ ਪ੍ਰਤੀਸ਼ਤ 15.7 ਹੋ ਗਈ। ਜਦ ਕਿ ਟੀ.ਐੱਮ.ਸੀ. 46.2 ਫ਼ੀਸਦੀ ਅਤੇ ਭਾਜਪਾ 39.1 ਫ਼ੀਸਦੀ ਵੋਟ ਪ੍ਰਾਪਤ ਕਰ ਸਕੀ। ਟੀ.ਐੱਮ.ਸੀ. ਨੇ 29 ਲੋਕ ਸਭਾ ਸੀਟਾਂ, ਭਾਜਪਾ ਨੇ 12 ਸੀਟਾਂ ਅਤੇ ਕਾਂਗਰਸ ਨੇ ਇੱਕ ਸੀਟ ਜਿੱਤੀ। ਲੋਕ ਸਭਾ ਦੀਆਂ ਬੰਗਾਲ 'ਚ ਕੁੱਲ 42 ਸੀਟਾਂ ਹਨ।ਦੂਜੇ ਪਾਸੇ ਦੱਖਣੀ ਰਾਜ ਤਾਮਿਲਨਾਡੂ 'ਚ ਡੀ.ਐੱਮ.ਕੇ. ਅਤੇ ਅੰਨਾ ਡੀ.ਐੱਮ.ਕੇ. ਦੇ ਦਰਮਿਆਨ ਜਦੋਂ 2021 'ਚ ਵਿਧਾਨ ਸਭਾ ਚੋਣ ਯੁੱਧ ਹੋਇਆ ਤਾਂ ਡੀ.ਐੱਮ.ਕੇ. 133, ਅੰਨਾ ਡੀ.ਐੱਮ.ਕੇ. 66 ਸੀਟਾਂ ਲਿਜਾ ਸਕੀ। ਡੀ.ਐੱਮ.ਕੇ. ਨੇ 37.70 ਫ਼ੀਸਦੀ ਅਤੇ ਅੰਨਾ ਡੀ.ਐੱਮ.ਕੇ. ਨੇ 33.23 ਫ਼ੀਸਦੀ ਵੋਟ ਪ੍ਰਾਪਤ ਕੀਤੇ ਜਦ ਕਿ ਕਾਂਗਰਸ 18 ਸੀਟਾਂ ਲੈ ਕੇ 4.27 ਫ਼ੀਸਦੀ, ਭਾਜਪਾ 04 ਸੀਟਾਂ ਲੈ ਕੇ 2.62 ਫ਼ੀਸਦੀ ਵੋਟ ਲਿਜਾ ਸਕੀ ਸੀ। ਲੋਕ ਸਭਾ ਦੀਆਂ 39 ਸੀਟਾਂ ਵਿੱਚ 22 ਡੀ.ਐੱਮ.ਕੇ., ਕਾਂਗਰਸ 09, ਸੀ.ਪੀ.ਐੱਮ. 02, ਅਤੇ ਹੋਰ 06 ਸੀਟਾਂ ਪ੍ਰਾਪਤ ਕਰ ਸਕੇ ਪਰ ਅੰਨਾ ਡੀ.ਐੱਮ.ਕੇ. 20.7 ਫ਼ੀਸਦੀ ਵੋਟ ਬੈਂਕ ਲੈ ਕੇ ਵੀ ਕੋਈ ਸੀਟ ਨਾ ਜਿੱਤ ਸਕੀ। ਵਿਧਾਨ ਸਭਾ ਚੋਣਾਂ 'ਚ ਏ.ਆਈ. ਡੀ.ਐੱਮ.ਕੇ. ਅਤੇ ਭਾਜਪਾ ਇਕੱਠਿਆਂ ਚੋਣ ਲੜੇਗੀ। ਜਦ ਕਿ ਡੀ.ਐੱਮ.ਕੇ. ਅਤੇ ਕਾਂਗਰਸ ਦਾ ਗੱਠਜੋੜ ਸੀਟਾਂ ਦੀ ਆਪਸੀ ਵੰਡ ਨਾਲ ਚੋਣ ਲੜੇਗਾ। ਸੂਬੇ ਵਿੱਚ ਅੰਨਾ ਡੀ.ਐੱਮ.ਕੇ. ਤੇ ਭਾਜਪਾ ਭ੍ਰਿਸ਼ਟਾਚਾਰ, ਰੁਜ਼ਗਾਰ, ਪਰਿਵਾਰਵਾਦ ਦੋਸ਼ ਲਗਾ ਰਹੇ ਹਨ ਜਦ ਕਿ ਸੱਤਾ ਧਿਰ ਡੀ.ਐੱਮ.ਕੇ. ਆਪਣੀ ਲੋਕ-ਹਿਤੈਸ਼ੀ ਸਕੀਮ ਅਤੇ ਕੇਂਦਰ ਵੱਲੋਂ ਸੂਬੇ ਵਿੱਚ ਹਿੰਦੀ ਨੂੰ ਜ਼ਬਰੀ ਥੋਪਣ, ਐੱਸ.ਆਈ.ਆਰ. ਅਤੇ ਸੂਬੇ ਨਾਲ ਲਗਾਤਾਰ ਵਿਤਕਰਿਆਂ ਨੂੰ ਚੋਣ ਮੁੱਦਾ ਬਣਾ ਰਹੀ ਹੈ।ਤਾਮਿਲਨਾਡੂ ਉਹ ਰਾਜ ਹੈ, ਜਿੱਥੇ ਫਿਲਮੀ ਅਦਾਕਾਰਾ ਜੈ ਲਲਿਤਾ ਨੇ ਲੰਮਾ ਸਮਾਂ ਰਾਜ ਕੀਤ। ਤਾਮਿਲਨਾਡੂ 'ਚ ਇਸ ਵਾਰ ਇੱਕ ਤੀਜੀ ਧਿਰ ਦੋ ਸਾਲ ਪੁਰਾਣੀ ਟੀ.ਵੀ.ਕੇ. ਅਦਾਕਾਰ ਥਲਾਪਤੀ ਵਿਜੈ ਦੀ ਅਗਵਾਈ 'ਚ ਚੋਣ ਚੁਣੌਤੀ ਪੇਸ਼ ਕਰ ਰਹੀ ਹੈ, ਜਿਸ ਨਾਲ ਤਿਕੋਣਾ ਮੁਕਾਬਲਾ ਹੋਣ ਦੀ ਸੰਭਾਵਨਾਵਾਂ ਬਣੀਆਂ ਹੋਈਆਂ ਹਨ। ਭਾਵੇਂ ਕਿ ਰਜਨੀਕਾਂਤ ਅਤੇ ਕਮਲ ਹਸਨ ਦੀਆਂ ਕੋਸ਼ਿਸ਼ਾਂ ਸਫ਼ਲ ਨਹੀਂ ਹੋਈਆਂ, ਪਰ ਅਦਾਕਾਰ ਥਲਾਪਤੀ ਵਿਜੈ ਦੀ ਵੱਡੀ ਚਰਚਾ ਅਤੇ ਲੋਕ ਪ੍ਰਿਯਤਾ ਹੈ।ਤਾਮਿਲਨਾਡੂ 'ਚ ਕਰੂਰ ਰੈਲੀ 'ਚ 41 ਲੋਕਾਂ ਦੀ ਥਲਾਪਤੀ ਵਿਜੈ ਦੀ ਬਹਿਤ ਵੱਡੀ ਰੈਲੀ 'ਚ ਭਗਦੜ ਕਾਰਨ ਮੌਤ ਹੋ ਗਈ, ਪਰ ਲੋਕ ਇਸ ਹਾਦਸੇ 'ਚ ਡੀ.ਐੱਮ.ਕੇ. ਸਰਕਾਰ ਦੀ ਗ਼ੈਰ-ਜ਼ਿੰਮੇਵਾਰੀ ਮਨ ਰਹੇ ਹਨ। ਉਂਞ ਦੱਖਣੀ ਤਾਮਿਲਨਾਡੂ ਅਤੇ ਨੌਜਵਾਨਾਂ 'ਚ ਟੀ.ਵੀ.ਕੇ. ਦਾ ਪ੍ਰਭਾਵ ਹੈ ਅਤੇ ਉਸ ਵੱਲੋਂ 15 ਫ਼ੀਸਦੀ ਵੋਟਾਂ ਲੈ ਜਾਣ ਦੀ ਸੰਭਾਵਨਾ ਹੈ।ਦੱਖਣੀ ਰਾਜ ਕੇਰਲਾ 'ਚ ਰਾਜ-ਭਾਗ ਸੀ.ਪੀ.ਐੱਮ. ਅਤੇ ਖੱਬੇ ਫਰੰਟ ਦੇ ਕੋਲ ਹੈ। 2021 'ਚ 140 ਵਿੱਚ 99 ਸੀਟਾਂ ਇਸ ਫਰੰਟ ਨੇ ਜਿੱਤੀਆਂ। 2024 ਦੀਆਂ ਲੋਕ ਸਭਾ ਚੋਣਾਂ 'ਚ ਇੰਡੀਆ ਫਰੰਟ, ਜਿਸ ਵਿੱਚ ਕਾਂਗਰਸ ਤੇ ਖੱਬੀਆਂ ਧਿਰਾਂ ਸ਼ਾਮਲ ਸਨ। ਕੁੱਲ 20 ਲੋਕ ਸਭਾ ਸੀਟਾਂ ਵਿੱਚੋਂ 19 ਸੀਟਾਂ ਜਿੱਤੀਆਂ ਅਤੇ ਐਨ.ਡੀ.ਏ. ਨੇ ਸਿਰਫ਼ ਇੱਕ। ਕਾਂਗਰਸ ਨੇ 14, ਸੀ.ਪੀ.ਐੱਮ. ਇੱਕ ਤੇ ਹੋਰ ਭਾਈਵਾਲ ਚਾਰ ਸੀਟਾਂ ਜਿੱਤੇ ਜਦ ਕਿ ਭਾਜਪਾ ਇੱਕ ਸੀਟ ਹੀ ਲੈ ਜਾ ਸਕੀ। ਕੇਰਲ 'ਚ ਮੁਕਾਬਲਾ ਖੱਬੀਆਂ ਧਿਰਾਂ ਫਰੰਟ, ਜਿਸ ਵਿੱਚ ਸੀਪੀ.ਐੱਮ.,ਸੀ.ਪੀ.ਆਈ., ਕੇਰਲਾ ਕਾਂਗਰਸ ਦਰਮਿਆਨ ਅਤੇ ਯੂਨਾਈਟਿਡ ਡੈਮੋਕਰੇਟਿਕ ਫਰੰਟ ਦਰਮਿਆਨ ਹੈ, ਜਿਸ ਵਿੱਚ ਕਾਂਗਰਸ, ਆਰ.ਐੱਸ.ਪੀ., ਇੰਡੀਅਨ ਯੂਨੀਅਨ ਮੁਸਲਿਮ ਦਰਮਿਆਨ ਹੈ। ਜਦ ਕਿ ਐੱਨ.ਡੀ.ਏ. ਜਿਸ ਵਿੱਚ ਭਾਰਤੀ ਜਨਤਾ ਪਾਰਟੀ ਸ਼ਾਮਲ ਹੈ, ਵੀ ਇੱਕ ਧਿਰ ਹੈ। ਚੋਣਾਂ 'ਚ ਬੇਰਜ਼ੁਗਾਰੀ, ਭ੍ਰਿਸ਼ਟਾਚਾਰ ਘੱਟ ਗਿਣਤੀਆਂ ਦੇ ਹਿੱਤ ਮੁੱਖ ਮੁੱਦੇ ਹਨ। ਇਸ ਸੂਬੇ 'ਚ ਭਾਜਪਾ ਦਾ ਖ਼ਾਸ ਅਧਾਰ ਵੇਖਣ ਨੂੰ ਨਹੀਂ ਮਿਲਦਾ।ਅਸਾਮ 'ਚ ਭਾਜਪਾ ਅਤੇ ਏ.ਐੱਸ.ਓ.ਐੱਮ. ਵਿਚਕਾਰ ਟੱਕਰ ਰਹਿੰਦੀ ਹੈ। ਇਸ ਸਮੇਂ ਰਾਜ ਭਾਜਪਾ ਦਾ ਹੈ। ਪਾਂਡੀਚੇਰੀ ਵਿੱਚ ਐੱਨ.ਡੀ.ਏ. ਜਿਸ ਵਿੱਚ ਭਾਜਪਾ ਅਤੇ ਏ.ਆਈ.ਐੱਨ.ਆਰ.ਸੀ. ਸ਼ਾਮਲ ਹਨ ਅਤੇ ਐੱਸ.ਪੀ.ਏ., ਜਿਸ ਵਿੱਚ ਡੀ.ਐੱਮ.ਕੇ. ਅਤੇ ਕਾਂਗਰਸ ਸ਼ਾਮਲ ਹਨ, ਵਿੱਚ ਮੁਕਾਬਲਾ ਹੋਏਗਾ। ਭਾਵੇਂ ਕਿ ਨਵੀਂ ਪਾਰਟੀ ਟੀ.ਵੀ.ਕੇ. ਪਾਰਟੀ ਦਾ ਐਕਟਰ ਵਿਜੈ ਦੋਹਾਂ ਫਰੰਟਾਂ ਦੇ ਵਿਚਕਾਰ ਆਪਣੀ ਭੂਮਿਕਾ ਨਿਭਾਉਣ ਲਈ ਤਿਆਰ ਹੈ।ਇਹਨਾਂ ਪੰਜਾਂ ਰਾਜਾਂ ਵਿੱਚ ਕੇਰਲਾ ਨੂੰ ਛੱਡਕੇ ਭਾਜਪਾ ਆਪਣੀ ਵਿਸ਼ੇਸ਼ ਭੂਮਿਕਾ 'ਚ ਹੈ। ਭਾਜਪਾ ਉੱਤੇ ਦੋਸ਼ ਲੱਗ ਰਹੇ ਹਨ ਕਿ ਉਹ ਭਾਰਤੀ ਚੋਣ ਕਮਿਸ਼ਨ ਨੂੰ ਆਪਣੇ ਹਿੱਤ ਵਿੱਚ ਵਰਤਕੇ ਕਿਸੇ ਵੀ ਹੀਲੇ ਖ਼ਾਸ ਕਰਕੇ ਪੱਛਮੀ ਬੰਗਾਲ ਦੀ ਖਾੜਕੂ ਨੇਤਾ ਮਮਤਾ ਬੈਨਰਜੀ ਨੂੰ ਹਰਾਉਣਾ ਚਾਹੁੰਦਾ ਹੈ। ਪ੍ਰਧਾਨ ਮੰਤਰੀ ਨਰੇਂਦਰ ਮੋਦੀ ਦੇ ਬੰਗਾਲ ਦੌਰਿਆਂ ਦਰਮਿਆਨ ਚੋਣ ਮਾਹੌਲ ਭੱਖਵਾਂ ਦਿਖਦਾ ਹੈ।ਚੋਣਾਂ ਜਿੱਤਣ ਲਈ ਹਰ ਸੱਤਾ ਧਾਰੀ ਧਿਰ, ਹਰ ਹਰਵਾ ਵਰਤ ਰਹੀ ਹੈ। ਵਿਰੋਧੀ ਧਿਰਾਂ ਸੁਤੰਤਰ ਤੇ ਨਿਰਪੱਖ ਚੋਣਾਂ ਦੀ ਮੰਗ ਕਰ ਰਹੀਆਂ ਹਨ, ਜਿਸਦਾ ਖ਼ਦਸ਼ਾ ਲਗਾਤਾਰ ਬਣਿਆ ਦਿਖਾਈ ਦਿੰਦਾ ਹੈ। ਪਿਛਲੇ ਦਿਨਾਂ 'ਚ ਬਿਹਾਰ 'ਚ ਸੱਤਾ ਧਿਰ ਨੇ ਕਿਵੇਂ ਵਿਟਰਾਂ ਲਈ ਕੈਸ਼ ਟ੍ਰਾਂਸਫ਼ਰ ਕੀਤਾ ਅਤੇ ਭਾਰਤੀ ਚੋਣ ਕਮਿਸ਼ਨ ਵੱਲੋਂ ਇਸ "ਭ੍ਰਿਸ਼ਟਾਚਾਰ" ਨੂੰ ਨਜ਼ਰ ਅੰਦਾਜ਼ ਕੀਤਾ ਗਿਆ। ਹੈਰਾਨੀ ਦੀ ਗੱਲ ਤਾਂ ਇਹ ਵੀ ਰਹੀ ਕਿ ਜਦੋਂ ਪ੍ਰਸ਼ਾਂਤ ਕਿਸ਼ੋਰ ਦੀ ਜਨ ਪਾਰਟੀ (ਜੇ.ਐੱਸ.ਪੀ.) ਵੱਲੋਂ ਸੁਪਰੀਮ ਕੋਰਟ 'ਚ ਇਸ ਸੰਬੰਧੀ ਪਟੀਸ਼ਨ ਦਾਇਰ ਕੀਤੀ ਗਈ ਤਾਂ ਇਸ ਮਾਮਲੇ ਨੂੰ ਸੁਪਰੀਮ ਕੋਰਟ ਵੱਲੋਂ ਵੀ ਅਣਦੇਖਿਆ ਕੀਤਾ ਗਿਆ। ਕੇ.ਐੱਸ.ਪੀ. ਨੇ ਇਕ ਪਟੀਸ਼ਨ ਦਾਇਰ ਕੀਤੀ ਸੀ। ਉਸ ਵਿੱਚ ਦੋਸ਼ ਲਗਾਇਆ ਗਿਆ ਸੀ ਕਿ "ਮੁੱਖ ਮੰਤਰੀ ਨੇ ਮਹਿਲਾ ਰੁਜ਼ਗਾਰ ਯੋਜਨਾ" ਤਹਿਤ ਮਹਿਲਾ ਲਾਭਪਾਤਰੀਆਂ ਨੂੰ 10,000 ਰੁਪਏ ਟ੍ਰਾਂਸਫ਼ਰ ਕਰਕੇ ਆਦਰਸ਼ ਚੋਣ ਜਾਬਤਾ ਦੀ ਉਲੰਘਣਾ ਕੀਤੀ ਹੈ, ਜਿਸਦੀ ਸ਼ੁਰੂਆਤ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੁਆਰਾ ਵਰਚੁਆਲੀ ਕੀਤੀ ਗਈ। ਕੀ ਇਸ ਕਿਸਮ ਦਾ "ਮਨੀ ਟ੍ਰਾਂਸਫ਼ਰ" ਪਾਂਡੀਚੇਰੀ ਅਤੇ ਅਸਾਮ ਵਿੱਚ ਨਹੀਂ ਹੋਏਗਾ, ਜਿੱਥੇ ਭਾਜਪਾ ਸਰਕਾਰ ਹੈ?

ਭਾਵੇਂ ਕਿ ਪਿਛਲੇ ਦਿਨੀਂ ਸੁਪਰੀਮ ਕੋਰਟ ਨੇ ਵੋਟਾਂ ਪ੍ਰਾਪਤ ਕਰਨ ਲਈ ਮੁਫ਼ਤ ਰਿਉੜੀਆਂ ਵੰਡਣ ਉੱਤੇ ਨਾ ਖ਼ੁਸ਼ੀ ਪ੍ਰਗਟ ਕੀਤੀ ਹੈ, ਪਰ ਇਹ ਚਲਨ ਦੇਸ਼ ਵਿੱਚ ਲਗਾਤਾਰ ਜਾਰੀ ਹੈ। ਉਸ ਤੋਂ ਉੱਪਰ ਭਾਰਤੀ ਚੋਣ ਕਮਿਸ਼ਨ ਦੀ ਐੱਸ.ਆਈ.ਆਰ. ਨੇ ਭਾਰਤੀ ਵੋਟਰਾਂ ਲਈ ਖ਼ਦਸ਼ੇ ਪ੍ਰਗਟ ਕੀਤੇ ਹਨ। ਕਾਬਜ਼ ਸਰਕਾਰੀ ਧਿਰਾਂ ਵੱਲੋਂ ਬੇਵਜਹ ਵੋਟਾਂ ਵੋਟਰ ਸੂਚੀਆਂ ਵਿੱਚੋਂ ਕੱਟੀਆਂ ਗਈਆਂ ਹਨ, ਜਿਸ ਨਾਲ ਲੋਕਾਂ ਵਿੱਚ ਲੋਕਤੰਤਰੀ ਵੋਟ ਪ੍ਰਕਿਰਿਆ ਸੁਖਾਵੀਂ ਬਣਾਈ ਰੱਖਣ ਲਈ ਰੁਕਾਵਟ ਪੈਦਾ ਹੋਈ ਹੈ। ਜਿਵੇਂ ਦੇਸ਼ ਦੀ ਮੁੱਖ ਹਾਕਮ ਧਿਰ ਵੱਲੋਂ ਸੁਤੰਤਰ ਤੇ ਨਿਰਪੱਖ ਚੋਣਾਂ ਦੀ ਯੋਜਨਾ ਬੱਧ ਉਲੰਘਣਾ, ਸਰਕਾਰੀ ਮਸ਼ੀਨਰੀ ਦੀ ਦੁਰਵਰਤੋਂ ਕਰਕੇ ਕੀਤੀ ਜਾ ਰਹੀ ਹੈ ਅਤੇ ਜਿਵੇਂ ਵੋਟਰਾਂ ਨੂੰ ਵਿਆਪਕ ਪ੍ਰੇਰਨਾ ਜਾਂ ਰਿਸ਼ਵਤਖੋਰੀ ਨਾਲ ਪ੍ਰਭਾਵਤ ਕੀਤੇ ਜਾਣ ਦੇ ਅਮਲ ਜਾਰੀ ਹਨ ਉਹ ਭਾਰਤ ਦੇ ਸੰਵਿਧਾਨ ਦੇ ਮੂਲ ਢਾਂਚੇ ਲਈ ਸਿੱਧਾ ਖੋਰਾ ਹਨ।ਦੱਖਣ, ਪੂਰਬੀ ਰਾਜਾਂ ਦੇ ਸੂਝਵਾਨ ਵੋਟਰ ਆਪਣੇ ਵਿਵੇਕ ਅਤੇ ਬੁੱਧੀ ਨਾਲ ਕੀ ਉਹਨਾਂ ਸਾਰੇ ਗ਼ਲਤ ਅਮਲਾਂ ਨੂੰ ਪਿਛਾੜ ਦੇਣਗੇ, ਜਿਸ ਦਾ ਹਮਲਾ ਉਹ ਆਉਣ ਵਾਲੇ ਦਿਨਾਂ 'ਚ ਆਪਣੇ 'ਤੇ ਝੱਲਣਗੇ? ਸਾਮ,ਦਾਮ,ਦੰਡ ਅਤੇ ਧੂੰਆਧਾਰ ਫ਼ਿਰਕੂ ਪ੍ਰਚਾਰ ਉਹਨਾਂ ਦੇ ਇਰਾਦਿਆਂ ਨੂੰ ਕੀ ਦ੍ਰਿੜ ਰੱਖ ਸਕੇਗਾ ਜਾਂ ਫਿਰ ਮੁੱਠੀ ਭਰ "ਸਿੱਧੀ ਨਕਦੀ ਰਕਮ" ਦੇ ਵਹਾਅ ਵਿੱਚ ਵਹਿ ਕੇ ਉਹ ਦੇਸ਼ ਦੀ ਸੰਵਿਧਾਨਕ ਲੋਕਤੰਤਰੀ ਤਾਕਤ ਨੂੰ ਖੇਰੂ-ਖੇਰੂ ਕਰਨ ਵਾਲਿਆਂ ਦੇ ਪੱਖ 'ਚ ਖੜੋ ਜਾਣਗੇ?

**Information in Public Interest**

To listen to Dr.Gurdip Singh Sandhu health education lecture series, go to https://youtu.be/-DUhK3cACEU, Sabrangstation.com ਰੋਜ਼ਾਨਾ ਸ਼ਾਮ 5 ਵਜੇ ਤੋਂ 6 ਵਜੇ ਤੱਕ ਰੇਡੀਓ ਸਭਰੰਗ ਰੇਡੀਓ ਪਰਵਾਜ ਯੂਟਿਊਬ ਅਤੇ ਫੇਸਬੁੱਕ ਉੱਪਰ ਸੋਮਵਾਰ ਰੇਡੀਓ ਪੰਜਾਬ 1310 AM ਸ਼ਾਮ 3.35 ਤੋਂ 3.55 ਪੰਜਾਬੀ ਵਿੱਚ 4.35 ਤੋਂ 4.55 ਹਿੰਦੀ ਵਿੱਚ, ਸਾਂਝੀ ਸੋਚ ਟੀਵੀ ਸੋਮਵਾਰ, ਬੁੱਧਵਾਰ ਅਤੇ ਸ਼ੁਕਰਵਾਰ ਪੰਜਾਬੀ ਵਿੱਚ।

Contact:(408) 687-1899, (925) 587-1148


TAKE CONTROL
OF YOUR HEALTH!
PRIVATE, AFFORDABLE, & CONVENIENT
8000+ TESTS
General Health, Food Allergy Testing, Paternity Testing,
Hormone Testing, Diabetes Monitoring, STD Testing, & More!
NO INSURANCE?
NO PROBLEM!
WALK-INS WELCOME
ਵਧੇਰੇ ਜਾਣਕਾਰੀ ਲਈ ਕਾਲ ਕਰੋ : (209) 629-8282 | (209) 505-6384
Address: 119. Maple AVe, Suite A Manteca, CA 95336

WE HAVE THE CHEAPEST FARES TO INDIA

# LEGEND TRAVEL



arc accredited agency

CST # 207524-40

Special Fares To India From West-coast (us) On Air India Direct Flights



JATINDER SINGH

LOWEST AIRFARES FROM USA TO INDIA

★Travel Insurance ★ Great last Minute Deals ★ Offices in India

ਜੇ ਤੁਹਾਨੂੰ ਕਿਤੋਂ ਵੀ ਟਿਕਟ ਨਾ ਮਿਲੇ ਤਾਂ ਸਾਨੂੰ ਇਕ ਵਾਰ ਫੋਨ ਕਰੋ
ਅਸੀਂ ਸਾਰੀਆਂ ਏਅਰਲਾਈਨਜ਼ ਨਾਲ ਕੰਮ ਕਰਦੇ ਹਾਂ।

CALL US (510) 797-9010

USA OFFICE: 2450 PERALTA BLVD., STE 106-108,
FREMONT CA 94536 PH.: 510-797-9010

Website: www.legendamerica.net

Emirates | Cathay Pacific | Asiana Airlines | Jet Airways | China Airlines | British Airways | Singapore Airlines | Lufthansa | ANA

# RESIDENTIAL, COMMERCIAL AND SOLAR FARMS

**with Singhsloar High performance Bifacial Smart Panels**

## ਅਮਰੀਕਾ ਦੇ ਕਿਸੇ ਵੀ ਹਿੱਸੇ ਆਪਣੇ ਘਰ ਕਾਰੋਬਾਰ ਤੇ ਸੋਲਰ ਸਿਸਟਮ ਲਗਾਉਣ ਲਈ ਸਤਨਾਮ ਸਿੰਘ ਖਾਲਸਾ ਨਾਲ ਅੱਜ ਹੀ ਸੰਪਰਕ ਕਰੋ

100% CUSTOMER SATISFACTION GUARANTEED

SINGH SOLAR
EST. 2025



## ਬਿਜਲੀ ਦੇ ਬਿੱਲ ਤੋਂ ਹਮੇਸ਼ਾ ਲਈ ਛੁਟਕਾਰਾ

**ਸਿਰ.ਫ ਇਕ ਕਾਲ - ਵੱਡੀ ਬੱਚਤ**

# 510-706-1300

singhsolarusa@gmail.com

REALTY UNPLUGGED

# ਤੁਹਾਡੀਆਂ ਜੜ੍ਹਾਂ
# ਤੁਹਾਡਾ ਮੁਨਾਫ਼ਾ $



ਸਮਝਦਾਰ NRI ਪੰਜਾਬੀਆਂ ਨੇ 2024 ਵੱਚਿ ਭਾਰਤੀ ਰੀਅਲ ਅਸਟੇਟ ਵੱਚਿ **$13 ਬਲਿੀਅਨ** ਲਗਾਏ—ਕਉਿੰਕ ਉਿਹਨਾਂ ਨੂੰ ਪਤਾ ਸੀ:

**ਤੁਹਾਡਾ ਡਾਲਰ + ਭਾਰਤ ਦੀ ਤਰੱਕੀ = ਪੀੜ੍ਹੀਆਂ ਦੀ ਦੌਲਤ**

## ਜਦੋਂ ਤੁਹਾਡਾ ਡਾਲਰ ਬਾਹਰ 4% ਕਮਾਉਂਦਾ ਹੈ, ਭਾਰਤ 18-20% ਦੀਂਦਾ ਹੈ

- **7.2% GDP ਵਾਧਾ** - ਦੁਨੀਆਂ ਦੀ 3.1% ਨਾਲੋਂ ਦੁੱਗਣਾ ਤੇਜ਼
- **3.48 ਲੱਖ ਹੁਨਰਮੰਦ ਭਾਰਤੀ** 2024 ਵੱਚਿ ਵਾਪਸ ਆਏ
- **$70 ਬਲਿੀਅਨ+ ਵਦਿੇਸ਼ੀ ਨਵਿੇਸ਼** - ਦੁਨੀਆਂ ਦਾ ਭਰੋਸਾ ਭਾਰਤ ਉੱਤੇ

## ਤੁਹਾਡੇ ਲਈ ਨਵਿੇਸ਼ ਦੇ ਰਾਹ

| ਨਵਿੇਸ਼ ਦੀ ਕਸਿਮ | ਸਾਲਾਨਾ ਮੁਨਾਫ਼ਾ | ਕਸਿ ਲਈ ਢੁਕਵਾਂ |
|---|---|---|
| ਵਕਿਾਸਸ਼ੀਲ ਇਲਾਕਆਿਂ ਦੀ ਜ਼ਮੀਨ | 18-20% ਵਾਧਾ | ਲੰਮੀ ਮਆਿਦ ਦੀ ਦੌਲਤ |
| ਨਰਿਮਾਣ ਅਧੀਨ ਪ੍ਰੀਮੀਅਮ ਫਲੈਟ | 16-18% ਵਾਧਾ | ਪੂੰਜੀ ਵਾਧਾ |
| ਸਟੂਡੀਓ ਅਪਾਰਟਮੈਂਟ | 7-9% ਕਰਿਾਇਆ + 7-9% ਵਾਧਾ | ਨਯਿਮਤਿ ਆਮਦਨ |
| ਪ੍ਰੀ-ਲੀਜ਼ਡ ਕਮਰਸ਼ੀਅਲ | 6-8% ਕਰਿਾਇਆ + 6-8% ਵਾਧਾ | ਸੁਰੱਖਅਿਤ ਨਵਿੇਸ਼ |

**ਨਵਿੇਸ਼ ਸੀਮਾ:** $100,000 ਤੋਂ $1,000,000 ਤੱਕ — ਸਮੇਂ ਦੀ ਕੋਈ ਪਾਬੰਦੀ ਨਹੀ।

## 147 NRI ਪਰਵਿਾਰਾਂ ਦਾ ਭਰੋਸਾ - Realty Unplugged

**ਸਾਡੇ ਸਫਲਤਾ ਦੇ ਕਿੱਸੇ:**

**2017 ਗੁੜਗਾਂਵ:**
**7 ਸਾਲਾਂ ਵਿੱਚ 3 ਗੁਣਾ ਮੁਨਾਫ਼ਾ**

**2020 ਚੰਡੀਗੜ੍ਹ:**
**4 ਸਾਲਾਂ ਵਿੱਚ ਦੁੱਗਣਾ ਵਾਧਾ**

**2022 ਪੁਣੇ:**
**2 ਸਾਲਾਂ ਵਿੱਚ 58% ਵਾਧਾ**

**ਆਪਣੇ ਭਵੱਖਿ ਨੂੰ ਸੁਰੱਖਅਿਤ ਕਰੋ - ਅੱਜ ਹੀ!**
**Call : +91 73038-88722**
**Subhiney Chabra : +91 97802-06080**

Let's Start!

**ਤੁਸੀ ਅਮਰੀਕਾ ਵੱਚਿ। ਤੁਹਾਡੀ ਜਾਇਦਾਦ ਭਾਰਤ ਵੱਚਿ।**
**ਅਸੀ ਤੁਹਾਡੀਆਂ ਅੱਖਾਂ, ਹੱਥ ਅਤੇ ਕਾਨੂੰਨੀ ਢਾਲ।**


ONLY WAY TO GROW YOUR BUSINESS FASTER
BNG
(Business Network Gateway)
We work for you to
Boost Your Business
VIDEO ADVERTISEMENTS
We make professional video advertisements for your business in Punjabi, Hindi & English
POSTERS DESIGN
We design flyers, Posters and Post Cards to promote your business
BUSINESS CARD DESIGN
WE DESIGN YOUR BUSINESS CARD
SOCIAL MEDIA HANDLERS
We can manage your Business social media handlers Facebook, instagram & YouTube
24/7 TECH SUPPORT
We provide 24/7 tech support
For more information call
Boota Singh Basi +1 (209) 303-1260

# ਸਕਾਰਾਤਮਕ ਅਤੇ ਪਵਿੱਤਰ ਵਿਚਾਰ ਮਨੁੱਖ ਨੂੰ ਚੰਗੇ ਕਰਮਾਂ ਵੱਲ ਪ੍ਰੇਰਿਤ ਕਰਦੇ ਹਨ- ਸਾਧਵੀ ਗੌਰੀ ਭਾਰਤੀ ਜੀ

ਅੰਮ੍ਰਿਤਸਰ
ਡਾ.ਰਾਜਿੰਦਰ ਰਿਖੀ

ਦਿਵਯ ਜਯੋਤੀ ਜਾਗ੍ਰਿਤੀ ਸੰਸਥਾਨ ਦੇ ਦੁਆਰਾ ਮਾਨਾਂਵਾਲਾ ਆਸ਼ਰਮ ਵਿੱਚ ਮਹੀਨਾਵਾਰ ਭੰਡਾਰੇ ਦਾ ਪਵਿੱਤਰ ਆਯੋਜਨ ਸ਼ਰਧਾ ਅਤੇ ਭਗਤੀ ਭਾਵਨਾ ਨਾਲ ਸੰਪੰਨ ਕੀਤਾ ਗਿਆ। ਇਸ ਮੌਕੇ ‘ਤੇ ਸ਼੍ਰੀ ਆਸ਼ੁਤੋਸ਼ ਮਹਾਰਾਜ ਜੀ ਦੀ ਸੇਵਿਕਾ ਸਾਧਵੀ ਗੌਰੀ ਭਾਰਤੀ ਜੀ ਨੇ ਹਾਜ਼ਰ ਸੰਗਤ ਨੂੰ ਮਨ ਅਤੇ ਵਿਚਾਰਾਂ ਦੇ ਗਹਿਰੇ ਸੰਬੰਧ ਬਾਰੇ ਆਧਿਆਤਮਿਕ ਮਾਰਗਦਰਸ਼ਨ ਦਿੱਤਾ। ਆਪਣੇ ਪ੍ਰਵਚਨ ਦੌਰਾਨ ਉਨ੍ਹਾਂ ਦੱਸਿਆ ਕਿ ਮਨੁੱਖ ਦੇ ਹਰ ਇਕ ਕਰਮ ਦੀ ਜੜ੍ਹ ਉਸਦੇ ਵਿਚਾਰਾਂ ਵਿੱਚ ਹੀ ਹੁੰਦੀ ਹੈ। ਜਿਵੇਂ ਕਿਸੇ ਕੰਪਿਊਟਰ ਨੂੰ ਦਿੱਤੇ ਗਏ ਹੁਕਮ ਉਸਦੇ ਕੰਮ ਨੂੰ ਨਿਰਧਾਰਤ ਕਰਦੇ ਹਨ, ਉਸੇ ਤਰ੍ਹਾਂ ਮਨੁੱਖ ਦਾ ਮਨ ਵੀ ਉਹਨਾਂ ਹੀ ਵਿਚਾਰਾਂ ਅਨੁਸਾਰ ਕੰਮ ਕਰਦਾ ਹੈ ਜੋ ਉਸਨੂੰ ਲਗਾਤਾਰ ਮਿਲਦੇ ਰਹਿੰਦੇ ਹਨ। ਸਕਾਰਾਤਮਕ ਅਤੇ ਪਵਿੱਤਰ ਵਿਚਾਰ ਮਨੁੱਖ ਨੂੰ ਚੰਗੇ ਕਰਮਾਂ ਵੱਲ ਪ੍ਰੇਰਿਤ ਕਰਦੇ ਹਨ, ਜਦਕਿ ਨਕਾਰਾਤਮਕ ਸੋਚ ਹੌਲੀ-ਹੌਲੀ ਗਲਤ ਕਰਮਾਂ ਦੀ ਨੀਂਹ ਬਣ ਜਾਂਦੀ ਹੈ। ਉਨ੍ਹਾਂ ਸਮਝਾਇਆ ਕਿ ਵਿਚਾਰਾਂ ਦੇ ਲਗਾਤਾਰ ਬਦਲਦੇ ਪ੍ਰਵਾਹ ਕਾਰਨ



ਮਨ ਸਥਿਰ ਨਹੀਂ ਰਹਿੰਦਾ ਅਤੇ ਚੰਚਲ ਬਣਿਆ ਰਹਿੰਦਾ ਹੈ। ਵਿਸ਼ੇ ਵਿਕਾਰਾਂ ਦੇ ਪ੍ਰਭਾਵ ਹੇਠ ਆ ਕੇ ਮਨ ਕਦੇ ਲੋਭ, ਕਦੇ ਮੋਹ ਅਤੇ ਹੋਰ ਸੰਸਾਰਕ ਆਕਰਸ਼ਣਾਂ ਵੱਲ ਭਟਕ ਜਾਂਦਾ ਹੈ। ਸਾਧਵੀ ਜੀ ਨੇ ਅੱਗੇ ਕਿਹਾ ਕਿ ਮਨ ਨੂੰ ਨਿਯੰਤਰਿਤ ਕਰਨ ਲਈ ਮਨੋਵਿਗਿਆਨ ਦੇ ਖੇਤਰ ਵਿੱਚ ਕਈ ਖੋਜਾਂ ਹੋ ਚੁੱਕੀਆਂ ਹਨ ਅਤੇ ਅੱਜ ਵੀ ਜਾਰੀ ਹਨ। ਇਨ੍ਹਾਂ ਵਿੱਚੋਂ ਇੱਕ ਮਹੱਤਵਪੂਰਨ ਉਪਾਅ ਆਹਾਰ ‘ਤੇ ਸੰਯਮ ਨੂੰ ਮੰਨਿਆ ਗਿਆ ਹੈ। ਸੰਤ-ਮਹਾਪੁਰਖਾਂ ਨੇ ਵੀ ਹਮੇਸ਼ਾ ਕਿਹਾ ਹੈ “ਜੈਸਾ ਅੰਨ, ਵੈਸਾ ਮਨ।” ਇਸ ਲਈ ਮਨ ਦੀ ਪਵਿੱਤਰਤਾ ਲਈ ਸਾਤਵਿਕ ਅਤੇ ਸ਼ਾਕਾਹਾਰੀ ਭੋਜਨ ਅਪਣਾਉਣਾ ਜ਼ਰੂਰੀ ਹੈ। ਉਨ੍ਹਾਂ ਇਹ ਵੀ ਪ੍ਰੇਰਣਾ ਦਿੱਤੀ ਕਿ ਹਰ ਵਿਅਕਤੀ ਨੂੰ ਆਪਣੇ ਅੰਦਰ ਉੱਠਣ ਵਾਲੇ ਵਿਚਾਰਾਂ ਪ੍ਰਤੀ ਸਚੇਤ ਰਹਿਣਾ ਚਾਹੀਦਾ ਹੈ। ਪਰ ਇਹ ਜਾਗਰੂਕਤਾ ਤਦੋਂ ਹੀ ਸੰਭਵ ਹੁੰਦੀ ਹੈ ਜਦੋਂ ਮਨੁੱਖ ਮਨ ਦੇ ਪੱਧਰ ਤੋਂ ਉੱਪਰ ਉੱਠ ਕੇ ਇਕ ਹੋਰ ਸੁੱਖਮ ਅਤੇ ਸ਼ਕਤੀਸ਼ਾਲੀ ਸੱਤਾ ਨਾਲ ਆਪਣਾ ਸੰਬੰਧ ਜੋੜਦਾ ਹੈ। ਉਹ ਸੱਤਾ ਹੈ ਆਤਮਾ। ਪੂਰਨ ਗੁਰੂ ਦੀ ਰਹਿਨੁਮਾਈ ਵਿੱਚ ਜਦੋਂ ਸਾਧਕ ਆਪਣੀ ਆਤਮਾ ਨਾਲ ਸੰਬੰਧ ਸਥਾਪਿਤ ਕਰ ਲੈਂਦਾ ਹੈ, ਤਦ ਉਸਦੇ ਅੰਦਰ ਆਤਮਿਕ ਸ਼ਕਤੀ, ਵਿਵੇਕ ਅਤੇ ਸਥਿਰਤਾ ਦਾ ਜਾਗਰਣ ਹੋ ਜਾਂਦਾ ਹੈ।

# ਮਾਂ ਬੋਲੀ ਪੰਜਾਬੀ ਅਤੇ ਮਹਿਲਾ ਦਿਵਸ ਨੂੰ ਸਮਰਪਿਤ ਲਾਈਵ ਕਵੀ ਦਰਬਾਰ ਕਰਵਾਇਆ

ਜਰਮਨੀ
ਸਰਬਜੀਤ ਸਿੰਘ

‘ਕੌਮਾਂਤਰੀ ਪੰਜਾਬੀ ਕਾਫ਼ਲਾ, ਇਟਲੀ’ ਵਲੋਂ ਮਿਤੀ 22/02/2026 ਦਿਨ ਐਤਵਾਰ ਨੂੰ ‘ਮਾਂ ਬੋਲੀ ਪੰਜਾਬੀ’ ਨੂੰ ਅਤੇ ‘ਕੌਮਾਂਤਰੀ ਮਹਿਲਾ ਦਿਵਸ’ ਨੂੰ ਸਮਰਪਿਤ ਲਾਈਵ ਕਵੀ ਦਰਬਾਰ ‘ਮਾਂ ਦੀ ਬੋਲੀ ਮਾਂ ਦਾ ਪਿਆਰ’ ਸਿਰਲੇਖ ਹੇਠ ਕਰਵਾਇਆ ਗਿਆ।

ਕੌਮਾਂਤਰੀ ਪੰਜਾਬੀ ਕਾਫ਼ਲਾ, ਇਟਲੀ ਦੇ ਇਸ ਕਵੀ ਦਰਬਾਰ ਵਿੱਚ ਦੁਨੀਆ ਭਰ ਦੇ ਵੱਖ-ਵੱਖ ਦੇਸ਼ਾਂ ਤੋਂ ਲਾਈਵ ਹੋ ਕੇ ਬਹੁਤ ਸਾਰੇ ਕਵੀ, ਕਵਿਤਰੀਆਂ ਨੇ ਭਾਗ ਲਿਆ।

ਇਸ ਕਵੀ ਦਰਬਾਰ ਵਿੱਚ ਪੰਜਾਬੀ ਮਾਂ ਬੋਲੀ ਦੀ ਸਿਫ਼ਤਾਂ ਦੇ ਨਾਲ ਨਾਲ ਹੋ ਰਹੇ ਵਿਤਕਰੇ ਦੀ ਗੱਲ ਵੀ ਕੀਤੀ ਗਈ, ਔਰਤ ਦੇ ਸਤਿਕਾਰ, ਔਰਤ ਤੇ ਮਾਂ ਬੋਲੀ ਨਾਲ ਹੋ ਰਹੇ ਦੁਰਵਿਵਹਾਰ ਦੀ ਗੱਲ ਕੀਤੀ ਗਈ।

ਕਵੀ ਦਰਬਾਰ ਦੀ ਸ਼ੁਰੂਆਤ ਵਿੱਚ ਪ੍ਰਸਿੱਧ ਨਾਵਲਕਾਰ ਤੇ ਮੰਚ ਪ੍ਰਧਾਨ ਬਿੰਦਰ ਕੋਲੀਆਂ ਵਾਲ ਜੀ ਨੇ ਸਭ ਨੂੰ ਜੀ ਆਇਆਂ ਆਖਿਆ ਤੇ ਮੰਚ ਤੇ ਕਹਾਣੀਕਾਰ ਸਰਦਾਰ ਲਾਲ ਸਿੰਘ ਦਸੂਹਾ ਜੀ ਦੇ ਹਾਲ ਵਿੱਚ ਹੋਏ ਦਿਹਾਂਤ ਦਾ ਦੁੱਖ ਪ੍ਰਗਟ ਕੀਤਾ ਤੇ ਸ਼ਰਧਾਂਜਲੀ ਦਿੰਦੇ ਹੋਏ ਮੰਚ ਤੇ ਇੱਕ ਮਿੰਟ ਦਾ ਮੌਨ ਰੱਖਿਆ ਗਿਆ। ਇਸ ਉਪਰੰਤ ਮੰਚ ਸੰਚਾਲਨ ਦੀ ਜ਼ਿੰਮੇਵਾਰੀ ਪ੍ਰਸਿੱਧ ਪੇਸ਼ਕਾਰ/ਗ਼ਜ਼ਲਗੋ ਮੁਖਤਾਰ ਸਿੰਘ ਚੰਦੀ ਨੂੰ ਸੰਭਾਲਣ ਲਈ ਬੇਨਤੀ ਕੀਤੀ।ਮੁਖਤਾਰ ਸਿੰਘ ਚੰਦੀ ਨੇ ਪਹਿਲਾਂ ਮਾਂ ਬੋਲੀ ਪੰਜਾਬੀ ਨੂੰ ਸਿਜਦਾ ਕਰਦਿਆਂ ਇੱਕ ਸ਼ੇਅਰ ਮਾਂ ਬੋਲੀ ਪੰਜਾਬੀ ਲਈ ਤੇ ਇੱਕ ਔਰਤ ਦੇ ਸਤਿਕਾਰ ਲਈ ਸੁਣਾਇਆ। ਜਿਸ ਦੇ ਬੋਲ ਸਨ...

ਮਾਂ ਦੀ ਬੋਲੀ ਮਾਂ ਦਾ ਪਿਆਰ,<br>ਮੰਗ ਲੈ ਖੈਰ ਪੰਜਾਬੀ ਦੀ,<br>ਮਾਂ ਦੀ ਬੋਲੀ ਮਾਂ ਦਾ ਪਿਆਰ,<br>ਮੰਗ ਲੈ ਖੈਰ ਪੰਜਾਬੀ ਦੀ,<br>ਬਣ ਜਾ ਮਾਂ ਦਾ ਪੁੱਤ ਸਚਿਆਰ,<br>ਮੰਗ ਲੈ ਖੈਰ ਪੰਜਾਬੀ ਦੀ,<br>ਤੇ ਮਨ ਦਾ ਤਾਜ ਬਣਾ ਲੈ ਇਸਨੂੰ,<br>ਰੂਹ ਦਿਲ ਤੋਂ ਅਪਣਾ ਲੈ ਇਸ ਨੂੰ,<br>ਕਰ ਧੁਰ ਦਿਲ ਤੋਂ ਸਤਿਕਾਰ,<br>ਤੂੰ ਮੰਗ ਲੈ ਖੈਰ ਪੰਜਾਬੀ ਦੀ...!

ਸਿਰਫ ਔਰਤ ਨਾ ਸਮਝ ਮੈਨੂੰ, ਕਿ ਨਸ਼ਾ ਹਾਂ ਮੈਂ।<br>ਭੈਣ ਹਾਂ, ਬੇਟੀ ਹਾਂ, ਮਾਂ ਹਾਂ ਅਤੇ ਸ਼ੁਭ ਦੁਆ ਹਾਂ ਮੈਂ।<br>ਹੁਸਨ ਹਾਂ, ਖੁਸ਼ਬੂ ਹਾਂ, ਤਹਿਕ ਮਹਿਕ ਤੇ ਅਦਾ ਹਾਂ ਮੈਂ।<br>ਪਿਆਰ ਵੀ, ਇਬਾਦਤ ਵੀ, ਮੁਹੱਬਤ ਤੇ ਵਫਾ ਹਾਂ ਮੈਂ।

ਚੰਦੀ ਜੀ ਨੇ ਸਭ ਤੋਂ ਪਹਿਲਾਂ ਸੱਦਾ ਸਰਦੂਲ ਸਿੰਘ ਭੱਲਾ, ਪਟਿਆਲਾ ਨੂੰ ਦਿੱਤਾ, ਭੱਲਾ ਸਾਹਿਬ ਨੇ ਔਰਤ ਦਾ ਦਰਦ ਬਿਆਨ ਕਰਦਿਆਂ ‘ਔਰਤ ਦੀ ਦਿਸ਼ਾ‘ ਕਵਿਤਾ ਗਾ ਕੇ ਸੁਣਾਈ ਜਿਸ ਵਿੱਚ ਮਜ਼ਦੂਰ ਔਰਤ ਦੀਆਂ ਮਜਬੂਰੀਆਂ ਬਿਆਨ ਕਰਕੇ ਸਭ ਭਾਵੁਕ ਕਰ ਦਿੱਤਾ।

ਦੂਜੇ ਸੱਦੇ ਤੇ ਭੈਣ ਪੋਲੀ ਬਰਾੜ, ਅਮਰੀਕਾ ਜਿਹਨਾਂ ਨੇ “ਮਾਂ ਦੀ ਬੋਲੀ ਮਾਂ ਦਾ ਪਿਆਰ ” ਕਵਿਤਾ ਸੁਣਾਈ ਜਿਸ ਵਿੱਚ ਪੰਜਾਬ ਵਿੱਚ ਹੁੰਦੇ ਮਤਰੇਈ ਮਾਂ ਵਾਲੇ ਸਲੂਕ ਤੇ ਮਾਪਿਆਂ ਨੂੰ ਪੰਜਾਬੀ ਬੋਲੀ ਲਈ ਬੱਚਿਆਂ ਦੀ ਮਦਦ ਨਾ ਕਰਨ ਬਾਰੇ ਦਰਦ ਬਿਆਨ ਕੀਤਾ॥

ਤੀਸਰਾ ਸੱਦਾ ਪੰਜਾਬੀ ਮਾਸਟਰ ਤੇ ਸਮਾਜ ਸੇਵੀ ਸਰੂਪ ਸਿੰਘ, ਰਾਜਸਥਾਨ ਨੂੰ ਦਿੱਤਾ, ਉਹਨਾਂ ਨੇ 'ਪੈਂਤੀ ਅੱਖਰੀ' ਗੀਤ ਵਿੱਚ ਮਾਂ ਬੋਲੀ ਪੰਜਾਬੀ ਦੀ ਸਿਫਤ ਕਰਦਿਆਂ ਫ਼ਿਕਰ ਜ਼ਾਹਿਰ ਕੀਤਾ ਤੇ ਕਿਹਾ ਕਿਤੇ ਸਸਤੇ ਵਿੱਚ ਗਵਾ ਦਿਓ ਨਾ ਵਿਰਸੇ ਦੀ ਚਾਬੀ।

ਚੌਥੇ ਸੱਦੇ ਤੇ ਮਨਜੀਤ ਕੌਰ ਧੀਮਾਨ, ਲੁਧਿਆਣਾ ਨੇ “ਮੈਂ ਗੁਰਮੁਖੀ ਦੀ ਧੀ ਹਾਂ, ਸੁੱਖ ਗੁਰਮਖੀ ਦੀ ਲੋਚਾ” ਕਵਿਤਾ ਗਾ ਕੇ ਮਾਂ ਬੋਲੀ ਦੇ ਸਤਿਕਾਰ ਤੇ ਨਿੜਿਆਂ ਦਾ ਗੁਣ ਗਾਏ। ਅਗਲੇ ਸੱਦੇ ਉੱਤੇ ਚੰਦੀ ਸਾਹਿਬ ਨੇ ਮੰਗਤ ਖਾਨ, ਪਟਿਆਲਾ ਨੂੰ ਮੰਚ ਤੇ ਬੁਲਾਇਆ, ਜਿਨ੍ਹਾਂ ਨੇ ਨਰਾਇਣ ਸਿੰਘ ਕੋਟਕਪੂਰੇ ਦੀ ਕਲਮ ਤੋਂ ਲਿਖਿਆ ਗੀਤਾ “ਪੰਜਾਬੀ ਮਾਂ ਬੋਲੀ ਤੇ ਵਿਰਸੇ ਦੀ ਆਪਸੀ ਗੱਲਬਾਤ” ਗਾ ਕੇ ਪੰਜਾਬੀ ਮਾਂ ਬੋਲੀ, ਸੱਭਿਆਚਾਰ ਤੇ ਵਿਰਾਸਤ ਦਾ ਦਰਦ ਬਾਖੂਬੀ ਬਿਆਨ ਕੀਤਾ।ਅਗਲੇ ਸੱਦੇ ਤੇ ਮਲਕੀਤ ਮੀਤ, ਪੰਜਾਬ ਨੂੰ ਬੁਲਾਇਆ ਗਿਆ ਜਿਹਨਾਂ ਨੇ ਚੱਲਦੀ ਬੱਸ ਦੇ ਸਫ਼ਰ ਦੌਰਾਨ “ਮਾਂ ਬੋਲੀ ਪੰਜਾਬੀ” ਕਵਿਤਾ ਪੇਸ਼ ਕੀਤੀ।ਅਗਲੇ ਸੱਦੇ ਤੇ ਪੁਰਾਤਨ ਵਿਰਾਸਤੀ ਸ਼ਬਦਾਂ ਨੂੰ ਸਾਂਭਣ ਵਾਲੇ ਵੀਰ ਗੁਰਮੀਤ ਸਿੰਘ ਮੱਲ੍ਹੀ, ਇਟਲੀ ਜੀ ਨੇ ਕਵਿਤਾ “ਔਰਤ” ਗਾ ਕੇ ਔਰਤਾਂ ਲਈ ਸਤਿਕਾਰ ਜਿਤਾਇਆ। ਅਗਲੇ ਸੱਦੇ ਤੇ ਬੰਬੇ ਤੋਂ ਢਾਡੀ ਕਵੀਸ਼ਰ ਪਰਵਿੰਦਰ ਸਿੰਘ ਹੇਅਰ ਜੀ




ਨੇ “ਮਾਂ ਬੋਲੀ ਪੰਜਾਬੀ” ਗਜ਼ਲ ਗਾ ਕੇ ਮਾਂ ਬੋਲੀ ਦੀ ਸਿਫ਼ਤ ਕੀਤੀ ਤੇ ਬਾਅਦ ਵਿੱਚ ਔਰਤ ਦੇ ਸਤਿਕਾਰ ਵਿੱਚ “ਮਮਤਾ ਦੀ ਮੂਰਤ ਹੁੰਦੀਆਂ ਮਾਵਾਂ ਠੰਡੀਆਂ ਛਾਵਾਂ” ਕਵਿਤਾ ਗਾ ਕੇ ਸੁਣਾਈ। ਉਸ ਤੋਂ ਅਗਲੇ ਸੱਦੇ ਤੇ ਰਜਨੀ ਵਾਲੀਆਂ, ਪੰਜਾਬ ਜਿੰਨਾਂ ਨੇ “ਮਾਂ ਬੋਲੀ ਨੇ ਬਾਂਹ ਫੜ ਲਈ ਤੇ ਹੋਈ ਨਾ ਮੈਥੋਂ ਨਾਂਹ” ਗੀਤ ਤਰੰਨਮ ਵਿੱਚ ਗਾ ਕੇ ਸਭ ਦਾ ਮਨ ਮੋਹ ਲਿਆ। ਉਸ ਤੋਂ ਬਾਅਦ ਸਰਬਜੀਤ ਸਿੰਘ ਜਰਮਨੀ ਨੇ ਆਪਣੀ ਕਵਿਤਾ“ ਐਵੇਂ ਨਾ ਤੂੰ ਜਾਣੀ ਸਾਡੀ ਮਾਂ ਬੋਲੀ ਪੰਜਾਬੀ ਨੂੰ” ਸੁਣਾਈ ਜਿਸ ਵਿੱਚ ਉਹਨਾਂ ਪੰਜਾਬੀ ਵਿਰਸੇ ਦੀਆਂ ਬਾਤਾਂ ਪਾਈਆਂ।

ਬਾਅਦ ਵਿੱਚ ਮੰਚ ਪ੍ਰਧਾਨ ਬਿੰਦਰ ਕੋਲੀਆਂ ਵਾਲ ਜੀ ਨੇ ਲਾਈਵ ਚੱਲਦੇ ਪ੍ਰੋਗਰਾਮ ਵਿੱਚ ਸਰੋਤਿਆਂ ਦਾ ਧੰਨਵਾਦ ਕਰਦਿਆਂ ਤੇ ਸਭ ਦੀਆਂ ਹੌਸਲਾ ਅਫਜਾਈ ਟਿੱਪਣੀਆਂ ਪੜ੍ਹ ਕੇ ਸੁਣਾਈਆਂ। ਫੇਰ ਉਹਨਾਂ ਨੇ ਔਰਤਾਂ ਦੇ ਹੱਕ ਦੀ ਗੱਲ ਕਰਦਿਆਂ ਕਵਿਤਾ “ਧੀਏ” ਗਾ ਕੇ ਸੁਣਾਈ।ਦੂਜੀ ਪੇਸ਼ਕਾਰੀ ਵਿੱਚ ਮਾਂ ਬੋਲੀ ਦੀ ਸਿਫ਼ਤ ਕਰਦਿਆਂ “ਯਾਰੋ ਮੈਂ ਪੁੱਤ ਪੰਜਾਬੀ, ਮੇਰੀ ਮਾਂ ਬੋਲੀ ਪੰਜਾਬੀ” ਗੀਤ ਗਾ ਕੇ ਮੁੜ ਆਪਣੇ ਪਿੰਡ ਕੋਲੀਆਂ ਵਾਲ, ਪੰਜਾਬ ਵਿੱਚ ਜਨਮ ਲੈਣ ਦਾ ਸੁਨੇਹਾ ਦਿੱਤਾ।

ਮੰਚ ਸੰਚਾਲਨ ਕਰਨ ਦੇ ਨਾਲ ਨਾਲ ਮੁਖਤਾਰ ਸਿੰਘ ਚੰਦੀ ਨੇ ਔਰਤ ਦੀ ਸਿਫ਼ਤ, ਸਤਿਕਾਰ ਕਰਦਿਆਂ “ਕੁਦਰਤ ਦਾ ਵਰਦਾਨ ਹੈ ਔਰਤ” ਗੀਤ ਤਰੰਨਮ ਵਿੱਚ ਗਾ ਕੇ ਸਭ ਨੂੰ ਭਾਵੁਕ ਕਰ ਦਿੱਤਾ ਤੇ ਸਭ ਦਾ ਮਨ ਮੋਹ ਲਿਆ।ਗੱਲ ਮਾਂ ਬੋਲੀ ਪੰਜਾਬੀ ਦੀ ਹੋਵੇ ਤੇ ਪੰਜਾਬ ਦੀ ਅਮੀਰ ਵਿਰਾਸਤ ਦੇ ਵਾਰਿਸ ਮਹਾਰਾਜਾ ਰਣਜੀਤ ਸਿੰਘ ਜੀ ਨੂੰ ਯਾਦ ਨਾ ਕੀਤਾ ਜਾਵੇ ਇਹ ਕਿਵੇਂ ਹੋ ਸਕਦਾ ਸੀ। ਪ੍ਰੋਗਰਾਮ ਦੇ ਅਖੀਰਲੇ ਪੜਾਅ ਵਿੱਚ ਪਰਵਿੰਦਰ ਸਿੰਘ ਹੇਅਰ ਅਤੇ ਬਿੰਦਰ ਕੋਲੀਆਂ ਵਾਲ ਜੀ ਵਲੋਂ ਸਾਂਝੇ ਰੂਪ ਵਿੱਚ ਕਵੀਸ਼ਰੀ ਰੰਗ ਵਿੱਚ ਵਿਧਾਤਾ ਸਿੰਘ ਤੀਰ ਦੀ ਲਿਖੀ ਕਵਿਤਾ “ਇਕੱਲਾ ਸ਼ੇਰ ਨੀ ਚੀਖ਼ਾਂ ਦੇ ਵਿੱਚ ਸੜਿਆ, ਸੜ ਗਈ ਤਕਦੀਰ ਪੰਜਾਬੀਆਂ ਦੀ” ਗਾ ਕੇ ਪੰਜਾਬ ਦੀ ਮਹਾਨ ਵਿਰਾਸਤ ਨੂੰ ਯਾਦ ਕੀਤਾ।ਪ੍ਰੋਗਰਾਮ ਦੇ ਅਖੀਰ ਵਿੱਚ ਪੋਲੀ ਬਰਾੜ ਭੈਣ ਵਲੋਂ ਕਵੀ ਦਰਬਾਰ ਵਿੱਚ ਹਾਜ਼ਰੀ ਭਰ ਰਹੇ ਸਾਰੇ ਪੇਸ਼ਕਾਰੀ ਦਾ ਪਿਆਰ ਸਤਿਕਾਰ ਸਹਿਤ ਧੰਨਵਾਦ ਕੀਤਾ ਗਿਆ।

Space available for Ad
Contact # +1 (209) 303-1260

# ਪਬਲਿਕ ਹਿਤ ਵਿਚ ਸੂਚਨਾ

ਜਿੱਥੇ ਜਿੱਥੇ ਵੀ ਇਹ ਅਵਾਜ ਪਹੁੰਚ ਰਹੀ ਹੈ ਮੈਂ ਗੁਰਦੀਪ ਸਿੰਘ ਸੰਧੂ ਹੋਮਿਓਪੈਥਿਕ ਕਨਸਲਟੈਂਟ ਉਮਰ ਦੇ ਪੰਝਤਰਵੇਂ ਸਾਲ ਵਿੱਚ ਮੇਰੀ ਮੈਡੀਕਲ ਪ੍ਰੈਕਟਿਸ ਦੇ ਪੰਜਾਹ ਸਾਲ ਪੂਰੇ ਹੋਣ ਤੇ ਅਤੇ ਇਸ ਵਕਤ ਅਮੈਰਿਕਨ ਇਕੋਨਮੀ ਦੀ ਸਭ ਤੋਂ ਮਾੜੀ ਹਾਲਤ ਹੋਣ ਕਰਕੇ ਇਹ ਐਲਾਨ ਕਰਦਾ ਹਾ ਕਿ ਹਰੇਕ ਬਿਮਾਰ ਜੋ ਕਿਸੇ ਵੀ ਉਮਰ ਵਿੱਚ ਕਿਸੇ ਵੀ ਬਿਮਾਰੀ ਦਾ ਇਲਾਜ ਕਰਵਾਉਂਦੇ ਥੱਕ ਗਏ ਹਨ ਤਾਂ ਕੀਮਤਾਂ ਦੀ ਪ੍ਰਵਾਹ ਕੀਤੇ ਬਿਨਾਂ ਜੋ ਵੀ ਤੁਹਾਡੀ ਜੇਬ ਇਜਾਜ਼ਤ ਦੇਵੇ ਉਹੀ ਦੇ ਕੇ ਇਲਾਜ ਕਰਵਾ ਸਕਦੇ ਹੋ। ਬੱਸ ਇੱਕ ਗੱਲ ਯਾਦ ਰੱਖਣਾ ਕਿ ਮੁਰਗੀ ਨਾ ਮਰੇ ਤੇ ਅੰਡੇ ਮਿਲਦੇ ਰਹਿਣ ਮੇਰੀ ਇਲਾਜ ਕਰਨ ਦੀ ਸਮਰੱਥਾ ਵੀ ਬਣੀ ਰਹੇ ਤੇ ਤੁਹਾਡਾ ਵੀ ਘੱਟ ਖਰਚ ਨਾਲ ਇਲਾਜ ਹੋ ਸਕੇ ।

ਕਾਲ ਕਰ ਸਕਦੇ ਹੋ 408-687-1899

ਮੇਰੇ ਵੱਲੋਂ ਸਿਹਤ ਵਿਗਿਆਨ ਦੀ ਲੜੀਵਾਰ ਸੀਰੀਜ ਸੁਣਨ ਲਈ ਮੇਰਾ ਯੂ ਟਿਊਬ ਚੈਨਲ, **https://youtu.be/-DUhK3cACEU** **SabRangstation.com** ਰੋਜ਼ਾਨਾ ਸ਼ਾਮ 5 ਵਜੇ ਤੋਂ 6 ਵਜੇ ਤੱਕ ਰੇਡੀਓ ਸਭਰੰਗ ਰੇਡੀਓ ਪਰਵਾਜ ਯੂਟਿਊਬ ਅਤੇ ਫੇਸਬੁੱਕ ਉੱਪਰ ਸੋਮਵਾਰ ਰੇਡੀਓ ਪੰਜਾਬ 1310 **AM** ਸ਼ਾਮ 3.35 ਤੋਂ 3.55 ਪੰਜਾਬੀ ਵਿੱਚ 4.35 ਤੋਂ 4.55 ਹਿੰਦੀ ਵਿੱਚ, ਸਾਂਝੀ ਸੋਚ ਟੀਵੀ ਸੋਮਵਾਰ, ਬੁੱਧਵਾਰ ਅਤੇ ਸ਼ੁਕਰਵਾਰ ਪੰਜਾਬੀ ਵਿੱਚ।

# INFORMATION IN PUBLIC INTREST

I, Gurdip S Sandhu Homeopathic consultant at the completion of my 50 years of medical practice and in my 75 year of age and in worst condition of American economy, I declare that any one suffering and tired of any treatment for any disease at any age call for best homeopathic treatment with economical price charges which suites to your pocket but Make sure you take the egg and still the hen survives so that I can continue serving your health needs.

To listen to my health education lecture series, go to https://youtu.be/-DUhK3cACEU, Sabrangstation.com you can listen in cars @ Radio Sabrang and Radio Parwas while driving from 5pm to 6 pm. Facebook, Youtube Radio Punjab 1310 AM tune to 3.35pm to 3.55 pm Daily in Punjabi and 4.35 to 4.55 in Hindi . TV Sanjhi Soch Monday, Wednesday  Friday in Punjabi.

## HOMEOPATHIC NATURAL MEDICINES

**When Tired of All Treatments,**
**For any Disease, at any Age**
**Try Alternative Treatment**

**Safe and Effective Medicines without any Side Effects**



**GURDIP S SANDHU**




**Consultant/Physician**
**Since 1973**
**DHMS-Gold Medalist,**
**BAMS, MDEH**
**Ex-Prof, Principal &**
**CMO Medical**
**Colleges/Hospitals in**
**India**

**(408) 687-1899    (925) 587-1148**

**Homeopathic Medicine and Notary Consultancy**

9701 SARA ANN CT DUBLIN, CA 94568

**PRACTICE UNDER PROVISION OF ACT SB_577 STATE OF CA**


Idiot Club
The Begining of Intelligence
Presents
DM
Premium Quality
Organizers
Dr.Rajinder Rikhi
President
Dhwani Mehra
Sr.Vice President
81463-20009
JASPAL BHATTI
AWARDS
AWARDEES FOR 14TH JASPAL BHATTI
B.N Sharma
Monika Malik
Jazim Sharma
Shekharr
Deepak Maini
Parmod Sharma Rana
Rajan Sharma
Dr.K.S Paras
Amandeep Kaur
Dr.Vijay Garg
Special Guest
Special Thanks
Shammi Choudhary
Patron
Rtn.Dalbir Singh Makkar
Date : 1st March 2026
Time : 4:30 pm onwards
Venue : Ishmeet Singh Music Institute
Rajguru Nagar, Ludhiana
SANJHI SOCH
Saraswati
Jyotish Centre
Sarain Road,Jandiala Guru
Amritsar
Dr.K.S Paras
9876986666
Bablu Sweets
Bakers & Restaurant
G.T. Road
Rayya Mandi
98786-01699, 98887-03130
BAT
MEDIA
UFFA
United Front For All
Bharatgas
COOK FOOD. SERVE LOVE.
Shaheed Jaskaran Gas ServiceG.T. Road, Rayya
ਗੱਡੀ ਦੀ ਹੱਟੀ
ਸ਼ੋ-13 ਦੁਕਾਨ ਨੰ:464
ਗਲੀ ਨੰ:7-8, ਫੀਲਡ ਗੰਜ, ਲੁਧਿਆਣਾ
ਹਰਪ੍ਰੀਤ ਚਾਵਲਾ
Mobile: 95365-00014
JANDIALA GURU





RE/MAX
EXECUTIVE

ਨਵਾਂ ਜਾਂ ਪੁਰਾਣਾ ਘਰ
ਖਰੀਦਣ ਜਾਂ ਵੇਚਣ ਲਈ
ਅੱਜ ਹੀ ਸੰਪਰਕ ਕਰੋ।

**Kirandeep Kaur**
Realtor ®
CalDRE # 02115235

ਤੁਸੀਂ ਸਾਡੇ ਨਾਲ ਹਿੰਦੀ ਅਤੇ ਪੰਜਾਬੀ
ਭਾਸ਼ਾ 'ਚ ਵੀ ਗੱਲ ਕਰ ਸਕਦੇ ਹੋ।

**Contact : Cell (209) 550-1704**

220 - A Standiford Ave, Modesto, CA 95350, kkaur@mycvre.com

EACH OFFICE IS INDEPENDENTLY OWNED AND OPERATED

# ਪੰਜਾਬ ਸਰਕਾਰ ਨੇ ਮੁੱਖ ਮੰਤਰੀ ਸਿਹਤ ਯੋਜਨਾ ਤਹਿਤ ਕਾਰਡ ਬਣਾਉਣ ਲਈ ਅਪੋਇੰਟਮੈਂਟ ਸਲਿਪ ਦੀ ਲੋੜ ਨੂੰ ਖਤਮ ਕੀਤਾ

ਬਿਆਸ
ਬਲਰਾਜ ਸਿੰਘ ਰਾਜਾ



ਡਿਪਟੀ ਕਮਿਸ਼ਨਰ ਅੰਮ੍ਰਿਤਸਰ ਦਲਵਿੰਦਰਜੀਤ ਸਿੰਘ ਨੇ ਜ਼ਿਲ੍ਹਾ ਵਾਸੀਆਂ ਨੂੰ ਸੂਚਿਤ ਕੀਤਾ ਹੈ ਕਿ ਪੰਜਾਬ ਸਰਕਾਰ ਵੱਲੋਂ ਮੁੱਖ ਮੰਤਰੀ ਸਿਹਤ ਯੋਜਨਾ ਤਹਿਤ ਕਾਰਡ ਬਣਾਉਣ ਲਈ ਅਪੋਇੰਟਮੈਂਟ ਸਲਿਪ ਦੀ ਲੋੜ ਨੂੰ ਖਤਮ ਕਰ ਦਿੱਤਾ ਗਿਆ ਹੈ।

ਹੁਣ ਕਿਸੇ ਵੀ ਘਰ ਦੇ ਘੱਟੋ-ਘੱਟ ਦੋ ਵਿਅਕਤੀ ਵੋਟਰ ਕਾਰਡ ਅਤੇ ਮੋਬਾਇਲ ਨੰਬਰ ਨਾਲ ਲਿੰਕ ਆਧਾਰ ਕਾਰਡ ਸਮੇਤ ਆਪਣੇ ਕਿਸੇ ਵੀ ਨਜ਼ਦੀਕ ਦੇ ਸੀ.ਐਸ.ਸੀ ਸੈਂਟਰ ਵਿਖੇ ਜਾ ਕੇ ਮੁੱਖ ਮੰਤਰੀ ਸਿਹਤ ਯੋਜਨਾ ਦਾ ਕਾਰਡ ਬਣਵਾ ਸਕਦੇ ਹਨ। ਮੁੱਖ ਮੰਤਰੀ ਸਿਹਤ ਯੋਜਨਾ ਤਹਿਤ ਹਰ ਪਰਿਵਾਰ ਨੂੰ 10 ਲੱਖ ਰੁਪਏ ਸਲਾਨਾ ਮੁਫਤ ਇਲਾਜ ਦੀ ਸਹੂਲਤ ਪੰਜਾਬ ਸਰਕਾਰ ਵੱਲੋਂ ਦਿੱਤੀ ਜਾਵੇਗੀ। ਡਿਪਟੀ ਕਮਿਸ਼ਨਰ ਅੰਮ੍ਰਿਤਸਰ ਨੇ ਜ਼ਿਲਾ ਵਾਸੀਆਂ ਨੂੰ ਮੁੱਖ ਮੰਤਰੀ ਸਿਹਤ ਯੋਜਨਾ ਦੇ ਕਾਰਡ ਬਣਾਉਣ ਦੀ ਅਪੀਲ ਕੀਤੀ ਹੈ।

# ਸਵਾਭਿਮਾਨ ਸਾਹਿਤ ਮੰਚ ਦਾ 42ਵਾਂ ਰਾਸ਼ਟਰੀ ਕਵੀ ਦਰਬਾਰ ਹਿੰਦੀ ਅਤੇ ਪੰਜਾਬੀ ਰਚਨਾਵਾਂ ਦਾ ਇੱਕ ਸ਼ਾਨਦਾਰ ਸੰਗਮ

ਗੁਰਦਾਸਪੁਰ
ਸਾਂਝੀ ਸੋਚ ਬਿਊਰੋ




ਸਵਾਭਿਮਾਨ ਸਾਹਿਤ ਮੰਚ ਦੁਆਰਾ ਆਯੋਜਿਤ 42ਵੇਂ ਰਾਸ਼ਟਰੀ ਕਵੀ ਦਰਬਾਰ ਨੇ ਹਿੰਦੀ ਅਤੇ ਪੰਜਾਬੀ ਸਾਹਿਤ ਪ੍ਰੇਮੀਆਂ ਨੂੰ ਮੋਹਿਤ ਕਰ ਦਿੱਤਾ। ਨਰੇਸ਼ ਕੁਮਾਰ ਆਸ਼ਟ ਦੀ ਪ੍ਰਧਾਨਗੀ ਹੇਠ ਅਤੇ ਜਾਗ੍ਰਿਤੀ ਗੌੜ ਦੁਆਰਾ ਸਫਲਤਾਪੂਰਵਕ ਸੰਚਾਲਿਤ, ਇਸ ਪ੍ਰੋਗਰਾਮ ਵਿੱਚ ਦੇਸ਼ ਭਰ ਦੀਆਂ ਸਾਹਿਤਕ ਹਸਤੀਆਂ ਸ਼ਾਮਲ ਹੋਈਆਂ ਜਿਨ੍ਹਾਂ ਨੇ ਆਪਣੀਆਂ ਕਵਿਤਾਵਾਂ ਅਤੇ ਗ਼ਜ਼ਲਾਂ ਨਾਲ ਦਰਸ਼ਕਾਂ ਨੂੰ ਮੋਹਿਤ ਕੀਤਾ।ਪ੍ਰੋਗਰਾਮ ਦੀ ਸ਼ੁਰੂਆਤ ਜਾਗ੍ਰਿਤੀ ਗੌੜ ਦੀ ਸਰਸਵਤੀ ਵੰਦਨਾ ਨਾਲ ਹੋਈ। ਸੰਤੋਸ਼ ਮਾਲਵੀਆ, ਵਿਗਿਆਨ ਵਰਤ, ਨੰਦਕੁਮਾਰ ਆਦਿਤਿਆ, ਸੁਰੇਂਦਰ ਕੁਮਾਰ ਅਰੋੜਾ, ਨਿਰਮਲਾ ਕਰਨ, ਸਚਿਦਾਨੰਦ ਕਿਰਨ, ਸੋਨਲ ਉਮਰ, ਪ੍ਰੋ. ਨਵ ਸੰਗੀਤ ਸਿੰਘ, ਸੰਤੋਸ਼ ਪੁਰੀ, ਦਿਵਯਾਂਜਲੀ ਸੋਨੀ ਦਿਵਿਆ, ਅਤੇ ਡਾ. ਅਨੁਜ ਪ੍ਰਭਾਤ ਵਰਗੇ ਕਵੀਆਂ ਨੇ ਆਪਣੀਆਂ ਵਿਭਿੰਨ ਰਚਨਾਵਾਂ ਨਾਲ ਦਰਸ਼ਕਾਂ ਨੂੰ ਮੋਹਿਤ ਕੀਤਾ। ਇਸ ਪ੍ਰੋਗਰਾਮ ਦੀ ਖਾਸੀਅਤ ਇਹ ਸੀ ਕਿ ਇੱਕ ਦਸਤਾਰਧਾਰੀ ਕਵੀ ਵਜੋਂ ਪ੍ਰੋ ਨਵ ਸੰਗੀਤ ਸਿੰਘ ਨੇ ਸ਼ਿਰਕਤ ਕੀਤੀ ਅਤੇ ਪੰਜਾਬੀ ਵਿੱਚ ਆਪਣੀ ਕਵਿਤਾ "ਮੱਥੇ 'ਚ ਚਿਣਗ ਆਉਣੀ" ਪੇਸ਼ ਕੀਤੀ। ਜਦਕਿ ਬਾਕੀ ਸਾਰੇ ਕਵੀਆਂ ਦੀਆਂ ਕਵਿਤਾਵਾਂ ਹਿੰਦੀ ਭਾਸ਼ਾ ਵਿੱਚ ਸਨ।ਜਾਗ੍ਰਿਤੀ ਗੌੜ ਦੇ ਸ਼ਾਨਦਾਰ ਸੰਚਾਲਨ ਅਤੇ ਕਾਵਿਕ ਪੇਸ਼ਕਾਰੀ ਨੇ ਪ੍ਰੋਗਰਾਮ ਦੀ ਸ਼ਾਨ ਵਿੱਚ ਵਾਧਾ ਕੀਤਾ। ਚੇਅਰਮੈਨ ਨਰੇਸ਼ ਕੁਮਾਰ ਆਸ਼ਟ ਨੇ ਸਾਰੇ ਲੇਖਕਾਂ ਦਾ ਧੰਨਵਾਦ ਕੀਤਾ। ਇਹ ਪ੍ਰੋਗਰਾਮ ਸਵਾਭਿਮਾਨ ਸਾਹਿਤ ਯੂਟਿਊਬ ਚੈਨਲ 'ਤੇ ਸਿੱਧਾ ਪ੍ਰਸਾਰਿਤ ਕੀਤਾ ਗਿਆ ਸੀ ਅਤੇ ਇਸਨੂੰ ਭਰਪੂਰ ਹੁੰਗਾਰਾ ਮਿਲਿਆ ਸੀ। ਇਹ ਕਵੀ ਦਰਬਾਰ ਇੱਕ ਯਾਦਗਾਰੀ ਸਮਾਗਮ ਸੀ ਜਿਸਨੇ ਸਾਹਿਤ ਅਤੇ ਕਲਾ ਪ੍ਰਤੀ ਪਿਆਰ ਨੂੰ ਹੋਰ ਡੂੰਘਾ ਕੀਤਾ।

# ਚੰਡੀਗੜ੍ਹ ਦੇ ਫਰੈਗਰੈਂਸ ਗਾਰਡਨ ਵਿੱਚ ਲੜਕੀ ਦਾ ਕਤਲ

ਚੰਡੀਗੜ੍ਹ
ਸਾਂਝੀ ਸੋਚ ਬਿਊਰੋ



ਚੰਡੀਗੜ੍ਹ ਦੇ ਸੈਕਟਰ 36 ਦੇ ਫਰੈਗਰੈਂਸ ਗਾਰਡਨ ਵਿੱਚ ਇੱਕ ਲੜਕੀ ਦਾ ਚਾਕੂ ਮਾਰ ਕੇ ਕਤਲ ਕਰ ਦਿੱਤਾ ਗਿਆ। ਮ੍ਰਿਤਕਾ ਦੀ ਪਛਾਣ ਸੁਹਾਨੀ ਵਜੋਂ ਹੋਈ ਹੈ, ਜੋ ਬੀ.ਏ. ਤੀਜੇ ਸਾਲ ਦੀ ਵਿਦਿਆਰਥਣ ਸੀ। ਮਿਲੀ ਜਾਣਕਾਰੀ ਅਨੁਸਾਰ ਮੁਲਜ਼ਮ ਦੀ ਪਛਾਣ ਵਿਨੇ ਵਜੋਂ ਹੋਈ ਹੈ, ਜੋ ਸੈਕਟਰ-35 ਵਿਚ ਮਠਿਆਈ ਦੀ ਦੁਕਾਨ 'ਤੇ ਕੰਮ ਕਰਦਾ ਸੀ।

ਪਰਿਵਾਰਕ ਮੈਂਬਰਾਂ ਦੇ ਮੁਤਾਬਕ ਸੁਹਾਨੀ ਦੀ ਸ਼ਾਦੀ ਤੈਅ ਹੋ ਚੁੱਕੀ ਸੀ। ਐਤਵਾਰ ਰਾਤ ਉਸਦਾ ਮੰਗੇਤਰ ਉਨ੍ਹਾਂ ਦੇ ਘਰ ਆਇਆ ਹੋਇਆ ਸੀ। ਇਸ ਦੌਰਾਨ ਸੁਹਾਨੀ ਬਾਜ਼ਾਰ ਵਿਚੋਂ ਚਾਕਲੇਟ ਲੈਣ ਲਈ ਗਈ ਪਰ ਕਾਫ਼ੀ ਸਮੇਂ ਤੱਕ ਵਾਪਸ ਨਾ ਆਈ।ਪਰਿਵਾਰਕ ਮੈਂਬਰਾਂ ਨੇ ਦੱਸਿਆ ਕਿ ਸੁਹਾਨੀ ਨੇ ਫੋਨ ਕਰਕੇ ਦਮ ਤੋੜਵੀਂ ਆਵਾਜ਼ ਵਿਚ ਕਿਹਾ ਕਿ ਵਿਨੇ ਨੇ ਉਸ 'ਤੇ ਚਾਕੂ ਨਾਲ ਹਮਲਾ ਕਰ ਦਿੱਤਾ ਹੈ। ਇਹ ਸੁਣ ਕੇ ਪਰਿਵਾਰ ਤੁਰੰਤ ਮੌਕੇ 'ਤੇ ਪਹੁੰਚਿਆ, ਜਿਥੇ ਸੁਹਾਨੀ ਖ਼ੂਨ ਨਾਲ ਲੱਥਪੱਥ ਹਾਲਤ ਵਿਚ ਮਿਲੀ। ਉਸ ਨੂੰ ਤੁਰੰਤ ਹਸਪਤਾਲ ਲਿਜਾਇਆ ਗਿਆ ਪਰ ਰਸਤੇ ਵਿਚ ਹੀ ਉਸਦੀ ਮੌਤ ਹੋ ਗਈ।

ਮ੍ਰਿਤਕਾ ਦੀ ਪਛਾਣ ਸੁਹਾਨੀ (23) ਵਜੋਂ ਹੋਈ ਹੈ। ਉਸਦਾ ਪਰਿਵਾਰ ਮੂਲ ਰੂਪ ਵਿੱਚ ਉੱਤਰ ਪ੍ਰਦੇਸ਼ ਦੇ ਗੋਂਡਾ ਜ਼ਿਲ੍ਹੇ ਦੇ ਜਟਵਾਪੁਰ ਪਿੰਡ ਦਾ ਰਹਿਣ ਵਾਲਾ ਹੈ, ਪਰ ਸਾਲਾਂ ਤੋਂ ਸੈਕਟਰ 35 ਵਿੱਚ ਰਹਿ ਰਿਹਾ ਸੀ। ਇਸ ਦੌਰਾਨ, ਦੋਸ਼ੀ ਵਿਨੈ ਵੀ ਆਪਣੇ ਘਰ ਦੇ ਨੇੜੇ ਇੱਕ ਮਿਠਾਈ ਦੀ ਦੁਕਾਨ 'ਤੇ ਕੰਮ ਕਰਦਾ ਹੈ। ਉਹ ਮੂਲ ਰੂਪ ਵਿੱਚ ਬਿਹਾਰ ਦੇ ਮਧੂਬਨੀ ਦਾ ਰਹਿਣ ਵਾਲਾ ਹੈ। ਪੁਲਿਸ ਨੇ ਉਸਨੂੰ ਬੁੜੈਲ ਤੋਂ ਗ੍ਰਿਫ਼ਤਾਰ ਕਰ ਲਿਆ ਹੈ।

# ਪਿੰਡ ਭੁੱਸੇ ਵਿਖੇ 300 ਸਾਲਾ ਸ਼ਹੀਦੀ ਸ਼ਤਾਬਦੀ ਸਮਾਗਮ 24-25 ਤੇ 26 ਨੂੰ ਬਾਬਾ ਹਰਨਾਮ ਸਿੰਘ ਖਾਲਸਾ ਦੀ ਅਗਵਾਈ ਤੇ ਪ੍ਰਧਾਨ ਧਾਮੀ ਦੇ ਸਹਿਯੋਗ ਨਾਲ ਹੋਣਗੇ ਤਿੰਨ ਰੋਜ਼ਾ ਧਾਰਮਿਕ ਸਮਾਗਮ

ਬਿਆਸ
ਬਲਰਾਜ ਸਿੰਘ ਰਾਜਾ



ਅਮਰ ਸ਼ਹੀਦ ਬਾਬਾ ਬਘੇਲ ਸਿੰਘ ਜੀ, ਸ਼ਹੀਦ ਬਾਬਾ ਅਮਰ ਸਿੰਘ ਜੀ ਤੇ ਸ਼ਹੀਦ ਬਾਬਾ ਤਾਰਾ ਸਿੰਘ ਜੀ ਵਾਂ ਦੀ 300 ਸਾਲਾ ਸ਼ਹੀਦੀ ਸ਼ਤਾਬਦੀ ਪਿੰਡ ਭੁੱਸੇ ਦੇ ਗੁਰਦੁਆਰਾ ਜਨਮ ਅਸਥਾਨ ਸ਼ਹੀਦ ਬਾਬਾ ਬਘੇਲ ਸਿੰਘ ਜੀ ਅਤੇ ਸ਼ਹੀਦ ਬਾਬਾ ਅਮਰ ਸਿੰਘ ਜੀ ਵਿਖੇ ਸੰਗਤਾਂ ਵੱਲੋਂ ਬੜੀ ਸ਼ਰਧਾ ਭਾਵਨਾ ਨਾਲ ਮਨਾਈ ਜਾ ਰਹੀ ਹੈ।ਦਮਦਮੀ ਟਕਸਾਲ ਮੁਖੀ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਨੇ 18 ਵੀਂ ਸਦੀ ਦੇ ਇੰਨ੍ਹਾਂ ਮਹਾਨ ਸਿੱਖ ਯੋਧਿਆਂ ਦੀ ਸ਼ਹਾਦਤ ਨੂੰ ਯਾਦ ਕਰਦੇ ਹੋਏ ਕਿਹਾ ਕਿ ਕਰੋੜ ਸਿੰਘੀਆ ਮਿਸਲ ਦੇ ਬਾਬਾ ਬਘੇਲ ਸਿੰਘ ਜੀ ਨੇ 1783 ਵਿੱਚ ਦਿੱਲੀ ਜਿੱਤ ਕੇ ਲਾਲ ਕਿਲ੍ਹੇ 'ਤੇ ਖਾਲਸਾਈ ਨਿਸ਼ਾਨ ਸਾਹਿਬ ਲਹਿਰਾ ਕੇ ਗੁਰਧਾਮ ਸਥਾਪਿਤ ਕੀਤਾ ਸੀ ,ਜਦਕਿ ਸ਼ਹੀਦ ਬਾਬਾ ਅਮਰ ਸਿੰਘ ਤੇ ਬਾਬਾ ਤਾਰਾ ਸਿੰਘ ਵਾਂ ਨੇ ਧਰਮ ਤੇ ਕੌਮ ਦੀ ਰਾਖੀ ਲਈ ਮੁਗਲ ਤੇ ਅਫਗਾਨ ਹਮਲਾਵਰਾਂ ਵਿਰੁੱਧ ਲੜਦੇ ਹੋਏ ਆਪਣੀਆਂ ਜਾਨਾਂ ਕੁਰਬਾਨ ਕੀਤੀਆਂ ਸਨ।

ਉਨ੍ਹਾਂ ਨੇ ਕਿਹਾ ਕਿ ਇਹ ਸ਼ਹੀਦ ਸਾਡੇ ਕੌਮ ਦਾ ਅਣਮੋਲ ਸਰਮਾਇਆ ਹਨ।ਇਸ ਲਈ ਇੰਨ੍ਹਾਂ ਸਿੱਖ ਯੋਧਿਆਂ ਦੇ 300 ਸਾਲਾ ਸ਼ਹੀਦੀ ਸ਼ਤਾਬਦੀ ਮੌਕੇ ਸੰਗਤਾਂ ਵੱਡੀ ਗਿਣਤੀ 'ਚ ਭੁੱਸੇ ਪਿੰਡ ਪੁੱਜਣ ਤੇ ਸ਼ਹੀਦੀ ਸਮਾਗਮਾਂ 'ਚ ਹਾਜ਼ਰੀ ਭਰਨ। ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਪ੍ਰਧਾਨ ਜਗਦੀਪ ਸਿੰਘ,ਨੰਬਰਦਾਰ ਜਸਤਾਰ ਸਿੰਘ ਤੇ ਰੇਸ਼ਮ ਸਿੰਘ ਨੇ ਜਾਣਕਾਰੀ ਸਾਂਝੀ ਕਰਦੇ ਹੋਏ ਦੱਸਿਆ ਕਿ ਦਮਦਮੀ ਟਕਸਾਲ ਮੁਖੀ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਦੀ ਅਗਵਾਈ ਹੇਠ ਤੇ ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਦੇ ਵਿਸ਼ੇਸ਼ ਸਹਿਯੋਗ ਨਾਲ ਇਹ ਸ਼ਹੀਦੀ ਸ਼ਤਾਬਦੀ ਸਮਾਗਮ ਕਰਾਏ ਜਾ ਰਹੇ ਹਨ।ਸ਼ਹੀਦੀ ਸ਼ਤਾਬਦੀ ਨੂੰ ਸਮਰਪਿਤ ਤਿੰਨ ਰੋਜ਼ਾ ਧਾਰਮਿਕ ਸਮਾਗਮਾਂ ਦੌਰਾਨ 24 ਫਰਵਰੀ,ਦਿਨ ਮੰਗਲਵਾਰ ਤੇ 25 ਫਰਵਰੀ ਦਿਨ ਬੁੱਧਵਾਰ ਨੂੰ 8 ਰਾਤ ਵਜੇ ਤੋਂ 12 ਵਜੇ ਤੱਕ ਕੀਰਤਨ ਦਰਬਾਰ ਹੋਣਗੇ।26 ਫਰਵਰੀ ਦਿਨ ਵੀਰਵਾਰ ਨੂੰ ਸਵੇਰੇ 10 ਵਜੇ ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ ਜਾਣਗੇ,ਉਪਰੰਤ ਸਾਰਾ ਦਿਨ ਧਾਰਮਿਕ ਦੀਵਾਨ ਸੱਜਣਗੇ।ਇਸ ਦੌਰਾਨ ਸਮਾਗਮਾਂ 'ਚ ਪੁੱਜ ਰਹੇ ਸੰਤ ਮਹਾਂਪੁਰਸ਼ ਤੇ ਹੋਰ ਧਾਰਮਿਕ ਸ਼ਖਸ਼ੀਅਤਾਂ ਤੋਂ ਇਲਾਵਾ ਪੰਥ ਦੇ ਉੱਘੇ ਕਥਾ ਵਾਚਕ,ਢਾਡੀ ਤੇ ਕਵੀਸ਼ਰੀ ਜਥੇ ਸੰਗਤਾਂ ਨੂੰ ਗੁਰ ਜਸ ਸਰਵਣ ਕਰਾਉਣਗੇ।ਉਨ੍ਹਾਂ ਕਿਹਾ ਕਿ ਸਮਾਗਮਾਂ ਦੌਰਾਨ ਲੰਗਰਾਂ ਦੀ ਅਤੁੱਟ ਸੇਵਾ ਦਮਦਮੀ ਟਕਸਾਲ ਵੱਲੋਂ ਨਿਭਾਈ ਜਾਵੇਗੀ।ਇਸ ਮੌਕੇ ਜਥੇਦਾਰ ਸਤਨਾਮ ਸਿੰਘ, ਦਿਲਬਾਗ ਸਿੰਘ ਤੇ ਜਗੀਰ ਸਿੰਘ ਦੋਧੀ ਆਦਿ ਵੀ ਮੌਜੂਦ ਸਨ।



GHUMAN LAW GROUP INC.

# Ghuman Law Group

ਤੁਹਾਡੇ ਲਈ ਲੈ ਕੇ ਆਏ ਨੇ

AMERICA ਵਿੱਚ

BUSINESS ਕਰਨ ਦਾ ਸੁਨਿਹਰੀ ਮੌਂਕਾ !

ਜੇਕਰ ਤੁਸੀਂ Canada, England, Australia, New Zealand, Europe ਜਾਂ ਕਿਸੇ ਹੋਰ ਦੇਸ਼ ਦੇ ਨਾਗਰਿਕ ਹੋ

ਆਓ E-2 Investor Visa ਰਾਹੀਂ

ਸਿਰਫ $25,000 ਦੀ ਘੱਟੋ-ਘੱਟ Investment

ਜੇ ਹੋਰ ਵੱਧ invest ਕਰਨਾ ਚਾਹੋ, ਉਹ ਵੀ ਸੰਭਵ






GHUMAN LAW GROUP

ਤੁਹਾਡੀ ਕੰਪਨੀ ਸੈੱਟ ਕਰਵਾਉਣ 'ਚ ਪੂਰੀ ਮਦਦ ਕਰੇਗਾ



ਇਮੀਗਰੇਸ਼ਨ ਸਬੰਧੀ ਸਾਰਾ Paperwork ਅਸੀਂ ਕਰਾਂਗੇ

ਪਰਿਵਾਰ ਸਮੇਤ 🇺🇸 ਆਉਣ ਦਾ ਵਧੀਆ ਮੌਕਾ



- 2 ਸਾਲ ਦਾ Work Permit
- Spouse ਨੂੰ ਮਿਲੇਗਾ Open Work Permit
- ਬੱਚਿਆਂ ਲਈ ਸਕੂਲ ਜਾਣ ਦੀ ਇਜਾਜ਼ਤ
- ਹਰ 2 ਸਾਲ ਬਾਅਦ Work Permit Renew ਕਰਵਾ ਸਕਦੇ ਹੋ

ਜਿੰਨਾ ਚਾਹੋ, ਅਮਰੀਕਾ ਵਿੱਚ ਰਹਿ ਕੇ ਆਪਣਾ ਬਿਜ਼ਨਸ ਚਲਾ ਸਕਦੇ ਹੋ

MON - FRI, 9:00 AM - 3:00 PM

+1 (223) 300-0001 | www.ghumanlawgroup.org

2450 VENTURE OAKS WAY, STE 225 SACRAMENTO, CA

# ਆਪਣੇ ਇਮੀਗਰੇਸ਼ਨ ਦੇ ਕਿਸੇ ਵੀ ਕੰਮ ਲਈ ਸਾਨੂੰ ਮਿਲੋ

HOPE
IMMIGRATION

*Where Hope Meets*

# IMMIGRATION OPPORTUNITIES

**USA SERVICES :**

- CITIZENSHIP
- GREEN CARD & PETITION
- AFFIDAVIT OF SUPPORT
- WORK PERMIT RENEW
- STUDENT VISA & TRANSFER
- TOURIST VISAS

**INDIAN SERVICES :**

- Passport
- VISA
- OCI CARD
- RENUNCIATION
- POWER OF ATTORNEY
- LEGAL DOCUMENTS ATTESTATIONS
- NOTARY SERVICES

**WE CAN HELP YOU WORK AND SETTLE IN COUNTRIES WORLDWIDE ALSO**

ਅਮਰੀਕਾ ਜਾਂ INDIA ਦੀ Immigration ਜਾਂ Legal Document Services ਲਈ HOPE IMMIGRATION ਕੋਲ ਆਓ

ਅਸੀਂ ਤਜਰਬੇਕਾਰ ਇਮੀਗਰੇਸ਼ਨ ਵਕੀਲਾਂ ਨਾਲ ਵੀ ਕੰਮ ਕਰਦੇ ਹਾਂ
ਅਤੇ ਲੋੜ ਪੈਣ ਤੇ ਉਹਨਾਂ ਦੀਆਂ ਸੇਵਾਵਾਂ ਵੀ ਤੁਹਾਨੂੰ ਦਵਾ ਸਕਦੇ ਹਾਂ।




ਵਧੇਰੇ ਜਾਣਕਾਰੀ ਲਈ ਸੰਪਰਕ ਕਰੋ : (916) 518-0630

WEBSITE : www.hopeimmigration.net | Email : help@hopeimmigration.net

ਅਸੀਂ California State ਦੇ Bonded Immigration Consultant ਹਾਂ

ADDRESS : 2953 W CAPITOL AVE WEST SACRAMENTO, CA 95691

ਮੈਂ ਵਕੀਲ ਨਹੀਂ ਹਾਂ ਅਤੇ ਕੋਈ ਕਾਨੂੰਨੀ ਸੁਲਾਹ ਨਹੀਂ ਦੇ ਸਕਦਾ


Pal Films Production
All Your Photo/Videography & Post Production needs Under One Roof
PF
RED PRO 5.0
RED
Music Video | Pre Shoots | Weddings | Birthdays
Graduations | Stage Shows Or Any Kind Of Events
Customize Photobooks (upto 6 feet)
Video Editing VFX/DI/CC & Much More....
(925) 489-3400, (341) 356-1517
palfilms925@gmail.com
www.thepalfilms.com

# ਟਰੰਪ ਦੇ ਰਿਜ਼ੋਰਟ 'ਚ ਹਥਿਆਰਬੰਦ ਨੌਜਵਾਨ ਨੇ ਕੀਤੀ ਵੜਨ ਦੀ ਕੋਸ਼ਿਸ਼! ਸੁਰੱਖਿਆ ਕਰਮੀਆਂ ਨੇ ਕੀਤਾ ਢੇਰ

ਵਾਸ਼ਿੰਗਟਨ
ਸਾਂਝੀ ਸੋਚ ਬਿਊਰੋ



ਅਮਰੀਕਾ ਦੇ ਰਾਸ਼ਟਰਪਤੀ ਡੋਨਾਲਡ ਟਰੰਪ ਦੇ ਮਾਰ-ਏ-ਲਾਗੋ ਰਿਜ਼ੋਰਟ ਦੇ ਸੁਰੱਖਿਆ ਘੇਰੇ ਵਿੱਚ ਇੱਕ ਹਥਿਆਰਬੰਦ ਵਿਅਕਤੀ ਵੱਲੋਂ ਦਾਖਲ ਹੋਣ ਦੀ ਕੋਸ਼ਿਸ਼ ਕੀਤੀ ਗਈ , ਜਿਸ ਨੂੰ ਗੋਲੀ ਮਾਰ ਕੇ ਢੇਰ ਕਰ ਦਿੱਤਾ ਗਿਆ। ਇਹ ਘਟਨਾ ਸਥਾਨਕ ਸਮੇਂ ਅਨੁਸਾਰ ਐਤਵਾਰ ਅੱਧੀ ਰਾਤ 1:30 ਵਜੇ ਵਾਪਰੀ। ਮਾਰੇ ਗਏ ਨੌਜਵਾਨ ਦੀ ਉਮਰ 20 ਸਾਲ ਸੀ ਅਤੇ ਉਹ ਨੌਰਥ ਕੈਰੋਲੀਨਾ ਦਾ ਰਹਿਣ ਵਾਲਾ ਸੀ। ਫਿਲਹਾਲ ਉਸਦੀ ਪਛਾਣ ਅਜੇ ਜਨਤਕ ਨਹੀਂ ਕੀਤੀ ਗਈ ਹੈ ਅਤੇ ਮਾਮਲੇ ਦੀ ਜਾਂਚ ਜਾਰੀ ਹੈ।ਰਾਸ਼ਟਰਪਤੀ ਦੀ ਸੁਰੱਖਿਆ ਕਰਨ ਵਾਲੀ ਏਜੰਸੀ ਸੀਕਰੇਟ ਸਰਵਿਸ ਨੇ ਦੱਸਿਆ ਕਿ ਨੌਜਵਾਨ ਗੈਰ-ਕਾਨੂੰਨੀ ਤਰੀਕੇ ਨਾਲ ਸੁਰੱਖਿਅਤ ਇਲਾਕੇ ਵਿੱਚ ਦਾਖਲ ਹੋਣ ਦੀ ਕੋਸ਼ਿਸ਼ ਕਰ ਰਿਹਾ ਸੀ। ਉਹ ਆਪਣੇ ਨਾਲ ਇੱਕ ਸ਼ਾਟਗਨ ਅਤੇ ਫਿਊਲ ਕੈਨ ਲੈ ਕੇ ਆਇਆ ਸੀ। ਘਟਨਾ ਦੇ ਸਮੇਂ ਰਾਸ਼ਟਰਪਤੀ ਟਰੰਪ ਵਾਸ਼ਿੰਗਟਨ ਡੀ.ਸੀ. ਵਿੱਚ ਵ੍ਹਾਈਟ ਹਾਊਸ ਵਿੱਚ ਮੌਜੂਦ ਸਨ। ਆਮ ਤੌਰ 'ਤੇ ਉਹ ਵੀਕੈਂਡ 'ਤੇ ਮਾਰ-ਏ-ਲਾਗੋ ਵਿੱਚ ਸਮਾਂ ਬਿਤਾਉਂਦੇ ਹਨ।

ਅਧਿਕਾਰੀਆਂ ਨੇ ਪ੍ਰੈੱਸ ਕਾਨਫਰੰਸ ਕਰਕੇ ਦੱਸਿਆ ਕਿ ਰਿਜ਼ੋਰਟ ਦੇ ਨੌਰਥ ਗੇਟ ਤੋਂ ਇੱਕ ਕਾਰ ਬਾਹਰ ਨਿਕਲ ਰਹੀ ਸੀ, ਇਸੇ ਦੌਰਾਨ ਨੌਜਵਾਨ ਨੇ ਅੰਦਰ ਵੜਨ ਦੀ ਕੋਸ਼ਿਸ਼ ਕੀਤੀ। ਉਸ ਕੋਲ ਸ਼ਾਟਗਨ ਅਤੇ ਫਿਊਲ ਕੈਨ ਸੀ। ਸੀਕਰੇਟ ਸਰਵਿਸ ਦੇ ਦੋ ਏਜੰਟਾਂ ਨੇ ਉਸ ਨੂੰ ਰੋਕਿਆ ਅਤੇ ਉਸ ਨੂੰ ਹਥਿਆਰ ਤੇ ਕੈਨ ਹੇਠਾਂ ਸੁੱਟਣ ਲਈ ਕਿਹਾ।

ਨੌਜਵਾਨ ਨੇ ਕੈਨ ਤਾਂ ਰੱਖ ਦਿੱਤਾ, ਪਰ ਸ਼ਾਟਗਨ ਨੂੰ ਗੋਲੀ ਚਲਾਉਣ ਦੀ ਪੁਜ਼ੀਸ਼ਨ ਵਿੱਚ ਉੱਪਰ ਉਠਿਆ। ਇਸ ਤੋਂ ਬਾਅਦ ਸੁਰੱਖਿਆ ਕਰਮਚਾਰੀਆਂ ਨੇ ਗੋਲੀ ਚਲਾਈ ਅਤੇ ਉਹ ਢੇਰ ਹੋ ਗਿਆ।

# ਨਦੀ ਵਿੱਚ ਡਿੱਗੀ ਬੱਸ 18 ਲੋਕਾਂ ਦੀ ਮੌਤ, 25 ਜ਼ਖਮੀ

ਕਾਠਮੰਡੂ
ਸਾਂਝੀ ਸੋਚ ਬਿਊਰੋ

ਜ਼ਿਲ੍ਹਾ ਪ੍ਰਸ਼ਾਸਨ ਦਫ਼ਤਰ, ਧਾਡਿੰਗ ਦੇ ਇੱਕ ਸੀਨੀਅਰ ਅਧਿਕਾਰੀ ਨੇ ਦੱਸਿਆ ਕਿ ਸੋਮਵਾਰ ਸਵੇਰੇ ਪੱਛਮੀ ਪੋਖਰਾ ਤੋਂ ਰਾਜਧਾਨੀ ਕਾਠਮੰਡੂ ਜਾ ਰਹੀ ਇੱਕ ਬੱਸ ਦੇ ਕੇਂਦਰੀ ਜ਼ਿਲ੍ਹੇ ਧਾਡਿੰਗ ਵਿੱਚ ਤ੍ਰਿਸ਼ੂਲੀ ਨਦੀ ਵਿੱਚ ਡਿੱਗਣ ਨਾਲ ਘੱਟੋ-ਘੱਟ 18 ਲੋਕਾਂ ਦੀ ਮੌਤ ਹੋ ਗਈ। ਨੇਪਾਲੀ ਮੀਡੀਆ ਦੇ ਅਨੁਸਾਰ, ਇਸ ਹਾਦਸੇ ਵਿੱਚ 18 ਲੋਕਾਂ ਦੀ ਮੌਤ ਹੋ ਗਈ, ਜਦੋਂ ਕਿ 25 ਜ਼ਖਮੀ ਹੋ ਗਏ। ਮ੍ਰਿਤਕਾਂ ਵਿੱਚ ਇੱਕ ਪੁਰਸ਼ ਅਤੇ ਇੱਕ ਔਰਤ ਵਿਦੇਸ਼ੀ ਨਾਗਰਿਕ ਸ਼ਾਮਲ ਹੈ। ਹਾਲਾਂਕਿ, ਉਨ੍ਹਾਂ ਦੀ ਕੌਮੀਅਤ ਅਤੇ ਉਨ੍ਹਾਂ ਦੇ ਨਾਮ ਅਜੇ ਤੱਕ ਜਾਰੀ ਨਹੀਂ ਕੀਤੇ ਗਏ ਹਨ।ਆਰਮਡ ਪੁਲਿਸ ਫੋਰਸ (ਏਪੀਐਫ) ਦੇ ਅਨੁਸਾਰ, ਹੁਣ ਤੱਕ 17 ਲਾਸ਼ਾਂ ਬਰਾਮਦ ਕੀਤੀਆਂ ਗਈਆਂ ਹਨ। ਬਾਅਦ ਵਿੱਚ, ਇੱਕ ਹੋਰ ਯਾਤਰੀ ਦੀ ਮੌਤ ਦੀ ਪੁਸ਼ਟੀ ਹੋਈ, ਜਿਸ ਨਾਲ ਮੌਤਾਂ ਦੀ ਗਿਣਤੀ 18 ਹੋ ਗਈ।

ਜ਼ਖਮੀਆਂ ਨੂੰ ਬਚਾਇਆ ਗਿਆ ਅਤੇ ਵੱਖ-ਵੱਖ ਹਸਪਤਾਲਾਂ ਵਿੱਚ ਦਾਖਲ ਕਰਵਾਇਆ ਗਿਆ। ਮ੍ਰਿਤਕਾਂ ਅਤੇ ਜ਼ਖਮੀਆਂ ਦੀ ਪਛਾਣ ਅਜੇ ਤੱਕ ਸਥਾਪਤ ਨਹੀਂ ਕੀਤੀ ਗਈ ਹੈ।ਬੱਸ ਪੋਖਰਾ ਤੋਂ ਕਾਠਮੰਡੂ ਜਾ ਰਹੀ ਸੀ ਜਦੋਂ ਡਰਾਈਵਰ ਨੇ ਕੰਟਰੋਲ ਗੁਆ ਦਿੱਤਾ ਅਤੇ ਬੱਸ ਤ੍ਰਿਸ਼ੂਲੀ ਨਦੀ ਵਿੱਚ ਡਿੱਗ ਗਈ। ਹਾਦਸਾ ਧਾਡਿੰਗ ਜ਼ਿਲ੍ਹੇ ਦੇ ਬੇਨੀਘਾਟ ਰੋਰੰਗ ਖੇਤਰ ਵਿੱਚ ਸਵੇਰੇ 1:30 ਵਜੇ ਦੇ ਕਰੀਬ ਵਾਪਰਿਆ। ਪੁਲਿਸ ਇਸ ਸਮੇਂ ਹਾਦਸੇ ਦੇ ਹੋਰ ਕਾਰਨਾਂ ਦੀ ਜਾਂਚ ਕਰ ਰਹੀ ਹੈ। ਮ੍ਰਿਤਕਾਂ ਵਿੱਚ 12 ਪੁਰਸ਼ ਅਤੇ 6 ਔਰਤਾਂ ਸ਼ਾਮਲ ਹਨ। ਪੁਲਿਸ



ਨੇ ਦੱਸਿਆ ਕਿ ਹਾਦਸੇ ਸਮੇਂ ਬੱਸ ਵਿੱਚ ਕੁੱਲ 44 ਯਾਤਰੀ ਸਵਾਰ ਸਨ।26 ਜ਼ਖਮੀ ਯਾਤਰੀਆਂ ਨੂੰ ਬਚਾਇਆ ਗਿਆ। ਕੁਝ ਦਾ ਸਥਾਨਕ ਹਸਪਤਾਲ ਵਿੱਚ ਇਲਾਜ ਕੀਤਾ ਜਾ ਰਿਹਾ ਹੈ, ਜਦੋਂ ਕਿ ਜ਼ਿਆਦਾਤਰ ਨੂੰ ਅਗਲੇ ਇਲਾਜ ਲਈ ਕਾਠਮੰਡੂ ਰੈਫਰ ਕਰ ਦਿੱਤਾ ਗਿਆ ਹੈ।

# ਭਾਰਤ-ਅਫਰੀਕਾ ਸਬੰਧ ਨਵੇਂ ਪੜਾਅ ਵਿੱਚ ਦਾਖਲ

ਨਵੀਂ ਦਿੱਲੀ
ਸਾਂਝੀ ਸੋਚ ਬਿਊਰੋ

ਸੋਮਵਾਰ ਨੂੰ ਇੱਥੇ ਚਿੰਤਨ ਰਿਸਰਚ ਫਾਊਂਡੇਸ਼ਨ (ਸੀਆਰਐਫ) ਦੁਆਰਾ ਆਯੋਜਿਤ ਇੱਕ ਕਾਨਫਰੰਸ ਵਿੱਚ ਡੈਲੀਗੇਟਾਂ ਦੇ ਅਨੁਸਾਰ ,ਜਿਵੇਂ ਕਿ ਵਿਸ਼ਵ ਸ਼ਕਤੀ ਢਾਂਚੇ ਢਾਂਚਾਗਤ ਪੁਨਰਗਠਨ ਤੋਂ ਗੁਜ਼ਰ ਰਹੇ ਹਨ, ਭਾਰਤ-ਅਫਰੀਕਾ ਦੀ ਸ਼ਮੂਲੀਅਤ ਨਾ ਸਿਰਫ਼ ਇਤਿਹਾਸਕ ਏਕਤਾ ਦੇ ਰੂਪ ਵਿੱਚ, ਸਗੋਂ ਇੱਕ ਹੋਰ ਬਰਾਬਰੀ ਵਾਲੇ ਅਤੇ ਬਹੁ-ਧਰੁਵੀ ਵਿਸ਼ਵ ਵਿਵਸਥਾ ਨੂੰ ਆਕਾਰ ਦੇਣ ਵਾਲੀ ਇੱਕ ਅਗਾਂਹਵਧੂ ਭਾਈਵਾਲੀ ਦੇ ਰੂਪ ਵਿੱਚ ਵਧਦੀ ਜਾ ਰਹੀ ਹੈ।ਇਸ ਸਮਾਗਮ ਵਿੱਚ ਮੁੱਖ ਭਾਸ਼ਣ ਵਿੱਚ, ਵਿਦੇਸ਼ ਮੰਤਰਾਲੇ ਦੇ ਸਕੱਤਰ (ਆਰਥਿਕ ਸਬੰਧ), ਸੁਧਾਕਰ ਡੈਲੇਲਾ ਨੇ ਕਿਹਾ: "ਜਿਸ ਅਸ਼ਾਂਤ ਸਮੇਂ ਵਿੱਚ ਅਸੀਂ ਰਹਿ ਰਹੇ ਹਾਂ, ਸਪਲਾਈ ਚੇਨਾਂ ਵਿੱਚ ਵਿਘਨ ਦੇ ਨਾਲ, ਊਰਜਾ ਤਬਦੀਲੀ ਅਤੇ ਜਲਵਾਯੂ ਕਾਰਵਾਈ ਵਿੱਚ ਦੱਖਣ-ਦੱਖਣ ਸਹਿਯੋਗ ਦੀ ਮੰਗ ਕਰਦੇ ਹਨ।"ਭਾਰਤ ਦੀ ਆਰਥਿਕ ਕੂਟਨੀਤੀ ਅਤੇ ਦੱਖਣ-ਦੱਖਣ ਸਹਿਯੋਗ ਢਾਂਚੇ ਵਿੱਚ ਅਫਰੀਕਾ ਦੀ ਕੇਂਦਰੀਤਾ ਨੂੰ ਹੋਰ ਉਜਾਗਰ ਕਰਦੇ ਹੋਏ, ਉਨ੍ਹਾਂ ਦੇ ਸੰਬੋਧਨ ਵਿੱਚ ਅਫਰੀਕਾ ਵਿੱਚ ਵਧ ਰਹੇ ਭਾਰਤੀ ਕੂਟਨੀਤਕ ਪੈਰਾਂ ਦੇ ਨਿਸ਼ਾਨ ਨੂੰ ਸ਼ਾਮਲ ਕੀਤਾ ਗਿਆ, ਅਤੇ ਇਹ ਸਪੱਸ਼ਟ ਕੀਤਾ ਗਿਆ ਕਿ ਭਾਰਤ-ਅਫਰੀਕਾ ਏਕਤਾ ਭਾਰਤ ਦੇ "ਵਸੁਧੈਵ ਕੁਟੁੰਬਕਮ (ਦੁਨੀਆ ਇੱਕ ਪਰਿਵਾਰ ਹੈ)" ਦੇ ਸਿਧਾਂਤ ਦੁਆਰਾ ਦਰਸਾਈ ਗਈ ਹੈ।"ਬਦਲਦੇ ਹੋਏ ਗਲੋਬਲ ਆਰਡਰ ਵਿੱਚ ਭਾਰਤ-ਅਫਰੀਕਾ ਭਾਈਵਾਲੀ" ਥੀਮ ਦੇ ਨਾਲ ਇੱਕ ਦਿਨ ਚੱਲਣ ਵਾਲੀ ਇਹ ਕਾਨਫਰੰਸ ਸੀਆਰਐਫ ਦੁਆਰਾ ਯੂਐਸਏਐਨਏਐਸ ਫਾਊਂਡੇਸ਼ਨ, ਉਦੈਪੁਰ ਦੇ ਸਹਿਯੋਗ ਨਾਲ ਆਯੋਜਿਤ ਕੀਤੀ ਗਈ ਸੀ। ਇਸਨੇ ਤੇਜ਼ੀ ਨਾਲ ਬਦਲ ਰਹੇ ਗਲੋਬਲ ਲੈਂਡਸਕੇਪ ਦੇ ਵਿਚਕਾਰ ਭਾਰਤ-ਅਫਰੀਕਾ ਸ਼ਮੂਲੀਅਤ ਦੇ ਵਿਕਸਤ ਹੋ ਰਹੇ ਰੂਪਾਂ 'ਤੇ ਵਿਚਾਰ-ਵਟਾਂਦਰਾ ਕਰਨ ਲਈ ਰਾਜਦੂਤਾਂ, ਸੀਨੀਅਰ ਡਿਪਲੋਮੈਟਾਂ, ਨੀਤੀ ਨਿਰਮਾਤਾਵਾਂ, ਵਿਦਵਾਨਾਂ ਅਤੇ ਰਣਨੀਤਕ ਵਿਸ਼ਲੇਸ਼ਕਾਂ ਨੂੰ ਇਕੱਠਾ ਕੀਤਾ।

ਪੈਨਲਿਸਟਾਂ ਨੇ ਜ਼ੋਰ ਦਿੱਤਾ ਕਿ ਭਾਰਤ-ਅਫਰੀਕਾ ਭਾਈਵਾਲੀ ਨੂੰ ਡਿਜੀਟਾਈਜ਼ੇਸ਼ਨ, ਮਹੱਤਵਪੂਰਨ ਖਣਿਜਾਂ ਅਤੇ ਜਲਵਾਯੂ ਕਾਰਵਾਈ ਵਰਗੇ ਨਵੇਂ ਖੇਤਰਾਂ ਵਿੱਚ ਫੈਲਣ ਦੀ ਜ਼ਰੂਰਤ ਹੈ, ਜਦੋਂ ਕਿ ਵਪਾਰ, ਲੋਕਾਂ ਤੋਂ ਲੋਕਾਂ ਦੇ ਸੰਪਰਕ ਅਤੇ ਸੁਰੱਖਿਆ ਚੁਣੌਤੀਆਂ ਵਰਗੇ ਪਹਿਲੂਆਂ ਵਿੱਚ ਭਾਈਵਾਲੀ ਨੂੰ ਮਜ਼ਬੂਤ ਕਰਨਾ ਚਾਹੀਦਾ ਹੈ।ਡੈਲੀਗੇਟਾਂ ਦਾ ਸਵਾਗਤ ਕਰਦੇ ਹੋਏ, ਸੀਆਰਐਫ ਦੇ ਪ੍ਰਧਾਨ ਸ਼ਿਸ਼ਿਰ ਪ੍ਰਿਯਦਰਸ਼ੀ, ਅਤੇ




ਯੂਐਸਏਐਨਏਐਸ ਫਾਊਂਡੇਸ਼ਨ ਦੇ ਸੰਸਥਾਪਕ ਅਤੇ ਸੀਈਓ, ਡਾ. ਅਭਿਨਵ ਪੰਡਯਾ ਨੇ ਜ਼ੋਰ ਦਿੱਤਾ ਕਿ ਭਾਰਤ-ਅਫਰੀਕਾ ਨੂੰ ਆਪਣੇ ਸਬੰਧਾਂ ਨੂੰ ਮਜ਼ਬੂਤ ਕਰਨਾ ਚਾਹੀਦਾ ਹੈ, ਖਾਸ ਕਰਕੇ ਵਪਾਰ ਵਿੱਚ। ਗਲੋਬਲ ਆਰਡਰ ਦੇ ਅੰਦਰ ਮੌਜੂਦਾ ਵਿਖੰਡਨ ਵਪਾਰ ਦੀ ਅਣਦੇਖੀ ਦੁਆਰਾ ਪ੍ਰਭਾਵਿਤ ਹੈ ਜੋ ਭਾਰਤ-ਅਫਰੀਕਾ ਭਾਈਵਾਲੀ ਵਿੱਚ ਵਾਧੇ ਨੂੰ ਨੁਕਸਾਨ ਪਹੁੰਚਾਏਗਾ। ਉਨ੍ਹਾਂ ਨੇ ਭਾਰਤ-ਅਫਰੀਕਾ ਭਾਈਵਾਲੀ ਦੇ ਇਤਿਹਾਸਕ ਪਹਿਲੂਆਂ 'ਤੇ ਜ਼ੋਰ ਦਿੱਤਾ ਅਤੇ ਦੱਖਣੀ-ਦੱਖਣੀ ਸਹਿਯੋਗ ਦੇ ਉਦੇਸ਼ ਨਾਲ ਮਜ਼ਬੂਤ ਗਲੋਬਲ ਸੰਸਥਾਵਾਂ ਅਤੇ ਸੁਰੱਖਿਆ ਢਾਂਚੇ ਦੀ ਜ਼ਰੂਰਤ 'ਤੇ ਜ਼ੋਰ ਦਿੱਤਾ।ਵਿਚਾਰ-ਵਟਾਂਦਰੇ ਦੌਰਾਨ, ਪੈਨਲਿਸਟਾਂ ਨੇ ਇਸ ਗੱਲ 'ਤੇ ਜ਼ੋਰ ਦਿੱਤਾ ਕਿ ਵਪਾਰ, ਤਕਨਾਲੋਜੀ ਅਤੇ ਅੰਤਰ-ਰਾਸ਼ਟਰੀ ਸੰਪਰਕ ਵਿੱਚ ਭਾਰਤ-ਅਫਰੀਕਾ ਭਾਈਵਾਲੀ ਦੀ ਮਜ਼ਬੂਤੀ ਕਈ ਤਰ੍ਹਾਂ ਦੇ ਮੌਕੇ ਅਤੇ ਚੁਣੌਤੀਆਂ ਪੈਦਾ ਕਰਦੀ ਹੈ। ਕਿਉਂਕਿ ਭਾਰਤ ਅਤੇ ਅਫਰੀਕਾ ਪਹਿਲਾਂ ਹੀ 2024-25 ਵਿੱਚ ਵਪਾਰ ਵਿੱਚ $100 ਬਿਲੀਅਨ ਨੂੰ ਪਾਰ ਕਰ ਚੁੱਕੇ ਹਨ, ਦੋਵਾਂ ਧਿਰਾਂ ਨੇ 2030 ਤੱਕ $200 ਬਿਲੀਅਨ ਦਾ ਟੀਚਾ ਰੱਖਿਆ ਹੈ, ਇਸ ਗੱਲ 'ਤੇ ਜ਼ੋਰ ਦਿੱਤਾ ਗਿਆ ਕਿ ਭਾਰਤ ਨੂੰ ਵਪਾਰ ਨੂੰ ਹੋਰ ਵਧਾਉਣ ਲਈ ਅਫਰੀਕਾ ਨਾਲ ਵਧੇਰੇ ਇਕਜੁੱਟਤਾ ਨਾਲ ਜੁੜਨਾ ਚਾਹੀਦਾ ਹੈ।

ਭਾਰਤ ਵਿੱਚ ਦੱਖਣੀ ਅਫਰੀਕਾ ਦੇ ਹਾਈ ਕਮਿਸ਼ਨਰ ਅਤੇ ਸਾਬਕਾ ਜੀ20 ਅਤੇ ਬ੍ਰਿਕਸ ਸ਼ੇਰਪਾ ਅਨਿਲ ਸੂਕਲਾਲ ਨੇ ਤਕਨੀਕੀ ਸਹਿਯੋਗ ਦੇ ਤਿੰਨ ਮੁੱਖ ਪਹਿਲੂਆਂ ਨੂੰ ਉਜਾਗਰ ਕੀਤਾ, ਜਿਸ ਵਿੱਚ ਭੋਜਨ ਸੁਰੱਖਿਆ ਲਈ ਖੇਤੀਬਾੜੀ ਖੇਤਰ ਵਿੱਚ ਨਵੀਨਤਾਵਾਂ ਨੂੰ ਸਾਂਝਾ ਕਰਨਾ ਅਤੇ ਸਮਰੱਥਾ ਨਿਰਮਾਣ ਅਤੇ ਹੁਨਰ ਵਿਕਾਸ ਵਿੱਚ ਸਹਾਇਤਾ ਸ਼ਾਮਲ ਹੈ, ਜਿਨ੍ਹਾਂ 'ਤੇ ਚੌਥੇ ਭਾਰਤ-ਅਫਰੀਕਾ ਫੋਰਮ ਸੰਮੇਲਨ ਵਿੱਚ ਵਿਚਾਰ ਕੀਤਾ ਜਾਵੇਗਾ। ਅਫਰੀਕੀ ਮਹਾਂਦੀਪੀ ਮੁਕਤ ਵਪਾਰ ਖੇਤਰ ਦੀ ਪਰਿਵਰਤਨਸ਼ੀਲ ਸੰਭਾਵਨਾ ਦੀ ਪੜਚੋਲ ਕਰਦੇ ਹੋਏ, ਉਨ੍ਹਾਂ ਨੇ ਜ਼ੋਰ ਦਿੱਤਾ ਕਿ ਭਾਰਤ ਨੂੰ ਵੱਡੇ ਅਫਰੀਕਾ ਨਾਲ ਸਬੰਧਾਂ ਦੇ ਮਾਮਲੇ ਵਿੱਚ ਇੱਕ ਠੋਸ ਬਲੂਪ੍ਰਿੰਟ ਦੀ ਲੋੜ ਹੈ।ਭਾਰਤ-ਅਫ਼ਰੀਕਾ ਉਦਯੋਗਿਕ ਸਹਿਯੋਗ ਦੇ ਵਿਕਾਸ 'ਤੇ ਚਰਚਾ ਕਰਦੇ ਹੋਏ, ਇਹ ਦੱਸਿਆ ਗਿਆ ਕਿ ਅਫ਼ਰੀਕਾ ਦੇ ਉਦਯੋਗੀਕਰਨ ਵਿੱਚ ਭਾਰਤ ਦੀ ਭੂਮਿਕਾ ਮਹੱਤਵਪੂਰਨ ਹੈ ਕਿਉਂਕਿ ਭਾਰਤ ਵਿੱਤ, ਗਿਆਨ ਅਤੇ ਹੁਨਰ ਦਾ ਸੁਮੇਲ ਪੇਸ਼ ਕਰਦਾ ਹੈ।ਰਾਜਦੂਤ ਅਨਿਲ ਵਧਾਵਾ ਨੇ ਇਸ ਗੱਲ 'ਤੇ ਜ਼ੋਰ ਦਿੱਤਾ ਕਿ ਤਕਨਾਲੋਜੀ, ਬੰਦਰਗਾਹਾਂ ਅਤੇ ਬੁਨਿਆਦੀ ਢਾਂਚੇ ਵਿੱਚ ਭਾਰਤ-ਅਫ਼ਰੀਕਾ ਸਹਿਯੋਗ ਸਿਰਫ਼ ਸੰਪਤੀਆਂ ਬਣਾਉਣ ਬਾਰੇ ਨਹੀਂ ਹੈ, ਸਗੋਂ ਇਹ ਬਦਲਦੇ ਵਿਸ਼ਵ ਵਿਵਸਥਾ ਵਿੱਚ ਭਵਿੱਖ ਦੇ ਸਹਿ-ਆਰਕੀਟੈਕਟ ਬਾਰੇ ਹੈ। ਉਨ੍ਹਾਂ ਅੱਗੇ ਕਿਹਾ ਕਿ ਡਿਜੀਟਾਈਜ਼ੇਸ਼ਨ ਦੇ ਭਾਰਤ ਦੇ ਤਜਰਬੇ ਨੂੰ ਸਹਿ-ਸਾਂਝਾ ਕਰਨ ਦੀ ਵੀ ਲੋੜ ਸੀ।

ਕਾਨਫਰੰਸ ਨੇ ਸਮਕਾਲੀ ਵਿਸ਼ਵ ਦ੍ਰਿਸ਼ਟੀਕੋਣ ਦੇ ਅੰਦਰ ਭਾਰਤ-ਅਫ਼ਰੀਕਾ ਭਾਈਵਾਲੀ ਨੂੰ ਮਜ਼ਬੂਤ ਕਰਨ ਅਤੇ ਨੈਵੀਗੇਟ ਕਰਨ ਦੇ ਤਰੀਕਿਆਂ ਦੀ ਵੀ ਖੋਜ ਕੀਤੀ।ਭਾਰਤ ਵਿੱਚ ਬੁਰਕੀਨਾ ਫਾਸੋ ਦੇ ਰਾਜਦੂਤ, ਡਾ. ਡਿਜ਼ਾਇਰ ਬੋਨੀਫੇਸ ਸੋਮ, ਭਾਰਤ ਵਿੱਚ ਬੁਰਕੀਨਾ ਫਾਸੋ ਦੇ ਰਾਜਦੂਤ ਨੇ ਕਿਹਾ ਕਿ ਅਮਰੀਕਾ ਵਿੱਚ ਰਾਸ਼ਟਰਪਤੀ ਡੋਨਾਲਡ ਟਰੰਪ ਦੇ ਸੱਤਾ ਵਿੱਚ ਆਉਣ ਨਾਲ, ਵਿਸ਼ਵ ਵਿਵਸਥਾ ਵਿੱਚ ਇੱਕ ਨਵੇਂ ਢਾਂਚੇ ਦਾ ਉਭਾਰ ਹੋ ਰਿਹਾ ਹੈ। ਉੱਭਰ ਰਹੇ ਵਿਸ਼ਵ ਵਿਵਸਥਾ ਦੇ ਅੰਦਰ, ਇਸ ਗੱਲ 'ਤੇ ਧਿਆਨ ਕੇਂਦਰਿਤ ਕਰਨਾ ਜ਼ਰੂਰੀ ਹੈ ਕਿ ਭਾਰਤ-ਅਫ਼ਰੀਕਾ ਸਹਿਯੋਗ ਕਿਵੇਂ ਆਪਸੀ ਲਾਭਦਾਇਕ, ਜਿੱਤ-ਜਿੱਤ ਦੇ ਨਤੀਜੇ ਪ੍ਰਦਾਨ ਕਰ ਸਕਦਾ ਹੈ।ਵਿਚਾਰ-ਵਟਾਂਦਰੇ ਵਿੱਚ ਇਹ ਵੀ ਸੰਭਾਵਨਾਵਾਂ 'ਤੇ ਚਰਚਾ ਕੀਤੀ ਗਈ ਕਿ ਅਫਰੀਕਾ ਵਿੱਚ ਮਹਾਨ ਸ਼ਕਤੀਆਂ ਦੀ ਸ਼ਮੂਲੀਅਤ ਦੇ ਅੰਦਰ ਭਾਰਤ-ਅਫਰੀਕਾ ਭਾਈਵਾਲੀ ਨੂੰ ਕਿਵੇਂ ਮਜ਼ਬੂਤ ਕੀਤਾ ਜਾ ਸਕਦਾ ਹੈ। ਬੁਲਾਰਿਆਂ ਨੇ ਸਵੀਕਾਰ ਕੀਤਾ ਕਿ ਜੀ20 ਵਿੱਚ ਅਫਰੀਕੀ ਯੂਨੀਅਨ ਨੂੰ ਸ਼ਾਮਲ ਕਰਨਾ ਭਾਰਤ-ਅਫਰੀਕਾ ਭਾਈਵਾਲੀ ਵਿੱਚ ਇੱਕ ਵੱਡੀ ਸਫਲਤਾ ਸੀ, ਜਦੋਂ ਕਿ ਰਣਨੀਤਕ ਕਨਵਰਜੈਂਸ ਨੂੰ ਸੰਬੋਧਿਤ ਕੀਤਾ ਗਿਆ, ਖਾਸ ਕਰਕੇ ਗਤੀਸ਼ੀਲ ਵਿਸ਼ਵ ਵਿਵਸਥਾ ਦੇ ਅਧੀਨ।

Space available for Ad
Contact # +1 (209) 303-1260


SERVPRO
OF TRACY
Cleaning. Restoration. Construction.
ਅਸੀਂ ਸਾਰੇ ਕੰਮ California ਦੇ Environmental, Restoration Standards ਅਤੇ Insurance Guidlines ਦੀ Compliance ਵਿੱਚ ਕਰਦੇ ਹਾਂ
ਅਸੀਂ Insurance Companies ਦੇ National Account 'ਤੇ ਹਾਂ
ਅੱਗ ਲੱਗਣ, ਪਾਣੀ ਅਤੇ Mold ਨਾਲ ਖ਼ਰਾਬ ਹੋਈ ਇਮਾਰਤ ਅਤੇ ਸਮਾਨ ਦੀ ਸਫ਼ਾਈ ਕਰਦੇ ਹਾਂ | ਨੁਕਸਾਨ ਹੋਈ ਇਮਾਰਤ ਅਤੇ ਸਮਾਨ ਦੀ Insurance ਨੂੰ ਰਿਪੋਰਟ ਕਰਕੇ ਮਾਲਕ ਨੂੰ ਪੈਸੇ ਦਵਾਉਂਦੇ ਹਾਂ
Before
After
• ਪਾਣੀ ਨਾਲ ਨੁਕਸਾਨ ਦੀ ਮੁਰੰਮਤ
• ਕਾਰਪੇਟ ਅਤੇ ਫਰਨੀਚਰ ਸੁਕਾਉਣਾ
• ਛੱਤ ਅਤੇ ਕੰਧਾਂ ਦੀ ਉੱਲੀ (Mold) ਹਟਾਉਣਾ
• Insurance ਕੰਪਨੀ ਨਾਲ ਕਲੇਮ ਦਵਾਉਣ ਵਿੱਚ ਮਦਦ
Before
After
ਅਸੀਂ Mt.House, Tracy, Lathrop, Stockton, Manteca, Ripon, Modesto, Ceres ਅਤੇ Turlock ਤੱਕ ਕੰਮ ਕਰਦੇ ਹਾਂ
2275 N Mac Arthur Dr Tracy, CA 95376
CONTACT FOR MORE INFORMATION
DEEPINDER MAHAL
President
Office (209) 834-0200
Cell (408) 963-7702


CIS
CALIFORNIA
IMMIGRATION SERVICES
YOUR REGISTERED & BONDED "IMMIGRATION-CONSULTANTS"
FAMILY PETITION
CITIZENSHIP
GREEN CARD PETITION
BUSINESS/VISITOR VISA
STUDENT VISA
CANADA VISA & P.R VARIOUS IMMIGRATION SERVICES
LIVE SCAN SERVICE
FEE $25.00
ROLLING FEE PER LIVE SCAN
NOTARY SERVICES
FEE $10.00
(408)422-8585
(510)573-3666
Fremont Office: 4127 Bay Street, Suite5
Manteca Office: 123 Sycamore Ave, Suite 201-E
www.caials.com
rosy@caials.com

# CAPITAL SERVICES

INSURANCE | VEHICLE REG. | IMMIGRATION | NOTARY PUBLIC | LIVE SCAN

ਸੈਕਰਾਮੈਂਟੋ, ਕੈਲੀਫੋਰਨੀਆ

AUTO · HOME · TRUCK · BUSINESS · LIFE · MEDICAL

## ਪਾਸਪੋਰਟ / ਵੀਜਾ

* ਓ ਸੀ ਆਈ
* ਸਰੈਂਡਰ ਸਰਟੀਫਿਕੇਟ, ਪੈਨ ਕਾਰਡ
* ਫੈਮਲੀ ਪਟੀਸ਼ਨ * ਗਰੀਨ ਕਾਰਡ
* ਸਿਟੀਜਨ * ਵਸੀਅਤ *Living Trust
* ਫੈਮਲੀ ਪਟੀਸ਼ਨ *Legal Documents

The Attorney has 25 years of experience in your favor for all legal services.

## Vehicle Registration

(Approved by CA DMV)

* ਕਾਰ ਸਟਿੱਕਰ ਸਲਾਨਾ
* ਕਾਰ ਟਰਾਂਸਫਰ
* ਪਲੇਟਾਂ ਤੇ ਸਟਿੱਕਰ
* ਕਮਰਸ਼ੀਅਲ ਵਹੀਕਲ
* Vin Verification

Lic.43779

## Other Services

* Live Scan / Fingerprints
* Covered California.
* Drug Testing * Alcohol Test
* Notary Services
* International Driver Lic.

Lic. 6000947



**Office Ph.(916) 427-4321**

6624 FLORIN ROAD, SACRAMENTO CA, 95828
FAX: 916)258-0441, Cell: (916)308-7997
Email: sacramento99@yahoo.com Website: www.capitalservices.us



Capital DRUG TESTING

# CAPITAL DRUG TESTING

Drug and Alcohol Test

## DOT / NON DOT

PRE EMPLOYMENT - RANDOM
POST ACCIDENT - REASONABLE SUSPICION

Services: DOT Random Prog., FMCSA Clearinghouse, DOT Supervisor Training, SAP Classes Etc.

**Lab. Ph:(916) 680-9293**

6624 Florin Road
Sacramento CA, 95828
Email: capitaldrugtest@gmail.com
Website: www.capitaldrugtest.com



# ਪੰਜਾਬ ਸਰਕਾਰ ਵੱਲੋਂ ਜਲਦ ਕਰਵਾਈ ਜਾਵੇਗੀ ਐਨ.ਆਰ.ਆਈ ਮਿਲਣੀ: ਡਾ. ਰਵਜੋਤ ਸਿੰਘ

ਲੰਦਨ
ਸਾਂਝੀ ਸੋਚ ਬਿਊਰੋ

ਪੰਜਾਬ ਸਰਕਾਰ ਵੱਲੋਂ ਜਲਦ ਹੀ ਜ਼ਿਲ੍ਹਾ ਵਾਰ ਐਨ.ਆਰ.ਆਈ ਮਿਲਣੀਆਂ ਦਾ ਆਯੋਜਨ ਕੀਤਾ ਜਾਵੇਗਾ। ਇਹ ਜਾਣਕਾਰੀ ਅੱਜ ਇੱਥੇ ਐਨ.ਆਰ.ਆਈ. ਮਾਮਲਿਆਂ ਸਬੰਧੀ ਵਿਭਾਗੀ ਉੱਚ ਪੱਧਰੀ ਮੀਟਿੰਗ ਦੀ ਪ੍ਰਧਾਨਗੀ ਕਰਨ ਉਪਰੰਤ ਕੈਬਨਿਟ ਮੰਤਰੀ ਡਾ. ਰਵਜੋਤ ਸਿੰਘ ਨੇ ਦਿੱਤੀ।

ਡਾ. ਰਵਜੋਤ ਸਿੰਘ ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਵਿਦੇਸ਼ਾਂ ਵਿੱਚ ਵਸਦੇ ਪੰਜਾਬੀ ਐਨ.ਆਰ.ਆਈਜ਼ ਦੀਆਂ ਸਮੱਸਿਆਵਾਂ ਨੂੰ ਹੱਲ ਕਰਨ ਲਈ ਐਨ.ਆਰ.ਆਈ ਮਿਲਣੀਆਂ ਦਾ ਆਯੋਜਨ ਲਗਾਤਾਰ ਕੀਤਾ ਜਾ ਰਿਹਾ ਹੈ ਅਤੇ ਇਸੇ ਦਿਸ਼ਾ ਵਿੱਚ ਚਾਲੂ ਸਾਲ ਦੌਰਾਨ ਸੂਬੇ ਦੇ ਹਰੇਕ ਜ਼ਿਲ੍ਹੇ ਵਿੱਚ ਐਨ.ਆਰ.ਆਈਜ਼ ਮਿਲਣੀਆਂ ਕਰਵਾਈਆਂ ਜਾਣਗੀਆਂ।

ਕੈਬਨਿਟ ਮੰਤਰੀ ਨੇ ਦੱਸਿਆ ਕਿ ਸਾਡਾ ਮੁੱਖ ਮਕਸਦ ਐਨ.ਆਰ.ਆਈਜ ਨੂੰ ਦਰਪੇਸ਼ ਸਮੱਸਿਆਵਾਂ ਦਾ ਹੱਲ ਉਨ੍ਹਾਂ ਦੇ ਕੋਲ ਪਹੁੰਚ ਕੇ ਕਰਨਾ ਹੈ ਤਾਂ ਜੋ ਉਨ੍ਹਾਂ ਨੂੰ ਸਰਕਾਰੀ ਦਫ਼ਤਰਾਂ ਦੇ ਬੇਲੋੜੇ ਚੱਕਰ ਨਾ ਕੱਟਣੇ ਪੈਣ। ਉਨ੍ਹਾਂ ਅਧਿਕਾਰੀਆਂ ਨੂੰ ਹਦਾਇਤਾਂ ਦਿੱਤੀਆਂ ਕਿ ਐਨ.ਆਰ.ਆਈਜ ਦੇ ਮਸਲੇ ਤੇ ਸ਼ਿਕਾਇਤਾਂ ਤੈਅ ਸਮੇਂ ਅੰਦਰ ਹੱਲ ਕੀਤੀਆਂ ਜਾਣ। ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਵਿਦੇਸ਼ਾਂ ਵਿੱਚ ਬੈਠੇ ਪੰਜਾਬੀਆਂ ਦੇ ਹਿੱਤਾਂ ਦੀ ਰਾਖੀ ਲਈ ਵਚਨਬੱਧ ਹੈ।

ਉਨ੍ਹਾਂ ਦੱਸਿਆ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵਿਦੇਸ਼ਾਂ ਵਿੱਚ ਵਸਦੇ ਐਨ.ਆਰ.ਆਈਜ਼ ਪੰਜਾਬੀਆਂ ਦੀਆਂ ਸਮੱਸਿਆਵਾਂ ਨੂੰ ਪਹਿਲ ਦੇ ਆਧਾਰ 'ਤੇ ਹੱਲ ਕਰਨ ਲਈ ਵਚਨਬੱਧ ਹੈ। ਉਨ੍ਹਾਂ ਦੱਸਿਆ ਕਿ ਸਾਡੀ ਸਰਕਾਰ ਨੇ ਐਨ.ਆਰ.ਆਈਜ਼ ਦੀਆਂ ਪੰਜਾਬ ਵਿੱਚ ਪਈਆਂ ਜ਼ਮੀਨ ਜਾਇਦਾਦ ਦੇ ਅਧਿਕਾਰ ਦੀ ਸੁਰੱਖਿਆ ਨੂੰ ਯਕੀਨੀ ਬਣਾਉਣ ਲਈ ਪੁਖਤਾ ਪ੍ਰਬੰਧ ਕੀਤੇ ਹਨ।

ਮੰਤਰੀ ਨੇ ਵਿਭਾਗੀ ਅਧਿਕਾਰੀਆਂ ਨੂੰ ਹਦਾਇਤ ਦਿੰਦਿਆਂ ਕਿਹਾ ਕਿ



ਐਨ.ਆਰ.ਆਈਜ਼ ਸਭਾ ਦੀ ਜਲਦ ਚੋਣ ਕਰਵਾਈ ਜਾਵੇ ਅਤੇ ਇਸ ਸਬੰਧੀ ਲੋੜੀਂਦੀ ਕਾਰਵਾਈ ਨੂੰ ਤੇਜ਼ੀ ਨਾਲ ਨੇਪਰੇ ਚੜ੍ਹਾਇਆ ਜਾਵੇ। ਇਸ ਮੌਕੇ ਐਨ. ਆਰ.ਆਈ ਵਿਭਾਗ ਦੇ ਸਕੱਤਰ ਵੀ. ਐਨ.ਜ਼ਾਦੇ, ਡਵੀਜ਼ਨਲ ਕਮਿਸ਼ਨਰ ਜਲੰਧਰ ਅਤੇ ਸਕੱਤਰ ਸੂਚਨਾ ਤੇ ਲੋਕ ਸੰਪਰਕ ਵਿਭਾਗ ਰਾਮਵੀਰ, ਵਿਸ਼ੇਸ਼ ਸਕੱਤਰ ਐਨ.ਆਰ.ਆਈ ਅਮਨਦੀਪ ਕੌਰ, ਏ.ਡੀ.ਜੀ.ਪੀ ਐਨ.ਆਰ.ਆਈ ਆਰ.ਕੇ. ਜੈਸਵਾਲ, ਵਧੀਕ ਸਕੱਤਰ ਐਨ. ਆਰ.ਆਈ ਆਰ. ਬੀ.ਐਸ ਬਰਾੜ ਅਤੇ ਏ.ਆਈ.ਜੀ ਅਜਿੰਦਰ ਸਿੰਘ ਹਾਜ਼ਰ ਸਨ।

# ਡੇਟਨ ਓਹਾਇਓ ਗੁਰਦੁਆਰਾ ਸਾਹਿਬ ਵਿਖੇ ਸਜਾਇਆ ਗਿਆ "ਰਾਗ ਬਸੰਤ ਕੀਰਤਨ ਦਰਬਾਰ"

ਡੇਟਨ
ਸਾਂਝੀ ਸੋਚ ਬਿਊਰੋ

ਗੁਰਦੁਆਰਾ ਸਿੱਖ ਸੋਸਾਇਟੀ ਆਫ ਡੇਟਨ ਵਿਖੇ ਬੀਤੇ ਦਿਨੀਂ ਬਹੁਤ ਹੀ ਸ਼ਰਧਾ ਅਤੇ ਉਤਸ਼ਾਹ ਨਾਲ 'ਰਾਗ ਬਸੰਤ ਕੀਰਤਨ ਦਰਬਾਰ' ਸਜਾਇਆ ਗਿਆ। ਇਸ ਸਮਾਗਮ ਵਿੱਚ ਡੇਟਨ ਤੋਂ ਇਲਾਵਾ ਕੋਲੰਬਸ ਅਤੇ ਸਿਨਸਿਨੈਟੀ ਦੀਆਂ ਸੰਗਤਾਂ ਨੇ ਵੀ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਕੀਤੀ। ਇਸ ਕੀਰਤਨ ਦਰਬਾਰ ਦੀ ਖਾਸ ਵਿਸ਼ੇਸ਼ਤਾ ਇਹ ਰਹੀ ਕਿ ਬੱਚਿਆਂ ਤੋਂ ਲੈ ਕੇ ਵੱਡਿਆਂ ਤੱਕ, ਲਗਭਗ 45 ਕੀਰਤਨੀਆਂ ਨੇ ਲਗਾਤਾਰ 8 ਘੰਟੇ ਰਾਗ ਬਸੰਤ ਵਿੱਚ ਗੁਰਬਾਣੀ ਦਾ ਗਾਇਨ ਕੀਤਾ। ਇਸ ਸਮਾਗਮ ਦਾ ਮੁੱਖ ਮਨੋਰਥ ਸੰਗਤਾਂ ਨੂੰ ਸਾਡੀ ਅਮੀਰ ਕੀਰਤਨ ਪਰੰਪਰਾ ਅਤੇ ਰਾਗਾਂ ਦੀ ਮਹੱਤਤਾ ਤੋਂ ਜਾਣੂ ਕਰਵਾਉਣਾ ਸੀ।

ਕੋਲੰਬਸ ਗੁਰਦੁਆਰਾ ਸਾਹਿਬ ਤੋਂ ਵਿਸ਼ੇਸ਼ ਤੌਰ 'ਤੇ ਪੁੱਜੇ ਭਾਈ ਕੁਲਵੰਤ ਸਿੰਘ ਜੀ ਨੇ ਸੰਗਤਾਂ ਨਾਲ ਗੁਰਮਤਿ ਸੰਗੀਤ ਦੇ ਵਿਚਾਰ ਸਾਂਝੇ ਕਰਦਿਆਂ ਦੱਸਿਆ ਕਿ ਸ੍ਰੀ ਗੁਰੂ ਗ੍ਰੰਥ ਸਾਹਿਬ ਵਿੱਚ ਰਾਗ ਕੇਵਲ ਸਜਾਵਟ ਨਹੀਂ, ਸਗੋਂ ਇੱਕ ਅਨੁਸ਼ਾਸਨ ਹੈ ਜੋ ਮਨ ਨੂੰ ਪਰਮਾਤਮਾ ਨਾਲ ਜੋੜਦਾ ਹੈ। ਉਨ੍ਹਾਂ ਨੇ ਰਸਭਿੰਨਾ ਕੀਰਤਨ ਕਰਕੇ ਸੰਗਤਾਂ ਨੂੰ ਨਿਹਾਲ ਕੀਤਾ।

ਡੇਟਨ ਗੁਰਦੁਆਰਾ ਸਾਹਿਬ ਦੇ ਹੈੱਡ ਗ੍ਰੰਥੀ ਭਾਈ ਹੇਮ ਸਿੰਘ ਜੀ ਅਤੇ ਭਾਈ ਪ੍ਰੇਮ ਸਿੰਘ ਜੀ ਨੇ ਵੀ ਕੀਰਤਨ ਦੀ ਹਾਜ਼ਰੀ ਭਰੀ ਅਤੇ ਦੂਰ-ਦੁਰਾਡੇ ਤੋਂ ਆਈਆਂ ਸੰਗਤਾਂ ਦਾ ਧੰਨਵਾਦ ਕੀਤਾ। ਇਸ ਮੌਕੇ 'ਤੇ ਗੁਰੂ ਕਾ ਲੰਗਰ ਅਤੁੱਟ ਵਰਤਿਆ। ਇਸ ਸਮਾਗਮ ਨੇ ਆਲੇ-ਦੁਆਲੇ ਦੇ ਸ਼ਹਿਰਾਂ ਦੀਆਂ ਸੰਗਤਾਂ ਨੂੰ ਇੱਕ ਮਾਲਾ ਵਿੱਚ ਪਰੋ ਕੇ ਆਪਸੀ ਪ੍ਰੇਮ ਅਤੇ ਸਾਂਝ ਦਾ ਸੁਨੇਹਾ ਦਿੱਤਾ।



# ਨਰਿੰਦਰ 'ਨਿੱਕ' ਸਹੋਤਾ ਵੱਲੋਂ ਫਰਿਜ਼ਨੋ ਕਾਉਂਟੀ ਬੋਰਡ ਆਫ਼ ਸੁਪਰਵਾਇਜ਼ਰਜ਼, ਡਿਸਟ੍ਰਿਕਟ 4 ਲਈ ਚੋਣ ਲੜਨ ਦਾ ਐਲਾਨ

ਫਰਿਜ਼ਨੋ
ਨੀਟਾ ਮਾਛੀਕੇ, ਕੁਲਵੰਤ ਧਾਲੀਆਂ

ਨਰਿੰਦਰ ਸਿੰਘ ਸਹੋਤਾ, ਜਿਨ੍ਹਾਂ ਨੂੰ ਸਮੁੱਚੇ ਭਾਈਚਾਰੇ ਵਿੱਚ 'ਨਿੱਕ' ਸਹੋਤਾ ਦੇ ਨਾਮ ਨਾਲ ਜਾਣਿਆ ਜਾਂਦਾ ਹੈ, ਜੋ ਕਿ ਇੱਕ ਸਥਾਨਕ ਕਿਸਾਨ, ਕਾਰੋਬਾਰੀ ਅਤੇ ਸੈਲਮਾਂ ਯੂਨਿਫਾਈਡ ਸਕੂਲ ਡਿਸਟ੍ਰਿਕਟ ਦੇ ਟਰਸਟੀ ਹਨ, ਅੱਜ ਉਹਨਾਂ ਨੇ ਜੂਨ 2026 ਦੀ ਪ੍ਰਾਇਮਰੀ ਚੋਣ ਵਿੱਚ ਫ੍ਰੇਜ਼ਨੋ ਕਾਉਂਟੀ ਬੋਰਡ ਆਫ ਸੁਪਰਵਾਇਜ਼ਰਜ਼, ਡਿਸਟ੍ਰਿਕਟ 4 ਲਈ ਆਪਣੀ ਉਮੀਦਵਾਰੀ ਦਾ ਐਲਾਨ ਕੀਤਾ। ਸਹੋਤਾ ਨੇ ਕਿਹਾ ਕਿ ਉਹ ਇਹ ਚੋਣ ਇਸ ਲਈ ਲੜ ਰਹੇ ਹਨ ਤਾਂ ਜੋ ਡਿਸਟ੍ਰਿਕਟ 4 ਦੀਆਂ ਕਮਿਊਨਿਟੀਆਂ ਲਈ ਵਧੀਆ ਲੀਡਰਸ਼ਿਪ ਅਤੇ ਮਜ਼ਬੂਤ ਨੁਮਾਇੰਦਗੀ ਦੇ ਸਕਣ।

"ਇੱਕ ਕਿਸਾਨ, ਕਾਰੋਬਾਰੀ, ਸਕੂਲ ਬੋਰਡ ਮੈਂਬਰ ਅਤੇ ਕਮਿਊਨਿਟੀ ਦੇ ਹਿੱਸੇ ਵਜੋਂ, ਮੈਨੂੰ ਚੰਗੀ ਤਰ੍ਹਾਂ ਪਤਾ ਹੈ ਕਿ ਸਾਡੇ ਮਿਹਨਤੀ ਪਰਿਵਾਰਾਂ ਅਤੇ ਸਥਾਨਕ ਕਾਰੋਬਾਰਾਂ ਨੂੰ ਕਿਹੜੀਆਂ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈਂਦਾ ਹੈ," ਸਾਹੋਤਾ ਨੇ ਕਿਹਾ। "ਮੈਂ ਚੋਣ ਇਸ ਲਈ ਲੜ ਰਿਹਾ ਹਾਂ ਤਾਂ ਜੋ ਸਾਡੇ ਪਾਣੀ ਅਤੇ ਖੇਤੀ ਦੀ ਰੱਖਿਆ ਕਰੀਏ, ਪਬਲਿਕ ਸੇਫਟੀ ਨੂੰ ਹੋਰ ਮਜ਼ਬੂਤ ਕਰੀਏ, ਸਸਤੇ ਘਰਾਂ ਦੇ ਮੌਕੇ ਵਧਾਈਏ, ਅਤੇ ਇਹ ਯਕੀਨੀ ਬਣਾਈਏ ਕਿ ਕਾਉਂਟੀ ਦੀਆਂ ਸੇਵਾਵਾਂ ਲੋਕਾਂ ਲਈ ਸਾਫ਼-ਸੁਥਰੀਆਂ ਅਤੇ ਢੰਗ ਨਾਲ ਕੰਮ ਕਰਨ। ਅਸੀਂ ਸਭ ਮਿਲ ਕੇ ਫ੍ਰੇਜ਼ਨੋ ਕਾਉਂਟੀ ਲਈ ਜ਼ਿੰਮੇਵਾਰ ਲੀਡਰਸ਼ਿਪ ਦੇ ਸਕਦੇ ਹਾਂ।" ਸਹੋਤਾ ਨੇ ਦੱਸਿਆ ਕਿ ਇਹ ਫੈਸਲਾ ਉਹਨਾਂ ਨੇ ਕਮਿਊਨਿਟੀ ਦੇ ਮੈਂਬਰਾਂ, ਕਿਸਾਨਾਂ ਅਤੇ ਛੋਟੇ ਕਾਰੋਬਾਰੀਆਂ ਦੀ ਹੌਸਲਾ ਅਫਜ਼ਾਈ ਨਾਲ ਲਿਆ ਹੈ। ਉਹਨਾਂ ਨੇ ਕਿਹਾ, "ਸਾਡੀ ਕਮਿਊਨਿਟੀ ਨੂੰ ਐਸੀ ਲੀਡਰਸ਼ਿਪ ਦੀ ਲੋੜ ਹੈ ਜੋ ਫ੍ਰੇਜ਼ਨੋ ਕਾਉਂਟੀ ਦੀ ਅਸਲੀ ਤਾਕਤ ਨੂੰ ਸਮਝੇ ਖੇਤੀਬਾੜੀ, ਛੋਟੇ ਕਾਰੋਬਾਰ ਅਤੇ ਮਿਹਨਤੀ ਪਰਿਵਾਰ। ਮੈਂ ਇਹ ਯਕੀਨੀ ਬਣਾਉਣਾ ਚਾਹੁੰਦਾ ਹਾਂ ਕਿ ਸਾਡਾ ਵਿਕਾਸ ਢੰਗ ਨਾਲ ਹੋਵੇ, ਸਾਡੇ ਪਾਣੀ ਦੀ ਸੁਰੱਖਿਆ ਹੋਵੇ, ਲੋਕਾਂ ਲਈ ਰੋਜ਼ਗਾਰ ਦੇ ਮੌਕੇ ਵਧਣ, ਅਤੇ ਕਾਉਂਟੀ ਦੀਆਂ ਸੇਵਾਵਾਂ ਲੋਕਾਂ ਦੇ ਹੱਕ ਵਿੱਚ ਕੰਮ ਕਰਨ, ਨਾ ਕਿ ਉਹਨਾਂ ਦੇ ਖਿਲਾਫ।"

ਸਹੋਤਾ ਇਸ ਇਲਾਕੇ ਦੇ ਵੱਡੇ ਹੋਏ ਹਨ। ਉਹਨਾਂ ਨੇ ਸੈਲਮਾ ਹਾਈ ਸਕੂਲ ਤੋਂ ਪੜ੍ਹਾਈ ਕੀਤੀ, ਫਿਰ ਰੀਡਲੀ ਕਾਲਜ ਵਿੱਚ ਪੜ੍ਹੇ, ਅਤੇ ਕੈਲੀਫੋਰਨੀਆ ਸਟੇਟ ਯੂਨੀਵਰਸਿਟੀ, ਫ੍ਰੇਜ਼ਨੋ ਤੋਂ ਇੰਜੀਨੀਅਰਿੰਗ ਵਿੱਚ ਡਿਗਰੀ ਹਾਸਲ ਕੀਤੀ। 2008 ਤੋਂ ਉਹ ਆਪਣੀ ਕੰਪਨੀ ਸੈਂਟਰਲ ਵੈਲੀ ਇੰਜੀਨੀਅਰਿੰਗ ਐਂਡ ਸਰਵੇਇੰਗ ਚਲਾ ਰਹੇ ਹਨ, ਜਿੱਥੇ ਉਹਨਾਂ ਨੇ ਸ਼ਹਿਰਾਂ, ਡਿਵੈਲਪਰਾਂ ਅਤੇ ਸਥਾਨਕ ਲੋਕਾਂ ਨਾਲ ਮਿਲ ਕੇ ਕਈ ਇਨਫਰਾਸਟਰਕਚਰ ਅਤੇ ਡਿਵੈਲਪਮੈਂਟ ਪ੍ਰੋਜੈਕਟਾਂ 'ਤੇ ਕੰਮ ਕੀਤਾ ਹੈ। ਉਹ ਖੁਦ ਵੀ ਇੱਕ ਐਕਟਿਵ ਕਿਸਾਨ ਹਨ।

ਉਹ ਸੈਲਮਾਂ ਯੂਨੀਫਾਈਡ ਸਕੂਲ ਡਿਸਟ੍ਰਿਕਟ ਦੇ ਬੋਰਡ 'ਤੇ ਛੇ ਸਾਲਾਂ ਤੋਂ ਸੇਵਾ ਦੇ ਰਹੇ ਹਨ, ਜਿਨ੍ਹਾਂ ਵਿੱਚੋਂ ਦੋ ਸਾਲ ਉਹ ਬੋਰਡ ਪ੍ਰੈਜ਼ੀਡੈਂਟ ਵੀ ਰਹੇ ਹਨ। ਉਹਨਾਂ ਦੇ ਸਮੇਂ ਦੌਰਾਨ ਸਕੂਲਾਂ ਵਿੱਚ ਮਿਲੀਅਨ ਡਾਲਰ ਦੇ ਸੁਧਾਰ ਹੋਏ, ਅਕਾਦਮਿਕ ਪ੍ਰੋਗਰਾਮ ਮਜ਼ਬੂਤ ਹੋਏ, ਅਤੇ ਲੰਬੇ ਸਮੇਂ ਵਾਲੇ ਲੇਬਰ ਸਮਝੌਤੇ ਵੀ ਸਫਲਤਾਪੂਰਵਕ ਕੀਤੇ ਗਏ, ਉਹ ਵੀ ਵਿੱਤੀ ਜ਼ਿੰਮੇਵਾਰੀ ਨਾਲ।

ਸਹੋਤਾ ਸੈਲਮਾਂ ਚੈਂਬਰ ਆਫ ਕਾਮਰਸ ਦੇ ਪ੍ਰੈਜ਼ੀਡੈਂਟ ਵੀ ਰਹੇ ਹਨ, ਸੈਲਮਾ ਰੋਟਰੀ ਕਲੱਬ ਦੇ ਪਿਛਲੇ ਪ੍ਰੈਜ਼ੀਡੈਂਟ ਰਹੇ ਹਨ, ਬਿਜ਼ਨਸ ਇੰਪ੍ਰੂਵਮੈਂਟ ਡਿਸਟ੍ਰਿਕਟ ਦੇ ਬੋਰਡ ਮੈਂਬਰ ਰਹੇ ਹਨ, ਸਿੱਖ ਹਿਸਟੌਰਿਕਲ ਸੋਸਾਇਟੀ ਦੇ ਡਾਇਰੈਕਟਰ ਰਹੇ ਹਨ, ਅਤੇ ਫ੍ਰੇਜ਼ਨੋ ਕਾਉਂਟੀ ਹਾਊਸਿੰਗ ਅਤੇ ਕਮਿਊਨਿਟੀ ਡਿਵੈਲਪਮੈਂਟ ਕਮੇਟੀ ਦੇ ਮੈਂਬਰ ਵੀ



ਰਹੇ ਹਨ।

ਜੇ ਉਹ ਚੁਣੇ ਜਾਂਦੇ ਹਨ, ਤਾਂ ਉਹਨਾਂ ਦੀਆਂ ਮੁੱਖ ਤਰਜੀਹਾਂ ਵਿੱਚ ਪਾਣੀ ਦੀ ਪੱਕੀ ਉਪਲਬਧਤਾ ਅਤੇ ਸਟੋਰੇਜ, ਖੇਤੀਬਾੜੀ ਅਤੇ ਰੋਜ਼ਗਾਰ ਦਾ ਸਮਰਥਨ, ਕਾਉਂਟੀ ਦੀਆਂ ਸੜਕਾਂ ਦਾ ਸੁਧਾਰ, ਘਰਾਂ ਦੇ ਮੌਕੇ ਵਧਾਉਣਾ, ਅਤੇ ਪਿੰਡਾਂ ਅਤੇ ਵਧ ਰਹੇ ਸ਼ਹਿਰਾਂ ਵਿੱਚ ਮਜ਼ਬੂਤ ਪਬਲਿਕ ਸੇਫਟੀ ਬਣਾਈ ਰੱਖਣਾ ਸ਼ਾਮਲ ਹੋਵੇਗਾ।

ਸਹੋਤਾ ਨੇ ਤੁਹਾਡੀ ਸਾਹਿਤਾਂ ਨਾਲ ਜੂਨ 2026 ਦੀ ਪ੍ਰਾਇਮਰੀ ਚੋਣ ਵਿੱਚ ਵੋਟਰਾਂ ਤੋਂ ਆਪਣੇ ਸਮਰਥਨ ਦੀ ਬੇਨਤੀ ਕੀਤੀ ਹੈ। ਉਨ੍ਹਾਂ ਦੱਸਿਆ ਕਿ ਫੰਡਰੇਜ਼ਰ ਅਤੇ ਕਮਿਊਨਿਟੀ ਮਿਲਣ ਦੇ ਦਿਨ ਜਲਦੀ ਐਲਾਨ ਕੀਤੇ ਜਾਣਗੇ। ਹੋਰ ਜਾਣਕਾਰੀ ਲਈ, ਵਲੰਟੀਅਰ ਬਣਨ ਲਈ ਜਾਂ ਕੈਂਪੇਨ ਦਾ ਸਮਰਥਨ ਕਰਨ ਲਈ:

Nick Sahota for Fresno County Supervisor District 4 ਫੋਨ: 559-492-6402 ਈਮੇਲ Vote4sahota@yahoo.com


Truck Parking Yard
ਟਰੱਕ PARK ਕਰਨ ਲਈ ਇੱਕ ਸੁਰੱਖਿਅਤ ਅਤੇ ਵਿਸ਼ਵਾਸਯੋਗ ਥਾਂ
• ਸਾਡੇ YARD ਨੂੰ LOCK ਵਾਲਾ GATE ਲੱਗਿਆ ਹੋਇਆ ਹੈ
• ਇੱਥੇ 24 ਘੰਟੇ ਸੁਰੱਖਿਆ GUARD ਦੀ ਡਿਊਟੀ ਰਹਿੰਦੀ ਹੈ
• ਸਾਰੇ ਇਲਾਕੇ ਦੀ ਨਿਗਰਾਨੀ ਕੈਮਰਿਆਂ ਰਾਹੀਂ ਹਰ ਵੇਲੇ ਕੀਤੀ ਜਾਂਦੀ ਹੈ
Truck Parking - Only $200 Monthly
Bobtail Parking - Only $100 Monthly
ਸਾਡੇ TRUCK YARD ਦੇ ਅੰਦਰ ਹੀ
ਟਰੱਕ Repair Shop ਅਤੇ TYRE SHOP ਵੀ
ਉਪਲਬਧ ਹੈ।
ਹੋਰ ਜਾਣਕਾਰੀ ਜਾਂ ਬੁਕਿੰਗ ਲਈ ਸੰਪਰਕ ਕਰੋ
Harbans Gill (209) 972-0013
1651 EAST Whitmore Ave, Ceres, CA 95307


ATWAL
IMMIGRATION SERVICES
ATWAL
TAX & IMMIGRATION
SERVICES
FAMILY PETITIONS
NATURALIZATION (US CITIZENSHIP)
GREEN CARD RENEW
WORK PERMIT RENEW
AFFIDAVIT OF SUPPORT
INDIAN AND US PASSPORT RENEW
INDIAN VISA
OCI
E-VISA
INDIAN PASSPORT SURRENDER
ਦੇਰ ਨਾ ਕਰੋ, ਹੁਣੇ ਮਿਲੋ TAX ਅਤੇ ਹੋਰ ਵਧੇਰੀਆਂ
IMMIGRATION SERVICES ਲਈ
TONY
ATWAL
ਵਧੇਰੇ ਜਾਣਕਾਰੀ ਤੁਸੀਂ ਲੈ ਸਕਦੇ ਹੋ
iservice1416@gmail.com
ਜਾਂ ਫ਼ਿਰ ਸਾਡੀ WEBSITE
www.atwaltaximmigrationservices.com
ADDRESS 1
119 N Maple Ave, Ste B,Manteca, CA,95336 Manteca
(209) 505-6384
ADDRESS 2
2800 Mitchell Rd,Ste.W,Ceres ,CA 95307, Ceres
(209) 568-9682


Arrested ?
DUI ?
Drug Charges ?
Gun Violation ?
Ghuman Law Group
GLG
GHUMAN LAW GROUP
Get the Legal Defence you Deserve.
Why Choose Us?
Trusted Legal Experts
Personalized Strategies
Proven Track Record
Criminal Defence Law
• DUI / DWI Defense
• Drug Charges
• Domestic Violence Defense
• Assault & Battery Defense
• Theft / Fraud / Financial Crimes
• Probation Violations
Contact Us
info@ghumanlawgroup.com
ghumanlawgroup.org
+1 228-200-0001

# ਅੰਮ੍ਰਿਤਸਰ ਵਿਕਾਸ ਮੰਚ ਵੱਲੋਂ ਤਰਲੋਚਨ ਸਿੰਘ ਸਾਬਕਾ ਚੇਅਰਮੈਨ ਕੌਮੀ ਘੱਟ ਗਿਣਤੀ ਕਮਿਸ਼ਨ ਅਤੇ ਮੈਂਬਰ ਰਾਜ ਸਭਾ "ਗੁਰੂ ਦਾ ਸਚਿਆਰ ਸਿੱਖ" ਐਵਾਰਡ ਨਾਲ ਸਨਮਾਨਿਤ

ਅੰਮ੍ਰਿਤਸਰ
ਚਰਨਜੀਤ ਸਿੰਘ ਗੁਮਟਾਲਾ

ਕੌਮੀ ਘੱਟ ਗਿਣਤੀ ਕਮਿਸ਼ਨ ਦੇ ਸਾਬਕਾ ਚੇਅਰਮੈਨ ਅਤੇ ਸਾਬਕਾ ਮੈਂਬਰ ਰਾਜ ਸਭਾ ਤਰਲੋਚਨ ਸਿੰਘ ਨੂੰ, ਇੱਕ ਪ੍ਰਭਾਵਸ਼ਾਲੀ ਸਮਾਗਮ ਦੌਰਾਨ ਅੰਮ੍ਰਿਤਸਰ ਵਿਕਾਸ ਮੰਚ ਵੱਲੋਂ, "ਗੁਰੂ ਦਾ ਸਚਿਆਰ ਸਿੱਖ" ਐਵਾਰਡ ਨਾਲ ਸਨਮਾਨਿਤ ਕੀਤਾ ਗਿਆ। ਸਮਾਗਮ ਦੀ ਆਰੰਭਤਾ ਕਰਦਿਆਂ ਹੋਇਆਂ ਪ੍ਰਿੰਸੀਪਲ ਡਾ. ਇੰਦਰਜੀਤ ਸਿੰਘ ਗੋਗੋਆਣੀ ਨੇ ਤਰਲੋਚਨ ਸਿੰਘ ਦੀ ਸ਼ਖ਼ਸੀਅਤ ਬਾਰੇ ਚਾਨਣਾ ਪਾਉਂਦੇ ਹੋਏ ਕਿਹਾ ਕਿ ਸਿੱਖ ਸਟੂਡੈਂਟਸ ਫੈਡਰੇਸ਼ਨ ਦੇ ਸਰਗਰਮ ਮੈਂਬਰ ਹੋਣ ਸਦਕਾ ਉਨ੍ਹਾਂ ਦਾ ਵਿਅਕਤਿਤਵ ਸਿੱਖ ਆਦਰਸ਼ਾਂ ਨੂੰ ਪ੍ਰਣਾਇਆ ਹੋਇਆ ਹੈ। ਹਰਜਾਪ ਸਿੰਘ ਔਜਲਾ ਨੇ ਕਿਹਾ ਕਿ ਤਰਲੋਚਨ ਸਿੰਘ ਨੇ ਆਪਣੀ ਲਿਆਕਤ ਸਦਕਾ ਆਪਣੇ ਜੀਵਨ ਦਾ ਸਫ਼ਰ ਜ਼ਿਲਾ ਲੋਕ ਸੰਪਰਕ ਅਫਸਰ ਤੋਂ ਸ਼ੁਰੂ ਕਰਕੇ ਰਾਸ਼ਟਰਪਤੀ ਭਵਨ ਤਕ ਉੱਚ ਰੁਤਬਾ ਹਾਸਲ ਕਰਕੇ ਪੂਰਾ ਕੀਤਾ।

ਸਮਾਗਮ ਦੌਰਾਨ ਤਰਲੋਚਨ ਸਿੰਘ ਵੱਲੋਂ ਅੰਮ੍ਰਿਤਸਰ ਵਿਖੇ ਸਥਾਪਿਤ ਕਰਵਾਏ ਮਹੱਤਵਪੂਰਨ ਪ੍ਰੋਜੈਕਟਾਂ ਦਾ ਜ਼ਿਕਰ ਕਰਦਿਆਂ ਹੋਇਆਂ ਪ੍ਰਿੰਸੀਪਲ ਕੁਲਵੰਤ ਸਿੰਘ ਅਣਖੀ ਨੇ ਦੱਸਿਆ ਕਿ ਜਦੋਂ ਤਤਕਾਲੀ ਪ੍ਰਧਾਨ ਮੰਤਰੀ ਸ਼੍ਰੀ ਅਟਲ ਬਿਹਾਰੀ ਵਾਜਪਾਈ ਨੇ ਕੁਰੂਕਸ਼ੇਤਰ ਵਿਖੇ ਪੈਨੋਰਮਾ ਦਾ ਉਦਘਾਟਨ ਕੀਤਾ ਤਾਂ ਉਨ੍ਹਾਂ ਦਾ ਸਾਥ ਦੇ ਰਹੇ ਤਰਲੋਚਨ ਸਿੰਘ ਨੇ ਉਨ੍ਹਾਂ ਕੋਲੋਂ ਅੰਮ੍ਰਿਤਸਰ ਦੇ ਰਾਮ ਬਾਗ਼ ਵਿੱਚ ਮਹਾਰਾਜਾ ਰਣਜੀਤ ਸਿੰਘ ਪੈਨੋਰਮਾ ਸਥਾਪਿਤ ਕਰਨ ਦੀ ਪ੍ਰਵਾਨਗੀ ਹਾਸਿਲ ਕਰ ਲਈ ਤੇ ਥੋੜ੍ਹੇ ਸਮੇਂ ਵਿੱਚ ਹੀ ਪੈਨੋਰਮਾ ਤਿਆਰ ਕਰ ਦਿੱਤਾ ਗਿਆ। ਸੰਨ 1973 ਵਿੱਚ ਜਦੋਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਹਰਿਮੰਦਰ ਸਾਹਿਬ ਦੀ ਪਰਿਕਰਮਾ ਦੀ ਚੌੜਾਈ ਵਧਾਉਣ ਦੀ ਯੋਜਨਾ ਲਾਗੂ ਕਰ ਰਹੀ ਸੀ ਤਾਂ ਹੋਰ ਸਰਗਰਮ ਜਥੇਬੰਦੀਆਂ ਦੇ ਨਾਲ ਨਾਲ ਤਰਲੋਚਨ ਸਿੰਘ ਨੇ ਪੰਜਾਬ, ਪੰਜਾਬੀ ਅਤੇ ਪੰਜਾਬੀਅਤ ਦੇ ਅਲੰਬਰਦਾਰ ਰੋਜ਼ਾਨਾ ਅਜੀਤ ਅਖ਼ਬਾਰ ਦੇ ਤਤਕਾਲੀ ਸੰਸਥਾਪਕ ਐਡੀਟਰ ਸ.ਸਾਧੂ ਸਿੰਘ ਹਮਦਰਦ ਦੇ ਸਹਿਯੋਗ ਸਦਕਾ ਰਾਮਗੜ੍ਹੀਆ ਬੁੰਗੇ ਨੂੰ ਜਿਉਂ ਦਾ ਤਿਉਂ ਰੱਖਣ ਵਿੱਚ ਅਹਿਮ ਯੋਗਦਾਨ ਪਾਇਆ।

ਹਰਦੀਪ ਸਿੰਘ ਚਾਹਲ ਨੇ ਦੱਸਿਆ ਕਿ ਸ੍ਰੀ ਹਰਿਮੰਦਰ ਸਾਹਿਬ ਦੇ ਅਕਾਸ਼-ਮੰਡਲ ਦੀ ਸੁੰਦਰਤਾ ਅਤੇ ਆਭਾ ਨੂੰ ਬੇਦਾਗ਼ ਰੱਖਣ ਲਈ ਤਰਲੋਚਨ ਸਿੰਘ ਲੰਮੇ ਅਰਸੇ ਤੋਂ ਪ੍ਰਭਾਵਸ਼ਾਲੀ ਭੂਮਿਕਾ ਨਿਭਾ ਰਹੇ ਹਨ। ਪੰਜਾਬ ਮਨੁੱਖੀ ਅਧਿਕਾਰ ਸੰਗਠਨ ਦੇ ਸਰਗਰਮ ਆਗੂ ਐਡਵੋਕੇਟ ਸਰਬਜੀਤ ਸਿੰਘ ਵੇਰਕਾ ਵਲੋਂ ਸ਼ਹਿਰ ਦੀ ਚਾਰਦੀਵਾਰੀ ਦੇ ਅੰਦਰੂਨੀ ਸ਼ਹਿਰ ਵਿਸ਼ੇਸ਼ ਕਰਕੇ ਸ੍ਰੀ ਹਰਿਮੰਦਰ ਸਾਹਿਬ ਦੇ ਨਜ਼ਦੀਕ ਦੇ ਖੇਤਰ ਦੀ ਸਦੀਆਂ ਪੁਰਾਣੀ ਵਿਰਾਸਤ ਨੂੰ ਤਬਾਹ ਕਰਕੇ ਉਸਾਰੇ ਗਏ ਹੋਟਲਾਂ ਬਾਰੇ ਜ਼ਿਲਾ ਪ੍ਰਸ਼ਾਸਨ ਦੀ ਨਾਅਹਿਲੀਅਤ ਅਤੇ ਸ਼ੱਕੀ ਕਾਰਗੁਜ਼ਾਰੀ ਬਾਰੇ ਭਰਵੀਂ ਜਾਣਕਾਰੀ ਦਿੱਤੀ, ਜਿਸ ਨੂੰ ਰੋਕਣ ਲਈ ਤਰਲੋਚਨ ਸਿੰਘ ਨੇ ਠੋਸ ਸੁਝਾਅ ਦਿੱਤੇ।



ਡਾ. ਚਰਨਜੀਤ ਸਿੰਘ ਗੁਮਟਾਲਾ ਨੇ ਅੰਮ੍ਰਿਤਸਰ ਸ਼ਹਿਰ ਵਿੱਚੋਂ ਪਸ਼ੂਆਂ ਦੀਆਂ ਡੇਹਰੀਆਂ ਸ਼ਹਿਰੋਂ ਬਾਹਰ ਤਬਦੀਲ ਕਰਨ ਅਤੇ ਅੰਮ੍ਰਿਤਸਰ ਦੇ ਹਵਾਈ ਅੱਡੇ ਦੇ ਨਵੇਂ ਟਰਮੀਨਲ ਦੀ ਉਸਾਰੀ ਬਾਰੇ ਅੰਮ੍ਰਿਤਸਰ ਵਿਕਾਸ ਮੰਚ ਦੇ ਯਤਨਾਂ ਨੂੰ ਸਾਂਝਿਆਂ ਕੀਤਾ। ਰਾਜਵਿੰਦਰ ਸਿੰਘ ਗਿੱਲ ਨੇ ਤਰਲੋਚਨ ਸਿੰਘ ਵੱਲੋਂ ਅੰਮ੍ਰਿਤਸਰ ਦੀ ਧਾਰਮਿਕ ਅਤੇ ਸੱਭਿਆਚਾਰਕ ਵਿਰਾਸਤ ਪ੍ਰਤੀ ਪਾਏ ਯੋਗਦਾਨ ਨੂੰ ਸਲਾਹਿਆ। ਤਰਲੋਚਨ ਸਿੰਘ ਵੱਲੋਂ ਰਾਸ਼ਟਰੀ ਅਤੇ ਅੰਤਰਰਾਸ਼ਟਰੀ ਪੱਧਰ ਤੇ ਸਿੱਖ ਸਰੋਕਾਰਾਂ ਪ੍ਰਤੀ ਪਾਏ ਯੋਗਦਾਨ ਅਤੇ ਗੁਰੂ ਨਗਰੀ ਅੰਮ੍ਰਿਤਸਰ ਦੀ ਸ਼ਾਨ ਨੂੰ ਵਧਾਉਣ ਲਈ ਕੀਤੇ ਉਪਰਾਲਿਆਂ ਦੀ ਕਦਰ ਕਰਦੇ ਹੋਏ ਅੰਮ੍ਰਿਤਸਰ ਵਿਕਾਸ ਮੰਚ ਦੀ ਕਾਰਜਕਾਰਨੀ ਵੱਲੋਂ ਉਨ੍ਹਾਂ ਨੂੰ "ਗੁਰੂ ਦਾ ਸਚਿਆਰ ਸਿੱਖ" ਐਵਾਰਡ ਨਾਲ ਸਨਮਾਨਿਤ ਕੀਤਾ ਗਿਆ। ਸਮਾਗਮ ਨੂੰ ਸਫ਼ਲ ਬਣਾਉਣ ਵਿਚ ਮਨਮੋਹਨ ਸਿੰਘ ਬਰਾੜ, ਪ੍ਰਧਾਨ ਸੁਰਿੰਦਰ ਜੀਤ ਸਿੰਘ, ਇਤਿਹਾਸਕਾਰ ਸੁਰਿੰਦਰ ਕੋਛੜ, ਸਾਬਕਾ ਜਿਲਾ ਐਕਸਾਈਜ਼ ਐਂਡ ਟੈਕਸੇਸ਼ਨ ਅਫ਼ਸਰ ਹਰਿੰਦਰ ਪਾਲ ਸਿੰਘ, ਸਾਬਕਾ ਜਿਲਾ ਸਿੱਖਿਆ ਅਫ਼ਸਰ ਗੁਰਪ੍ਰਤਾਪ ਸਿੰਘ ਗੁਰੀ, ਜਸਪਾਲ ਸਿੰਘ, ਰਾਜਵਿੰਦਰਜੀਤ ਸਿੰਘ, ਜਵਾਹਰ ਲਾਲ ਸਿੰਘ, ਹਰਦਿਆਲ ਸਿੰਘ ਬਾਜਵਾ, ਨਿਰਮਲ ਸਿੰਘ ਅਨੰਦ, ਜਤਿੰਦਰ ਪਾਲ ਸਿੰਘ ਤਿਲਕ ਨਗਰ, ਸੀ.ਏ ਹਰਪ੍ਰੀਤ ਸਿੰਘ, ਐਡਵੋਕੇਟ ਹਰਮਨਦੀਪ ਸਿੰਘ ਅਤੇ ਹੋਰ ਸ਼ਖ਼ਸੀਅਤਾਂ ਵੱਲੋਂ ਅਹਿਮ ਯੋਗਦਾਨ ਪਾਇਆ ਗਿਆ ।

# ਨਸ਼ਾ ਤਸਕਰੀ ਨਾਲ ਸਬੰਧਤ ਨੈੱਟਵਰਕ ਦੇ ਤਿੰਨ ਕਾਰਕੁੰਨ 6 ਕਿਲੋ ਹੈਰੋਇਨ ਅਤੇ 6 ਕਿਲੋ ਆਈਸੀਈ ਸਮੇਤ ਅੰਮ੍ਰਿਤਸਰ ਤੋਂ ਕਾਬੂ

ਅੰਮ੍ਰਿਤਸਰ
ਧੈਰਿਆ ਮਹਿਰਾ

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਨਿਰਦੇਸ਼ਾਂ 'ਤੇ ਪੰਜਾਬ ਨੂੰ ਨਸ਼ਾ ਮੁਕਤ ਸੂਬਾ ਬਣਾਉਣ ਲਈ ਚੱਲ ਰਹੀ ਮੁਹਿੰਮ ਦੌਰਾਨ ਵੱਡੀ ਸਫਲਤਾ ਤਹਿਤ ਕਾਊਂਟਰ ਇੰਟੈਲੀਜੈਂਸ (ਸੀਆਈ) ਅੰਮ੍ਰਿਤਸਰ ਨੇ ਨਸ਼ਾ ਤਸਕਰੀ ਨਾਲ ਜੁੜੇ ਮਾਡਿਊਲ ਦੇ ਤਿੰਨ ਕਾਰਕੁਨਾਂ ਨੂੰ 6 ਕਿਲੋ ਹੈਰੋਇਨ ਅਤੇ 6 ਕਿਲੋ ਆਈਸੀਈ (ਕ੍ਰਿਸਟਲ ਮੇਥਾਮਫੇਟਾਮਾਈਨ) ਬਰਾਮਦ ਕਰਕੇ, ਇਸ ਗਿਰੋਹ ਦਾ ਪਰਦਾਫਾਸ਼ ਕੀਤਾ ਹੈ। ਇਹ ਜਾਣਕਾਰੀ ਡਾਇਰੈਕਟਰ ਜਨਰਲ ਆਫ਼ ਪੁਲਿਸ (ਡੀਜੀਪੀ), ਪੰਜਾਬ ਗੌਰਵ ਯਾਦਵ ਨੇ ਅੱਜ ਇੱਥੇ ਸਾਂਝੀ ਕੀਤੀ। ਗ੍ਰਿਫਤਾਰ ਕੀਤੇ ਗਏ ਵਿਅਕਤੀਆਂ ਦੀ ਪਛਾਣ ਫਿਰੋਜ਼ਪੁਰ ਦੇ ਪਿੰਡ ਸੁਰਸਿੰਘ ਵਾਲਾ ਦੇ ਵਸਨੀਕ ਪ੍ਰਤਾਪ ਸਿੰਘ, ਅੰਮ੍ਰਿਤਸਰ ਦੇ ਪਿੰਡ ਕੋਹਾਲਾ ਦੇ ਵਸਨੀਕ ਅਜੈਪਾਲ ਸਿੰਘ ਅਤੇ ਅੰਮ੍ਰਿਤਸਰ ਦੇ ਪਿੰਡ ਖਿਆਲਾ ਕਲਾਂ ਦੇ ਵਸਨੀਕ ਜੋਬਨਦੀਪ ਸਿੰਘ ਵਜੋਂ ਹੋਈ ਹੈ। ਪੁਲਿਸ ਟੀਮਾਂ ਨੇ ਨਸ਼ੀਲੇ ਪਦਾਰਥਾਂ ਦੀ ਖੇਪ ਬਰਾਮਦ ਕਰਨ ਤੋਂ ਇਲਾਵਾ ਦੋਸ਼ੀਆਂ ਦਾ ਕਾਲੇ ਰੰਗ ਦਾ ਸਪਲੈਂਡਰ ਮੋਟਰਸਾਈਕਲ (ਪੀਬੀ 02ਐਫ.ਈ. 1185) ਅਤੇ ਚਿੱਟੇ ਰੰਗ ਦੀ ਐਕਟਿਵਾ (ਪੀਬੀ02 ਈਟੀ 8995) ਵੀ ਜ਼ਬਤ ਕਰ ਲਿਆ ਹੈ, ਜੋ ਖੇਪ ਦੀ ਢੋਆ-ਢੁਆਈ ਲਈ ਵਰਤੇ ਜਾ ਰਹੇ ਸਨ। ਡੀਜੀਪੀ ਗੌਰਵ ਯਾਦਵ ਨੇ ਕਿਹਾ ਕਿ ਮੁੱਢਲੀ ਜਾਂਚ ਤੋਂ ਪਤਾ ਲੱਗਾ ਹੈ ਕਿ ਗ੍ਰਿਫਤਾਰ ਕੀਤੇ ਗਏ ਮੁਲਜ਼ਮ, ਪ੍ਰਤਾਪ ਸਿੰਘ ਅਤੇ




ਅਜੈਪਾਲ ਸਿੰਘ ਪਾਕਿਸਤਾਨੀ ਤਸਕਰ ਦੇ ਸਿੱਧੇ ਸੰਪਰਕ ਵਿੱਚ ਸਨ। ਉਨ੍ਹਾਂ ਕਿਹਾ ਕਿ ਗ੍ਰਿਫਤਾਰ ਕੀਤੇ ਗਏ ਮੁਲਜ਼ਮ ਅੰਮ੍ਰਿਤਸਰ ਦੇ ਪਿੰਡਾਂ ਅਟਲਗੜ੍ਹ ਅਤੇ ਰਤਨ ਦੇ ਵਾੜ ਵਾਲੇ ਖੇਤਰ ਤੋਂ ਡਰੋਨ ਰਾਹੀਂ ਸਰਹੱਦ ਪਾਰੋਂ ਤਸਕਰੀ ਕੀਤੀਆਂ ਖੇਪਾਂ ਪ੍ਰਾਪਤ ਕਰ ਰਹੇ ਸਨ ਅਤੇ ਉਨ੍ਹਾਂ ਨੂੰ ਸੂਬੇ ਵਿੱਚ ਅੱਗੇ ਹੋਰਨਾਂ ਨੂੰ ਇਹ ਨਸ਼ੀਲੇ ਪਦਾਰਥ ਸਪਲਾਈ ਕਰਨ ਦਾ ਕੰਮ ਸੌਂਪਿਆ ਗਿਆ ਸੀ। ਆਪ੍ਰੇਸ਼ਨ ਸਬੰਧੀ ਵੇਰਵੇ ਸਾਂਝੇ ਕਰਦਿਆਂ ਉਨ੍ਹਾਂ ਕਿਹਾ ਕਿ ਸੀਆਈ ਅੰਮ੍ਰਿਤਸਰ ਨੂੰ ਪੁਖਤਾ ਖੁਫੀਆ ਜਾਣਕਾਰੀ ਮਿਲੀ ਸੀ ਕਿ ਪ੍ਰਤਾਪ ਸਿੰਘ ਅਤੇ ਅਜੈਪਾਲ ਸਿੰਘ ਨੂੰ ਹਾਲ ਹੀ ਵਿੱਚ ਡਰੋਨ ਰਾਹੀਂ ਨਸ਼ੀਲੇ ਪਦਾਰਥਾਂ ਦੀ ਇੱਕ ਵੱਡੀ ਖੇਪ ਮਿਲੀ ਹੈ ਅਤੇ ਉਹ ਇਸ ਖੇਪ ਨੂੰ ਪਿੰਡ ਪਧਰੀ ਵਿਖੇ ਸ਼ਮਸ਼ਾਨ ਘਾਟ ਦੀ ਪਾਣੀ ਵਾਲੀ ਟੈਂਕੀ ਨੇੜੇ ਆਪਣੇ ਸਾਥੀ ਜੋਬਨਦੀਪ ਸਿੰਘ ਤੱਕ ਪਹੁੰਚਾਉਣ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਤੇਜ਼ੀ ਨਾਲ ਕਾਰਵਾਈ ਕਰਦਿਆਂ ਸੀ.ਆਈ. ਅੰਮ੍ਰਿਤਸਰ ਦੀ ਪੁਲਿਸ ਟੀਮ ਨੇ ਉਸ ਥਾਂ 'ਤੇ ਛਾਪਾ ਮਾਰਿਆ ਅਤੇ ਤਿੰਨਾਂ ਸ਼ੱਕੀਆਂ ਨੂੰ 6 ਕਿਲੋ ਹੈਰੋਇਨ ਅਤੇ 6 ਕਿਲੋ ਆਈਸੀਈ ਸਮੇਤ ਗ੍ਰਿਫ਼ਤਾਰ ਕੀਤਾ। ਡੀਜੀਪੀ ਨੇ ਕਿਹਾ ਕਿ ਮਾਮਲੇ ਵਿੱਚ ਪੂਰੇ ਗਿਰੋਹ ਦਾ ਪਰਦਾਫਾਸ਼ ਕਰਨ ਲਈ ਅਗਲੇ-ਪਿਛਲੇ ਸਬੰਧ ਸਥਾਪਤ ਕਰਨ ਲਈ ਹੋਰ ਜਾਂਚ ਕੀਤੀ ਜਾ ਰਹੀ ਹੈ ਅਤੇ ਹੋਰ ਗ੍ਰਿਫ਼ਤਾਰੀਆਂ ਹੋਣ ਦੀ ਉਮੀਦ ਹੈ। ਇਸ ਸਬੰਧ ਵਿੱਚ ਐਫਆਈਆਰ ਨੰਬਰ 10 ਮਿਤੀ 23.02.2026 ਨੂੰ ਪੁਲਿਸ ਸਟੇਸ਼ਨ ਸਟੇਟ ਸਪੈਸ਼ਲ ਆਪ੍ਰੇਸ਼ਨ ਸੈੱਲ, ਅੰਮ੍ਰਿਤਸਰ ਵਿਖੇ ਐਨ.ਡੀ.ਪੀ.ਐਸ. ਐਕਟ ਦੀਆਂ ਧਾਰਾਵਾਂ 21, 22, 25 ਅਤੇ 29 ਤਹਿਤ ਕੇਸ ਦਰਜ ਕੀਤਾ ਗਿਆ ਹੈ।

# ਗੈਂਗਸਟਰਾਂ 'ਤੇ ਵਾਰ ਦਾ 34ਵਾਂ ਦਿਨ ਪੰਜਾਬ ਪੁਲਿਸ ਵੱਲੋਂ 487 ਥਾਈਂ ਛਾਪੇਮਾਰੀ: 208 ਕਾਬੂ

ਤਰਨ ਤਾਰਨ
ਸਾਂਝੀ ਸੋਚ ਬਿਊਰੋ

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਨਿਰਦੇਸ਼ਾਂ 'ਤੇ ਚੱਲ ਰਹੀ ਫੈਸਲਾਕੁੰਨ ਮੁਹਿੰਮ 'ਗੈਂਗਸਟਰਾਂ ਤੇ ਵਾਰ' ਦੇ 34ਵੇਂ ਦਿਨ ਪੰਜਾਬ ਪੁਲਿਸ ਨੇ ਅੱਜ ਸੂਬੇ ਭਰ ਵਿੱਚ ਗੈਂਗਸਟਰਾਂ ਦੇ ਸਾਥੀਆਂ ਦੇ ਪਛਾਣੇ ਗਏ ਅਤੇ ਮੈਪ ਕੀਤੇ 487 ਟਿਕਾਣਿਆਂ 'ਤੇ ਛਾਪੇਮਾਰੀ ਕੀਤੀ। ਜ਼ਿਕਰਯੋਗ ਹੈ ਕਿ 'ਗੈਂਗਸਟਰਾਂ ਤੇ ਵਾਰ' ਪੰਜਾਬ ਨੂੰ ਗੈਂਗਸਟਰ ਮੁਕਤ ਸੂਬਾ ਬਣਾਉਣ ਲਈ ਫੈਸਲਾਕੁੰਨ ਜੰਗ ਹੈ, ਜਿਸਦੀ ਸ਼ੁਰੂਆਤ 20 ਜਨਵਰੀ, 2026 ਨੂੰ ਡਾਇਰੈਕਟਰ ਜਨਰਲ ਆਫ਼ ਪੁਲਿਸ (ਡੀਜੀਪੀ) ਪੰਜਾਬ ਗੌਰਵ ਯਾਦਵ ਨੇ ਕੀਤੀ ਸੀ।

ਇਸ ਮੁਹਿੰਮ ਤਹਿਤ ਐਂਟੀ-ਗੈਂਗਸਟਰ ਟਾਸਕ ਫੋਰਸ (ਏਜੀਟੀਐਫ) ਪੰਜਾਬ ਦੇ ਪੂਰੇ ਤਾਲਮੇਲ ਨਾਲ ਸਾਰੇ ਜ਼ਿਲ੍ਹਿਆਂ ਦੀਆਂ ਪੁਲਿਸ ਟੀਮਾਂ ਸੂਬੇ ਭਰ ਵਿੱਚ ਵਿਸ਼ੇਸ਼ ਕਾਰਵਾਈਆਂ ਕਰ ਰਹੀਆਂ ਹਨ। ਮੁਹਿੰਮ ਦੇ 34ਵੇਂ ਦਿਨ, ਪੁਲਿਸ ਟੀਮਾਂ ਨੇ 208 ਵਿਅਕਤੀਆਂ ਨੂੰ ਗ੍ਰਿਫਤਾਰ ਕੀਤਾ ਅਤੇ ਮੁਲਜ਼ਮਾਂ ਦੇ ਕਬਜ਼ੇ 'ਚੋਂ ਇੱਕ ਹਥਿਆਰ ਬਰਾਮਦ ਕੀਤਾ ਹੈ, ਜਿਸ ਨਾਲ ਮੁਹਿੰਮ ਦੀ ਸ਼ੁਰੂਆਤ ਤੋਂ ਹੁਣ ਤੱਕ ਕੁੱਲ ਗ੍ਰਿਫਤਾਰੀਆਂ ਦੀ ਕੁੱਲ ਗਿਣਤੀ 11,082 ਹੋ ਗਈ ਹੈ। ਇਸ ਤੋਂ ਇਲਾਵਾ 86 ਵਿਅਕਤੀਆਂ ਵਿਰੁੱਧ ਇਹਤਿਆਤੀ ਕਾਰਵਾਈ ਕੀਤੀ ਗਈ ਹੈ, ਜਦੋਂ ਕਿ 151 ਵਿਅਕਤੀਆਂ ਨੂੰ ਤਫ਼ਤੀਸ਼ ਅਤੇ ਪੁੱਛਗਿੱਛ ਪਿੱਛੋਂ ਛੱਡ ਦਿੱਤਾ ਗਿਆ। ਪੁਲਿਸ ਟੀਮਾਂ ਨੇ ਕਾਰਵਾਈ ਦੌਰਾਨ 9 ਭਗੌੜੇ ਅਪਰਾਧੀਆਂ (ਪੀਓ) ਨੂੰ ਵੀ ਗ੍ਰਿਫਤਾਰ ਕੀਤਾ ਹੈ। ਉਨ੍ਹਾਂ ਕਿਹਾ ਕਿ ਲੋਕ ਲੋੜੀਂਦੇ ਅਪਰਾਧੀਆਂ ਅਤੇ ਗੈਂਗਸਟਰਾਂ ਬਾਰੇ ਐਂਟੀ ਗੈਂਗਸਟਰ ਹੈਲਪਲਾਈਨ ਨੰਬਰ 93946-93946 ਰਾਹੀਂ ਗੁਪਤ ਰੂਪ ਵਿੱਚ ਜਾਣਕਾਰੀ ਦੇ ਸਕਦੇ ਹਨ ਅਤੇ ਇਸ 'ਤੇ ਅਪਰਾਧ ਅਤੇ ਅਪਰਾਧਿਕ ਗਤੀਵਿਧੀਆਂ ਬਾਰੇ ਸੂਹ/ਜਾਣਕਾਰੀ ਵੀ ਸਾਂਝੀ ਕੀਤੀ ਜਾ ਸਕਦੀ ਹੈ।

ਇਸ ਦੌਰਾਨ ਪੁਲਿਸ ਟੀਮਾਂ ਨੇ ਨਸ਼ਿਆਂ ਵਿਰੁੱਧ ਆਪਣੀ ਮੁਹਿੰਮ 'ਯੁੱਧ ਨਸ਼ਿਆਂ ਵਿਰੁੱਧ' ਨੂੰ 359ਵੇਂ ਦਿਨ ਵੀ ਜਾਰੀ ਰੱਖਦਿਆਂ ਅੱਜ 99 ਨਸ਼ਾ ਤਸਕਰਾਂ ਨੂੰ ਗ੍ਰਿਫਤਾਰ ਕਰਕੇ ਉਨ੍ਹਾਂ ਦੇ ਕਬਜ਼ੇ ਵਿੱਚੋਂ 6.9 ਕਿਲੋ ਹੈਰੋਇਨ, 6 ਕਿਲੋ ਆਈਸ, 1 ਕਿਲੋ ਅਫੀਮ, 210 ਕਿਲੋ ਭੁੱਕੀ, 577 ਨਸ਼ੀਲੀਆਂ ਗੋਲੀਆਂ/ਕੈਪਸੂਲ ਅਤੇ 7870 ਰੁਪਏ ਦੀ ਡਰੱਗ ਮਨੀ ਬਰਾਮਦ ਕੀਤੀ। ਇਸ ਦੇ ਨਾਲ ਸਿਰਫ਼ 359 ਦਿਨਾਂ ਵਿੱਚ ਗ੍ਰਿਫ਼ਤਾਰ ਕੀਤੇ ਗਏ ਕੁੱਲ ਨਸ਼ਾ ਤਸਕਰਾਂ ਦੀ ਗਿਣਤੀ 50,964 ਹੋ ਗਈ ਹੈ। ਨਸ਼ਾ ਛੁਡਾਊ ਮੁਹਿੰਮ ਤਹਿਤ ਪੰਜਾਬ ਪੁਲਿਸ ਨੇ ਅੱਜ 30 ਵਿਅਕਤੀਆਂ ਨੂੰ ਨਸ਼ਾ ਛੱਡਣ ਅਤੇ ਮੁੜ ਵਸੇਬੇ ਦਾ ਇਲਾਜ ਲੈਣ ਲਈ ਰਾਜ਼ੀ ਕੀਤਾ।





RE/MAX
EXECUTIVE

ਨਵਾਂ ਜਾਂ ਪੁਰਾਣਾ ਘਰ
ਖਰੀਦਣ ਜਾਂ ਵੇਚਣ ਲਈ
ਅੱਜ ਹੀ ਸੰਪਰਕ ਕਰੋ।

Kirandeep Kaur
Realtor ®
CalDRE # 02115235

ਤੁਸੀਂ ਸਾਡੇ ਨਾਲ ਹਿੰਦੀ ਅਤੇ ਪੰਜਾਬੀ
ਭਾਸ਼ਾ 'ਚ ਵੀ ਗੱਲ ਕਰ ਸਕਦੇ ਹੋ।

Contact : Cell (209) 550-1704

220 - A Standiford Ave, Modesto, CA 95350, kkaur@mycvre.com

EACH OFFICE IS INDEPENDENTLY OWNED AND OPERATED


web -www.globaldrugtestinginc@gmail.com
email -info@globaltruckpermits.com
ਕੈਲੇਫੋਰਨੀਆ ਅੰਦਰ ਸਾਰੀਆਂ ਸੇਵਾਵਾਂ ਇੱਕੋ ਥਾਂ
GLOBAL TRUCK PERMITS
ਦੇ ਜ਼ਰੀਏ ਲੈ ਕੇ ਜਾਉ ਤੁਹਾਡੇ Business ਨੂੰ ਤਰੱਕੀਆਂ ਵੱਲ
ਟ੍ਰੱਕਰ ਵੀਰਾਂ ਵਾਸਤੇ, ਇੱਕ ਹੀ ਛੱਤ ਹੇਠ
New Company Permits
IRP Plates
Trailer Plates
Truck ELD
DOT Drug Testing
DOT Drug Testing | Compliance Services | Driver Hiring
Driver Files | Safety Audit | Clearing House | Driver Management
"ਸਾਡਾ ਇਸ ਕੰਮ ਵਿਚ
19 ਸਾਲ ਦਾ ਤਜਰਬਾ ਹੈ"
ਰਾਜਿੰਦਰ ਟਾਂਡਾ
ਅੱਜ ਹੀ ਕਾਲ ਕਰੋ :
Ph : (209) 636-0880 | Ph : (209) 364-3020 | Cell :(510) 557-6988
Address: 159 Darcy Pkwy Lathrop, CA 95330


Gillson
TRUCKING INC
NOW HIRING
TRUCK DRIVERS
CLASS A CDL
✓Signing Bonus
✓Top pay
✓Mileage Pay
✓Great Benefits
✓Over the Road or Local Routes
✓Reefers and Dry Van Operations
✓No touch freight
SKILLS
✓Responsible truck driver.
✓Experience with electronic equipment.
✓Ability to travel regularly.
✓Adaptivity and foresight to handle unexpected situations
(traffic, weather conditions and roads, etc.)
RESPONSIBILITIES
✓Safely operating assigned vehicles.
✓The Vehicles are maintained and serviced as needed.
✓Report any vehicle defects for repair.
✓Make safety a priority at all times.
✓Comply with standard federal laws and with company.
policies and procedures.
PAY
✓Average pay: $0.45-$0.60 cents/mile
✓Weekly direct deposits
✓Bonuses for clean inspections
✓High mileage bonuses
NEWER EQUIPMENT
FREIGHTLINER AND VOLVO 2020 AND PRESENT
RESET PAY AWAY FROM TERMINALS– STOCKTON,. CA AND DAYTON, OHIO
Flexible Home Time
Pet Friendly
Rider Policy
SCAN QR CODE FOR
APPLY NOW
HEALTH BENEFITS
Health
Dental
Vision
1801 E Dr. Martin Luther King Jr. Blvd.
Stockton, CA 95205
925-400-9094 ext. 116, ext. 130 and ext. 144
info@teamgillson.com
GET IN TOUCH
gillsontrucking
company/gillsontrucking
www.teamgillson.com



SANJHI SOCH
ਬਰਜਿੰਦਰ ਕੌਰ ਬਿਸਰਾਓ
99889-01324


# ਹੋਲੀ ਮਨਾਓ ਹੁੱਲੜਬਾਜ਼ੀ ਨਾ ਮਚਾਓ

ਹੋਲੀ ਦਾ ਤਿਉਹਾਰ ਪਿਆਰ ਅਤੇ ਭਾਈਚਾਰਕ ਸਾਂਝ ਦਾ ਪ੍ਰਤੀਕ ਹੁੰਦਾ ਹੈ।ਇਸ ਦਾ ਸਬੰਧ ਬਸੰਤ ਦੀ ਰੁੱਤ ਨਾਲ ਹੈ। ਇਹ ਬਸੰਤ ਪੰਚਮੀ ਤੋਂ ਚਾਲੀਵੇਂ ਦਿਨ ਮਨਾਈ ਜਾਂਦੀ ਸੀ। ਕਹਿੰਦੇ ਹਨ ਕਿ ਪੁਰਾਣੇ ਸਮਿਆਂ ਵਿੱਚ ਇਹ ਤਿਉਹਾਰ ਬਸੰਤ ਤੋਂ ਲੈ ਕੇ ਹੋਲੀ ਤੱਕ ਲਗਾਤਾਰ ਮਨਾਇਆ ਜਾਂਦਾ ਸੀ। ਚਾਰੇ ਪਾਸੇ ਬਸੰਤ ਬਹਾਰ ਵਿੱਚ ਖਿੜਦੀਆਂ ਨਵੀਆਂ ਕਰੂੰਬਲਾਂ ਤੇ ਖਿੜੇ ਹੋਏ ਫੁੱਲਾਂ ਦੀ ਰੌਣਕ ਮਨ ਵਿੱਚ ਨਵੀਂ ਉਮੰਗ ਪੈਦਾ ਕਰਦੀਆਂ ਹਨ। ਇਸ ਰੁੱਤ ਵਿੱਚ ਸ਼ਾਮ ਨੂੰ ਇਕੱਠੇ ਹੋ ਕੇ ਹੋਲ਼ਾਂ ਭੁੰਨ ਕੇ ਖਾਧੀਆਂ ਜਾਂਦੀਆਂ ਸਨ। ਹੋਲਾਂ ਭੁੰਨਣ ਲਈ ਬਾਲੀ ਅੱਗ ਨੂੰ ਵੀ ਹੋਲੀ ਆਖਿਆ ਜਾਂਦਾ ਸੀ। ਹੋਲੀ ਹੋ਼ਲਾਂ ਦਾ ਤਿਉਹਾਰ ਵੀ ਮੰਨਿਆ ਜਾਂਦਾ ਹੈ।ਇਸ ਤਿਉਹਾਰ ਨੂੰ ਮਨਾਉਣ ਸਬੰਧੀ ਕਈ ਹੋਰ ਮਿਥਿਹਾਸਕ ਕਹਾਣੀਆਂ ਵੀ ਪ੍ਰਚਲਤ ਹਨ ਜਿਵੇਂ ਹੋਲਿਕਾ ਜਲਾਕੇ ਹੋਲਿਕਾ ਦਹਨ ਕਰਨਾ ਆਦਿ।

ਇਹ ਤਾਂ ਸਭ ਨੂੰ ਪਤਾ ਹੀ ਹੈ ਕਿ ਹੋਲੀ ਰੰਗਾਂ ਦਾ ਤਿਉਹਾਰ ਹੈ। ਰੰਗ ਖ਼ੁਸ਼ੀ ਦਾ ਪ੍ਰਤੀਕ ਹੁੰਦੇ ਹਨ ਜੋ ਸਾਡਾ ਜੀਵਨ ਰੰਗੀਨ ਬਣਾਉਂਦੇ ਹਨ। ਜੇ ਹੋਲੀ ਦਾ ਤਿਉਹਾਰ ਪੂਰੀ ਮਰਿਆਦਾ ਨਾਲ ਮਨਾਇਆ ਜਾਵੇ ਤਾਂ ਹੋਲੀ ਵਾਲੇ ਦਿਨ ਸਾਰਾ ਆਲਾ-ਦੁਆਲਾ ਰੰਗ-ਬਿਰੰਗਾ ਅਤੇ ਖਿੜਿਆ ਖਿੜਿਆ ਦਿਸਦਾ ਹੈ ਜੋ ਸਿਰਫ਼ ਦੇਖਣ ਨੂੰ ਹੀ ਸੋਹਣਾ ਨਹੀਂ ਲੱਗਦਾ, ਸਗੋਂ ਸਾਡੀ ਰੂਹ ਨੂੰ ਵੀ ਖ਼ੇੜਾ ਪ੍ਰਦਾਨ ਕਰਦਾ ਹੈ।ਹਰ ਉਮਰ ਅਤੇ ਹਰ ਵਰਗ ਦੇ ਲੋਕ ਇਸ ਤਿਉਹਾਰ ਨੂੰ ਆਪਣੇ-ਆਪਣੇ ਢੰਗ ਨਾਲ ਬੜੇ ਉਤਸ਼ਾਹ ਨਾਲ ਮਨਾਉਂਦੇ ਹਨ। ਬੱਚੇ ਤਰ੍ਹਾਂ-ਤਰ੍ਹਾਂ ਦੀਆਂ ਪਿਚਕਾਰੀਆਂ ਵਿੱਚ ਰੰਗ ਭਰ ਕੇ ਪਾਣੀ ਵਾਲੀ ਹੋਲੀ ਖੇਡਦੇ ਹਨ। ਉਹ ਕੋਠਿਆਂ 'ਤੇ ਚੜ੍ਹ ਕੇ ਗਲੀ ਵਿੱਚ ਲੰਘਦਿਆਂ ਉੱਤੇ ਰੰਗ ਵਾ਼ਲ ਪਾਣੀ ਦੇ ਗ਼ੁਬਾਰੇ ਸੁੱਟ ਕੇ ਖ਼ੁਸ਼ੀ ਮਨਾਉਂਦੇ ਹਨ।

ਸਕੂਟਰਾਂ, ਮੋਟਰਸਾਈਕਲਾਂ ਉੱਤੇ ਚਾਰ-ਚਾਰ ,ਪੰਜ-ਪੰਜ ਜਣੇ ਤੇ ਕਾਰਾਂ ਵਿੱਚ ਦਸ-ਦਸ ਨੌਜਵਾਨ ਮੁੰਡੇ ਕੁੜੀਆਂ ਭਰ ਕੇ ਮੂੰਹ ਅਤੇ ਕੱਪੜੇ ਰੰਗ ਬਿਰੰਗੇ ਕੀਤੇ ਜਲੂਸ ਦੇ ਰੂਪ ਵਿੱਚ ਸੀਟੀਆਂ ਮਾਰਦੇ , ਲਗਾਤਾਰ ਟੀਂ-ਟੀਂ ਟੀਂ-ਟੀਂ ਕਰਦੇ, ਹੁੱਲੜਬਾਜ਼ੀ ਕਰਦੇ ਗ਼ਲੀਆਂ ਮੁਹੱਲਿਆਂ ਅਤੇ ਬਜ਼ਾਰਾਂ ਵਿੱਚ ਅੱਗ ਲੱਗੀ ਵਾਂਗੂੰ ਤੇਜ਼ ਰਫ਼ਤਾਰ ਨਾ਼ਲ ਗੇੜੀਆਂ ਮਾਰਦੇ ਹਨ। ਕਈ ਤਾਂ ਬਹੁਤੇ ਮਾਡਰਨ ਮਾਪੇ ਵੀ ਉਹਨਾਂ ਦਾ ਸਾਥ ਦਿੰਦੇ ਦਿਸਦੇ ਹਨ। ਸਵੇਰ ਤੋਂ ਲੈਕੇ ਸ਼ਾਮ ਤੱਕ ਗੇੜੇ ਕੱਢਦੇ, ਆਉਂਦੇ ਜਾਂਦੇ ਰਾਹੀਆਂ ਉੱਪਰ ਰੰਗ ਸੁੱਟ ਕੇ ਉਹਨਾਂ ਦੇ ਮਜ਼ਾਕ ਉਡਾਉਣਾ ਕਿਹੜੀ ਤਹਿਜ਼ੀਬ ਦਾ ਹਿੱਸਾ ਹੈ? ਇਸ ਨੂੰ ਉਹ ਲੋਕ ਆਪਣਾ ਤਿਉਹਾਰ ਮਨਾਉਣ ਦਾ ਤਰੀਕਾ ਜਾਂ ਮਨੋਰੰਜਨ ਆਖਦੇ ਹਨ। ਰਾਹਾਂ ਵਿੱਚ ਆਪਣੇ ਕੰਮਾਂ ਕਾਰਾਂ ਲਈ ਜਾਂਦੇ, ਧੋਤੇ ਪ੍ਰੈੱਸ ਕੀਤੇ ਕੱਪੜੇ ਪਾਈ ਜਾਂਦੇ ਸ਼ਰੀਫ਼ ਲੋਕਾਂ ਨੂੰ ਤਾਂ ਇਹਨਾਂ ਨੇ ਕੀ ਬਖਸ਼ਣਾ ਹੈ,ਇਹ ਤਾਂ ਬੇਜ਼ੁਬਾਨ ਜਾਨਵਰਾਂ ਉੱਪਰ ਰੰਗ ਸੁੱਟ ਸੁੱਟ ਉਹਨਾਂ ਨੂੰ ਹਾਲੋਂ ਬੇਹਾਲ ਕਰ ਦਿੰਦੇ ਹਨ। ਉਹ ਸਮਝ ਹੀ ਨਹੀਂ ਪਾਉਂਦੇ ਕਿ ਇਹ ਧਰਤੀ ਉੱਤੇ ਕਿਹੜੇ ਗ੍ਰਹਿ ਦੇ ਜੀਵ-ਜੰਤੂ ਉਤਰ ਆਏ ਹਨ। ਉਹਨਾਂ ਉੱਪਰ ਕੈਮੀਕਲ ਵਾਲੇ ਰੰਗ ਸੁੱਟਦੇ ਹਨ ਜੋ ਤਾਂ ਕਈ ਬੇਜ਼ੁਬਾਨਾਂ ਦੀਆਂ ਜ਼ਿੰਦਗੀਆਂ ਤੇ ਭਾਰੂ ਪੈ ਜਾਂਦਾ ਹੈ। ਕਈ ਕੁੱਤਿਆਂ ਬਿੱਲੀਆਂ ਜਾਂ ਹੋਰ ਘੁੰਮ ਰਹੇ ਅਵਾਰਾ ਪਸ਼ੂਆਂ ਦੀ ਅੱਖਾਂ ਦੀ ਰੌਸ਼ਨੀ ਚਲੀ ਜਾਂਦੀ ਹੈ,ਕਈ ਪਸ਼ੂਆਂ ਦੀ ਚਮੜੀ ਗ਼ਲ ਜਾਂਦੀ ਹੈ ਤੇ ਉਹ ਤੜਫ਼ ਤੜਫ਼ ਕੇ ਮਰਦੇ ਹਨ। ਇਹ ਇਨਸਾਨਾਂ ਦਾ ਤਿਉਹਾਰ ਇਨਸਾਨਾਂ ਵਾਂਗ ਇਨਸਾਨਾਂ ਨਾ਼ਲ ਹੀ ਮਨਾਇਆ ਜਾਣਾ ਚਾਹੀਦਾ ਹੈ। ਕਈ ਵਾਰ ਕਈ ਅੱਕੇ ਹੋਏ ਲੋਕ ਇਹੋ ਜਿਹੇ ਮੱਛਰੇ ਹੋਏ ਅੱਥਰੇ ਲੋਕਾਂ ਨਾਲ ਦੋ ਹੱਥ ਵੀ ਕਰ ਲੈਂਦੇ ਹਨ। ਕਈ ਵਾਰ ਤਾਂ ਇਹ ਲੜਾਈਆਂ ਭਿਆਨਕ ਰੂਪ ਧਾਰਨ ਕਰ ਲੈਂਦੀਆਂ ਹਨ।

ਜਿਹੜੇ ਲੋਕ ਤਹਿਜ਼ੀਬ ਨਾਲ ਮਰਿਆਦਾ ਸਹਿਤ ਇਸ ਤਿਉਹਾਰ ਨੂੰ ਮਨਾਉਂਦੇ ਹਨ ਉਹ ਆਪਣੇ ਦੋਸਤਾਂ-ਮਿੱਤਰਾਂ, ਗੁਆਂਢੀਆਂ ਅਤੇ ਰਿਸ਼ਤੇਦਾਰਾਂ ਦੇ ਘਰ ਜਾ ਕੇ ਗੁਲਾਲ ਲਗਾ ਕੇ ਹੋਲੀ ਦੀਆਂ ਵਧਾਈਆਂ ਦਿੰਦੇ ਹਨ। ਘਰ ਆਏ ਮਹਿਮਾਨਾਂ ਨੂੰ ਮਠਿਆਈ ਖੁਆਈ ਜਾਂਦੀ ਹੈ ਅਤੇ ਚਾਹ ਪਾਣੀ ਪਿਆਇਆ ਜਾਂਦਾ ਹੈ। ਕਈ ਲੋਕ ਹੋਲੀ ਵਾਲੇ ਦਿਨ ਗੁਜੀਆ ਖ਼ਾਸ ਤੌਰ ਤੇ ਬਣਾਉਂਦੇ ਹਨ। ਹੋਰ ਵੀ ਕਈ ਪ੍ਰਕਾਰ ਦੇ ਪਕਵਾਨ ਬਣਾਏ ਜਾਂਦੇ ਹਨ। ਇਹ ਤਿਉਹਾਰ ਸਵੇਰ ਤੋਂ ਲੈ ਕੇ ਸ਼ਾਮ ਤੱਕ ਮਨਾਇਆ ਜਾਂਦਾ ਹੈ। ਚਾਰੇ-ਪਾਸੇ ਰੰਗ ਉੱਡ ਰਹੇ ਹੁੰਦੇ ਹਨ ਅਤੇ ਕਈ ਮਰਦ ਔਰਤਾਂ ਖ਼ਾਸ ਤੌਰ ਤੇ ਟੋਲੀਆਂ ਬਣਾ ਕੇ ਢੋਲ ਵਜਾਉਂਦੇ,ਨੱਚਦੇ ਟੱਪਦੇ 'ਹੋਲੀ ਹੈ ਬਈ ਹੋਲੀ ਹੈ' ਗਾਉਂਦੇ ਅਗਾਂਹ ਵਧਦੇ ਦੇਖੇ ਜਾ ਸਕਦੇ ਹਨ। ਕਦੇ ਸਮਾਂ ਹੁੰਦਾ ਸੀ,ਜਦ ਲੋਕ ਰੰਗ-ਬਿਰੰਗੇ ਫੁੱਲਾਂ ਅਤੇ ਫੁੱਲਾਂ ਦੀਆਂ ਪੱਤੀਆਂ ਨਾਲ ਹੋਲੀ ਖੇਡਦੇ ਹੁੰਦੇ ਸਨ। ਫਿਰ ਲੋਕ ਸੁੱਕੇ ਰੰਗਾਂ ਨਾਲ ਖੇਡਦੇ ਪਰ ਅੱਜ ਕੱਲ੍ਹ ਉਸ ਦੀ ਥਾਂ ਰਸਾਇਣਕ (ਕੈਮੀਕਲ) ਰੰਗਾਂ ਨੇ ਲੈ ਲਈ ਹੈ ਤੇ ਕੁਝ ਸ਼ਰਾਰਤੀ ਲੋਕ ਤਾਂ ਆਂਡਿਆਂ ਅਤੇ ਗੰਦੇ ਪਾਣੀ ਅਤੇ ਗੋਹੇ ਵਾਲੇ ਪਾਣੀ ਦੀ ਵਰਤੋਂ ਵੀ ਕਰਨ ਲੱਗ ਪਏ ਹਨ। ਇਸ ਕਰ ਕੇ ਹੋਲੀ ਵਾਲੇ ਦਿਨ ਕਈ ਵਾਰ ਲੜਾਈ-ਝਗੜਾ ਵੀ ਵੇਖਣ ਨੂੰ ਮਿਲਦਾ ਹੈ, ਜਿਸ ਕਾਰਨ ਇਸ ਤਿਉਹਾਰ ਦੀ ਸ਼ੋਭਾ ਘਟਦੀ ਜਾ ਰਹੀ ਹੈ।ਤਿਉਹਾਰ ਸਾਡੀ ਕੌਮੀ ਏਕਤਾ ਦਾ ਪ੍ਰਤੀਕ ਹੁੰਦੇ ਹਨ। ਸਾਨੂੰ ਇਸ ਗੱਲ ਦਾ ਧਿਆਨ ਰੱਖਦੇ ਹੋਏ ਤਿਉਹਾਰਾਂ ਨੂੰ ਪਿਆਰ ਅਤੇ ਭਾਈਚਾਰੇ ਦੀ ਭਾਵਨਾ ਨਾਲ ਮਨਾਉਣਾ ਚਾਹੀਦਾ ਹੈ। ਇਸ ਲਈ ਹੋਲੀ ਦਾ ਤਿਉਹਾਰ ਮਰਿਆਦਾ ਸਹਿਤ ਮਨਾ ਕੇ ਖ਼ੁਸ਼ੀ ਨੂੰ ਦੁੱਗਣਾ ਕਰਨਾ ਚਾਹੀਦਾ ਹੈ ਨਾ ਕਿ ਹੁੱਲੜਬਾਜ਼ੀ ਮਚਾ ਕੇ ਰੰਗ ਵਿੱਚ ਭੰਗ ਪਾਇਆ ਜਾਵੇ।







Imperial Spice
Resturant Bar & Banquet Hall
Vibrant flavors of
North and South Indian cuisine.
IMPERIAL SPICE
OPEN
10am to 10pm
ਸੋਮਵਾਰ ਤੋਂ ਬੁੱਧਵਾਰ 10am to 3pm
Lunch Buffett
ਸਿਰਫ ਤੇ ਸਿਰਫ
$14.99
SPECIAL
Fish Pakora
$4.99
ਜੇਕਰ ਤੁਸੀਂ $100 ਤੇ ਵੱਧ ਖਰਚਦੇ ਹੋ ਤਾਂ 1 ਪਲੇਟ ਪਾਣੀਪੁਰੀ FREE
OPEN
7 DAYS
A WEEK
ਮੰਗਲਵਾਰ ਨੂੰ ਖਾਸ ਸਪੈਸ਼ਲ Buffet $12.99
ਰਾਤੀ Dinner ਸਮੇਂ 5 ਜਾਂ 5 ਤੋਂ ਵੱਧ ਬੰਦਿਆਂ ਦੇ
ਖਾਣਾ ਖਾਣ 'ਤੇ ਹੋਵੇਗਾ 10% discount
ਸਿਰਫ ਮੰਗਲਵਾਰ ਨੂੰ hard liquor ਦੀਆਂ ਕੁਝ items ਦੇ shot ਦੀ ਕੀਮਤ ਹੋਵੇਗੀ ਸਿਰਫ $8
PACKAGE DEALS AVAILABLE
Spacious Banquet Hall
Professional Decoration
DJ & Special Security Available
5000 ਬੰਦਿਆਂ ਤੱਕ ਦੀ
Catering ਦਾ ਪ੍ਰਬੰਧ
ਅਸੀਂ ਦੇਸੀ ਘਿਉ ਦੀਆਂ ਹਰ ਤਰ੍ਹਾਂ ਦੀਆਂ ਮਿਠਾਈਆਂ ਵੀ ਬਣਾਉਂਦੇ ਹਾਂ
ਅਤੇ ਵਿਆਹ ਸ਼ਾਦੀਆਂ ਵਾਸਤੇ ਵੱਡੇ ਆਡਰ ਵੀ ਮਿਠਾਈਆਂ ਦੇ ਲੈਂਦੇ ਹਾਂ ।
Sonu (209) 595-8596 Goutam (209) 494-9404
430 W Grant Line Rd Tracy, CA 95376

# SUNSHINE AUTO CARE INC.

**WE REPAIR ALL MAKES & MODELS. AUTO, DIESEL TRUCK & TRAILERS**

- ✓ DPF Filter Cleaning
- ✓ Clutch
- ✓ Transmission
- ✓ New/Used Tires
- ✓ Oil Changes
- ✓ Wheel Balancing
- ✓ Truck & Trailer Repair
- ✓ All Major & Minor Repairs
- ✓ We Do Aluminum Welding
- ✓ Computer Check
- ✓ Differential
- ✓ Inspections
- ✓ Van/Reefer Work

WE PROVIDE SHUTLE SERVICE FOR ALL CUSTOMERS

hablamos español


We Speak English, Spanish & Punjabi

We Provide Towing &
24/7 Mobile Road Services
For All Autos, Trucks & Trailers

Open Monday to Saturday

Com-Check
T-Check
EFS Check

ACCEPTED HERE
VISA | MasterCard | AMERICAN EXPRESS | DISCOVER NETWORK

**1003 Moffat Blvd,
Manteca CA 95336**

# 209-239-1551



Chevron

# TRUCK STOP

OPEN PARKING, DELI, SHOWER, LAUNDRY

• ਸਸਤਾ ਡੀਜ਼ਲ • ਕਾਰਾਂ ਦੀ ਸਸਤੀ ਗੈਸ



We accept all major fleet cards, credit cards including, Visa, MC, AE, Discover, Voyag and Writer Express.

(Or $9 off Chevron In-Store Purchase)

ਇਥੇ
ਪੰਜਾਬੀ ਰੈਸਟੋਰੈਂਟ
ਵੀ ਹੈ ਅਤੇ ਹਰ ਵੇਲੇ
ਪੰਜਾਬੀ ਖਾਣਾ ਮਿਲਦਾ ਹੈ।

Contact :
BALRAJ SINGH PANNU
541-942-0105

Chevron

1250, Gateway Blvd. Cottage, OR 97424,
Ph : 541-942-4142 Fax : 541-942-9668



# PIONEER VILLA



Chevron

TRUCK PLAZA

MOTEL • RESTAURANT
LOUNGE • MINI-MART
GIFT SHOP • OPEN 24 HR
FLEET • MULTI SERVICE

WE ACCEPT-TCH T-CHECK
COM CHECK - EFS -
ALL MAJOR CREDIT CARDS

PREETI PANNU
(541) 369-2801
FAX (541) 369-3810

33180 HWY 228 HALSEY, OR 97348


JASPREET SINGH
ATTORNEY AT LAW USA
JASPREET SINGH ATTORNEY AT LAW USA
SPECIALIZES IN IMMIGRATION LAW MATTERS , POLITICAL ASYLUM , DEPORTATION
DEFENSE , GREEN CARDS , MARRIAGE , CITIZENSHIP, P3 AND E-2 VISAS
LAW OFFICES IN NY , NJ AND CALIFORNIA
SACRAMENTO, CA
5855 AUBURN BLVD,
SACRAMENTO, CA 95841
+1-917-915-4142
FREMONT, CA
3155 KEARNEY ST, SUITE
#248, FREMONT, CA 94538
+1-510-657-6444
NEW YORK, NY
108-14 JAMAICA AVENUE,
RICHMOND HILL, NY 11418
+1-718-533-8444
FRESNO, CA
1625 E SHAW AVE #122,
FRESNO, CA 93711
+1-559-271-5511
NEW JERSEY, NJ
2060 OAK TREE ROAD #1,
EDISON, NEW JERSEY, 08820
+1-732-453-6699
LOS ANGELES, CA
1013 N BEGONIA AVE,
ONTARIO, CA 91762
+1-917-915-4142
CONTACT
+1-917-915-4142
Jaspreetsinghlaoffice@gmail.com


ਰੋਜਮਾਰਰਾ ਦੀ ਜ਼ਰੂਰਤ ਦਾ ਹਰ ਸਾਮਾਨ ਮਿਲੇਗਾ ਇਕ ਹੀ ਜਗਾਹ ਤੇ
Indian & Fijian
Grocery Store
HOURS
10a.m - 8p.m
(209) 486-8233
ਇੱਥੇ ਪੱਗਾਂ, ਜਵੈਲਰੀ, ਧਾਰਮਿਕ ਫੋਟੋਆਂ, ਰੁਮਾਲਾ ਸਾਹਿਬ, ਪੂਜਾ ਦੀ ਸਮੱਗਰੀ, ਦਾਲਾਂ, ਨਮਕੀਨ, ਇੰਡੀਅਨ ਮੇਡ ਸਪੈਸ਼ਲ ਬਿਸਕੁਟ, ਤਾਜ਼ੀਆਂ ਸਬਜ਼ੀਆਂ, ਫਰੋਜ਼ਨ ਸਬਜ਼ੀਆਂ ਤੇ ਨਾਲ ਹੀ ਖਰੀਦਦਾਰੀ ਕਰ ਸਕਦੇ ਹੋ ਇੰਡੀਅਨ,ਪਾਕਿਸਤਾਨੀ ਤੇ ਫਿਜੀਆਨਾ ਗਰੋਸਰੀ
NOW OPEN
ਤਿਓਹਾਰਾਂ ਵਿੱਚ ਆਪਣੇ ਘਰ ਨੂੰ ਬਿਹਤਰੀਨ ਬਨਾਉਣ ਲਈ ਖਰੀਦ ਸਕਦੇ ਹੋ ਹਰ ਤਰ੍ਹਾਂ ਦੇ ਸਜਾਵਟ ਦਾ ਸਮਾਨ |
Ria
Money Transfer
INDIA ਪੈਸੇ ਭੇਜਣ ਲਈ RIA MONEY TRANSFER ਦੀਆਂ ਸੇਵਾਵਾਂ ਤੁਸੀਂ ਸਾਡੇ ਸਟੋਰ ਤੋਂ ਲੈ ਸਕਦੇ ਹੋ
Address : 2015 Yosemite Blvd. Modesto CA
Website : www.indianfijianstore.wixsite.com/my-site-1
@indianfijiangrocery
ਸਾਡੇ ਦੂਜੇ ਸਟੋਰ ਦਾ ਪਤਾ
NAV INDIAN MERCHANDISE GROCERY STORE
3230 MITCHELL ROAD, STE, C, CERES, CA 95307

# ਕੈਂਸਰ ਦੇ ਇਲਾਜ਼ ਲਈ ਮਹਿੰਗੀਆਂ ਦਵਾਈਆਂ ਅਤੇ ਟੈਸਟਾਂ ਦੇ ਖਰਚੇ ਝੱਲਣੇ ਸੌਖੇ ਨਹੀਂ

ਸਿਹਤ ਦਾ ਖਿਆਲ ਰੱਖਣਾ ਬਹੁਤ ਜਰੂਰੀ ਹੈ ਪਰ ਸਾਡਾ ਖਾਣ-ਪੀਣ ਪੁਰਾਤਨ ਰਵਾਇਤ ਤੋਂ ਹਟ ਕੇ ਸ਼ੁਧ ਨਾ ਹੋਣ ਕਾਰਨ ਬਹੁਤ ਸਾਰੀਆਂ ਬਿਮਾਰੀਆਂ ਦਾ ਕਾਰਨ ਬਣਦਾ ਹੈ। ਬੱਚਿਆਂ ਤੋਂ ਲੈ ਕੇ ਬਜ਼ੁਰਗਾਂ ਤੱਕ ਨਵੀਆਂ ਨਵੀਆਂ ਬਿਮਾਰੀਆਂ ਨਾਲ ਪੀੜ੍ਹਤ ਮਰੀਜ਼ ਹਸਪਤਾਲਾਂ, ਡਾਕਟਰਾਂ ਦੇ ਕਲੀਨਿਕਾਂ ਆਦਿ ਵਿੱਚ ਬਹੁਤਾਤ ਵਿੱਚ ਦਿਖਾਈ ਦੇਂਦੇ ਹਨ। ਜਿਆਦਾਤਰ ਮਰੀਜ਼ ਐਲੋਪੈਥੀ ਦਵਾਈਆਂ ਨਾਲ ਜਲਦੀ ਠੀਕ ਹੋਣ ਲਈ ਇਲਾਜ ਕਰਵਾ ਰਹੇ ਹਨ। ਪਰ ਹੋਮਿਉਪੈਥੀ , ਆਯੂਰਵੈਦਿਕ ਅਤੇ ਹੋਰ ਪੈਥੀਆਂ ਵੱਲ ਵੀ ਲੋਕਾਂ ਦਾ ਰੁਝਾਣ ਵੱਧ ਰਿਹਾ ਹੈ। ਕੁਦਰਤੀ ਜੜ੍ਹੀਆਂ ਬੂਟੀਆਂ ਦੀ ਵਰਤੋਂ ਵੀ ਹੋਣ ਲੱਗੀ ਹੈ।ਭਾਰਤ ਅੰਦਰ ਬਹੁਤੇ ਲੋਕ ਐਲੋਪੈਥੀ ਇਲਾਜ਼ ਕਰਵਾਉਣ ਦੇ ਸਮਰੱਥ ਨਹੀਂ ਹੁੰਦੇ ਕਿਉਂ ਕਿ ਪਹਿਲਾਂ ਤਾਂ ਡਾਕਟਰ ਮਹਿੰਗੇ ਟੈਸਟ ਲਿਖ ਦਿੰਦੇ ਹਨ ਦੂਸਰਾ ਦਵਾਈਆਂ ਬਹੁਤ ਮਹਿੰਗੀਆਂ ਹੁੰਦੀਆਂ ਹਨ।

ਮੈਂ ਪੀ.ਜੀ.ਆਈ. ਚੰਡੀਗੜ੍ਹ ਤੋਂ ਆਪਣੀ ਕੈਂਸ਼ਰ ਦੀ ਬਿਮਾਰੀ ਦਾ ਇਲਾਜ ਕਰਵਾ ਰਿਹਾ ਹਾਂ।ਇਸਦੇ ਟੈਸਟ, ਦਵਾਈਆਂ, ਇੰਜੈਕਸ਼ਨ, ਥਰੈਪੀਆਂ ਆਦਿ ਮਹਿੰਗੀਆਂ ਹਨ। ਡਾਕਟਰ ਸਾਬ੍ਹ ਨੇ ਇੱਕ ਇੰਜੈਕਸ਼ਨ ਨੈੱਟ ਉੱਪਰ ਦੇਖ ਕੇ ਮੈਨੂੰ ਪੁਛਿਆ ਕਿ ਇਹ ਮਹਿੰਗਾ ਹੈ ਕੋਈ ਦਿੱਕਤ ਤਾਂ ਨਹੀਂ ।ਮੈਂ ਉਨ੍ਹਾਂ ਨੂੰ ਕਹਿ ਦਿੱਤਾ ਕੋਈ ਗੱਲ ਨਹੀਂ। ਡਾਕਟਰ ਸਾਬ੍ਹ ਦਾ ਮਰੀਜ਼ਾਂ ਪ੍ਰਤੀ ਹਮੇਸ਼ਾਂ ਹਮਦਰਦੀ ਭਰਿਆ ਵਤੀਰਾ ਹੁੰਦਾ ਹੈ ਕਿ ਘੱਟੋ ਘੱਟ ਖਰਚੇ ਨਾਲ ਵਧੀਆ ਇਲਾਜ਼ ਹੋ ਸਕੇ ।ਮੈਂ ਇੰਜੈਕਸ਼ਨ ਲੈ ਆਇਆ ਜਦ ਬਿਲ ਦੇਖਿਆ ਤਾਂ ਉਹ ਕੋਈ ਛੇ ਗੁਣਾਂ ਵੱਧ ਐਮ.ਆਰ.ਪੀ. ਪ੍ਰਿੰਟ ਵਾਲਾ ਸੀ ਜਿਸ ਨੂੰ ਦੇਖ ਕੇ ਮੈਨੂੰ ਵੀ ਸ਼ਕ ਹੋਇਆ ਕਿ ਕਿਤੇ ਹੋਰ ਕੰਪਨੀ ਦਾ ਨਾ ਹੋਵੇ ਪਰ ਤਸੱਲੀ ਹੋਣ ਤੇ ਮੈਂ ਆ ਗਿਆ ਜੋ ਕਿ ਠੀਕ ਹੀ ਸੀ ।ਡਾਕਟਰ ਸਾਬ੍ਹ ਨੇ ਜਦੋਂ ਰੇਟ ਪੁੱਛਿਆ ਤਾਂ ਮੇਰੇ ਦੱਸਣ ਤੇ ਡਾਕਟਰ ਸਾਬ੍ਹ ਹੈਰਾਨ ਹੋ ਗਏ । ਉਹ ਆਪਣੇ ਜੂਨੀਅਰ ਡਾਕਟਰ ਨੂੰ ਕਹਿ ਰਹੇ ਸੀ ਕਿ ਉਹ ਤਾਂ ਇਹ ਇੰਜੈਕਸ਼ਨ ਮਹਿੰਗਾ ਹੋਣ ਕਾਰਨ ਸਾਰੇ ਮਰੀਜ਼ਾਂ ਨੂੰ ਨਹੀਂ ਲਿਖ ਰਹੇ ਹੁਣ ਅੱਗੇ ਤੋਂ ਇਹ ਇਸ ਸਮੱਸਿਆ ਵਾਲੇ ਨੂੰ ਜਰੂਰ ਲਿਖ ਦਿਆ ਕਰੋ। ਭਲੀਮਾਣਸੀ ਹੈ ਇਹੋ ਜਿਹੇ ਕੈਮਿਸਟਾਂ ਦੀ ਜਿਹੜੇ ਫਿਰ ਵੀ ਆਪਣਾ ਬਣਦਾ ਕਮਿਸ਼ਨ ਲੈ ਕੇ ਮਰੀਜ਼ਾਂ ਉੱਪਰ ਤਰਸ ਕਰਦੇ ਹਨ ।ਮੇਰੇ ਮਹੀਨਾ ਵਾਰ ਲਗਣ ਵਾਲੇ ਇੰਜੈਕਸ਼ਨ ਨੂੰ ਜੋ ਕਿ ਹਫਤੇ ਬਾਅਦ ਆਉਣਾ ਬਣਦਾ ਸੀ ਡਾਕਟਰ ਸਾਬ੍ਹ ਨੇ ਮੇਰੇ ਪਹਿਲਾਂ ਹੀ ਦੋ ਗੇੜ੍ਹੇ ਪੀ.ਜੀ.ਆਈ. ਦੇ ਲੱਗਣ ਕਾਰਨ ਉਨ੍ਹਾਂ ਐਤਕੀਂ ਲੋਕਲ ਹਸਪਤਾਲ ਤੋਂ ਹੀ ਟੀਕਾ ਲਗਵਾਉਣ ਲਈ ਕਹਿ ਦਿੱਤਾ ਪਰ ਇਹ ਟੀਕਾ ਨਾਭੇ ਤਾਂ ਮਿਲਣਾ ਨਹੀਂ ਸੀ ਮੈਂ ਪਟਿਆਲਾ ਹਸਪਤਾਲ ਰੈਫਰ ਕਰਵਾ ਲਿਆ। ਪਟਿਆਲੇ ਇਹ ਟੀਕਾ ਉਂਝ ਨਾ ਮਿਲਿਆ ਆਰਡਰ ਉੱਪਰ ਇੱਕ ਕੈਮਿਸਟ ਨਾਲ ਮੰਗਵਾਉਣ ਦੀ ਮੇਰੇ ਦੋਸਤ ਗੁਰਮੇਲ ਸਿੰਘ ਪਟਿਆਲਾ ਨੇ ਗੱਲ ਕਰ ਲਈ। ਟੀਕਾ ਆਉਣ ਦਾ ਕਨਫਰਮ ਕਰਕੇ ਮੈਂ ਪਟਿਆਲੇ ਚਲਾ ਗਿਆ। ਜਦੋਂ ਟੀਕੇ ਦੀ ਪੇਮੈਂਟ ਕੀਤੀ ਤਾਂ ਕੈਮਿਸਟ ਨੇ 17000 ਰੁਪਏ ਦਾ ਜੋ ਚੰਡੀਗੜ੍ਹੋਂ ਮਿਲਦਾ ਸੀ ਉਸ ਦਾ 19500 ਰੁਪਏ ਦਾ ਬਿਲ ਦੇ ਦਿੱਤਾ, ਜਿਸ ਦੀ ਕੰਪਨੀ ਉਹੀ ਸੀ। ਮੈਂ ਮਜਬੂਰ ਸੀ ਪੇਮੈਂਟ ਕਰ ਦਿੱਤੀ। ਪਰ ਮੈਂ ਇਸ ਵੱਡੇ ਅੰਤਰ ਬਾਰੇ ਸੋਚ ਰਿਹਾਂ ਕਿ ਗਰੀਬ ਲੋਕਾਂ ਲਈ ਏਨਾ ਮਹਿੰਗਾ ਇਲਾਜ਼ ਕਰਾਉਣਾ ਉਨ੍ਹਾਂ ਦੇ ਵਸ ਦੀ ਗੱਲ ਨਹੀਂ। ਰੇਟ ‘ਚ ਇਹ ਵੱਡੇ ਫਰਕ ਤੌਂ ਇਲਾਵਾ ਕਮਿਸ਼ਨ ਵੀ ਤਾਂ ਵੱਖਰਾ ਹੋਵੇਗਾ। ਮਨਮਰਜ਼ੀ ਦੇ ਰੇਟ ਮਰੀਜ਼ਾਂ ਦੀ ਮਜਬੂਰੀ ਕਾਰਨ ਲੈਣੇ ਇਨ੍ਹਾਂ ਲੋਕਾਂ ਦੇ ਦਿਨਾਂ ‘ਚ ਅਮੀਰ ਬਣਨ ਦੇ ਰਸਤੇ ਖੁੱਲ੍ਹੇ ਹੋਏ ਹਨ, ਜ਼ਿੰਦਗੀ ਦੇ ਅਖੀਰੀ ਸਮੇਂ ‘ਚ ਇਨ੍ਹਾਂ ਦੀ ਜ਼ਮੀਰ ਜਰੂਰ ਫਿਟਲਾਨ੍ਹਤਾਂ ਦੇਵੇਗੀ ਜਦੋਂ ਇਹ ਸਾਰਾ ਪੈਸਾ ਛੱਡ ਕੇ ਖਾਲੀ ਹੱਥ ਜਾਣਾ ਪਵੇਗਾ। ਇਨਸਾਨੀਅਤ ਨਾਮ ਦਾ ਇਹ ਲੋਕ ਘਾਣ ਕਰਦੇ ਨਜ਼ਰ ਆ ਰਹੇ ਹਨ।ਪ੍ਰਾਈਵੇਟ ਹਸਪਤਾਲਾਂ ‘ਚ ਤਾਂ ਆਮ ਮਰੀਜ਼ਾਂ ਲਈ ਇਲਾਜ਼ ਕਰਾਉਣਾ ਹੋਰ ਵੀ ਔਖਾ ਹੈ ।ਮੈਂ ਆਪ ਪੀ.ਜੀ.ਆਈ. ਦਾ ਪੰਜ ਹਜ਼ਾਰ ਦਾ ਟੈਸਟ ਬਾਹਰੋਂ ਪ੍ਰਾਈਵੇਟ ਲੈਬਾਂ ‘ਚ ਚਾਰ ਗੁਣਾ ਤੋਂ ਵੱਧ ਰੇਟ ਉੱਪਰ ਸ਼ੁਰੂ ‘ਚ ਕਰਵਾਏ ਜੋ ਕਿ ਇੱਕ ਪ੍ਰਾਈਵੇਟ ਹਸਪਤਾਲ ਦੇ ਡਾਕਟਰ ਵਲੋਂ ਲਿਖੇ ਗਏ ਸੀ ।ਪਰ ਹੁਣ ਪਿਛਲੇ ਸਾਲ 2025 ਵਿੱਚ ਇਹੀ ਟੈਸਟ ਪੀ.ਜੀ.ਆਈ. ਦਵਾਈ ਨਾ ਹੋ ਕਾਰਨ ਮੈਨੂੰ ਬਾਹਰੋਂ ਫਿਰ ਕਰਵਾਉਣੇ ਪੈ ਰਹੇ ਹਨ। ਇਸੇ ਤਰ੍ਹਾਂ ਹੀ ਪੀ.ਜੀ.ਆਈ. ‘ਚ ਪਹਿਲਾਂ ਥਰੈਪੀ ਦੀ ਦਵਾਈ ਆ ਜਾਂਦੀ ਸੀ ਜੋ ਪੱਚੀ ਕੂ ਹਜ਼ਾਰ ਦੀ ਮਿਲਦੀ ਪਰ ਪਿਛਲੇ ਸਾਲਾਂ ਤੋਂ ਦਵਾਈ ਨਾ ਆਉਣ ਕਾਰਨ ਤਿੰਨ ਵਾਰ ਵਿਦੇਸੋਂ ਸਵਾ ਦੋ ਲੱਖ ਕੀਮਤ ਤੋਂ ਉੱਪਰ ਮੰਗਵਾਉਣੀ ਪਈ।ਹੁਣ ਮਹੀਨਾਵਾਰ ਇੰਜੈਕਸ਼ਨ ਲੱਗ ਰਿਹਾ ਜੋ ਮਾਰਕੀਟ ‘ਚ ਸਤਾਰਾਂ- ਅਠਾਰਾਂ ਹਜ਼ਾਰ ਦੇ ਵਿੱਚ ਰੇਟ ਸੀ ਪਰ ਇਸ ਵਾਰ ਉਸੇ ਕੰਪਨੀ ਦਾ ਬਾਈ ਹਜ਼ਾਰ ਰੇਟ ਦੱਸਿਆਂ ਗਿਆ। ਮੈਂ ਅਗਲੀ ਦੁਕਾਨ ਤੇ ਪੁੱਛਿਆ ਤਾਂ ਉਸ ਨੇ ਹੋਰ ਕੰਪਨੀ ਦਾ ਉਹੀ ਇੰਜੈਕਸ਼ਨ ਜਿਸ ਉੱਪਰ ਰੇਟ ਚੌਤਾਲੀ ਹਜ਼ਾਰ ਤੋਂ ਉੱਪਰ ਪ੍ਰਿੰਟ ਸੀ ਪਰ ਦਿੱਤਾ 9500 ਰੁਪਏ ਦਾ । ਡਾਕਟਰ ਨੂੰ ਦਿਖਾ ਲਗਵਾ ਲਿਆ। ਮੈਂ ਰੇਟ ‘ਚ ਐਨੇ ਵੱਡੇ ਫਰਕ ਹੋਣ ਕਾਰਨ ਦੁਵਿਧਾ ਵਿੱਚ ਰਿਹਾ ਕਿ ਐਨੀ ਘੱਟ ਕੀਮਤ ਤੇ ਪਿਛਲੇ ਛੇ ਸਾਲਾਂ ਤੋਂ ਇਹ ਇੰਜੈਕਸ਼ਨ ਨਹੀਂ ਮਿਲਿਆ। ਦੂਸਰੇ ਮਹੀਨੇ ਇਹੀ ਟੀਕਾ ਸਨਫਰਮਾ ਕੰਪਨੀ ਦਾ 18500 ਦਾ ਲਿਆ ਜੋ ਕਿ ਹੋਰ ਦੁਕਾਨ ਤੋਂ ਇਹੀ ਕੰਪਨੀ ਦਾ ਬਾਈ ਹਜ਼ਾਰ ਦਾ ਦਿੰਦੇ ਸੀ। ਇਨ੍ਹਾ ਸਾਰੀਆਂ ਗੱਲ੍ਹਾਂ ਨੇ ਮੈਨੂੰ ਸੋਚਣ ਲਈ ਮਜਬੂਰ ਕਰ ਦਿੱਤਾ ਕਿ ਦਵਾਈ ਖਰੀਦਦੇ ਸਮੇਂ ਪੂਰੀ ਪਰਖ ਕਰ ਕੇ ਲਵੋ । ਪ੍ਰਧਾਨ ਮੰਤਰੀ ਦਾ ਇਨ੍ਹਾਂ ਦੁਰਲੱਭ ਮਹਿੰਗੀਆਂ ਦਵਾਈਆਂ ਦੇ ਮੰਗ ਅਨੁਸਾਰ ਉਤਪਾਦਨ ਵਧਾਉਣ ਵੱਲ ਕੋਈ ਧਿਆਨ ਨਹੀਂ, ਉਂਝ ਅਸੀਂ ਮੂਹਰਲੇ ਦੇਸ਼ਾਂ ‘ਚ ਆਉਣ ਦੀ ਗੱਲ ਕਰਦੇ ਹਾਂ ਪਰ ਸਾਥੋਂ ਛੋਟੇ ਦੇਸ਼ ਇਹ ਦਵਾਈਆਂ ਤਿਆਰ ਕਰਨ ‘ਚ ਸਾਡੇ ਨਾਲੋਂ ਮੋਹਰੀ ਹਨ। ਕੇਂਦਰ ਸਰਕਾਰ ਨੇ ਕਈ ਹੋਰ ਵੱਡੇ-ਵੱਡੇ ਫੈਸਲੇ ਲਏ ਹਨ , ਪਰ ਦਵਾਈਆਂ ਦੀ ਘਾਟ ਦੇਸ਼ ਦੀ ਸਿਹਤਯਾਬੀ ਲਈ ਰੜਕਦੀ ਹੈ।ਸਰਕਾਰ ਦਵਾਈਆਂ ਦੀਆਂ ਕੀਮਤਾਂ ਐਨੀਆਂ ਜ਼ਿਆਦਾ ਕੰਪਨੀਆਂ ਨੂੰ ਕਿਉਂ ਪ੍ਰਿੰਟ ਕਰਨ ਲਈ ਆਗਿਆ ਦੇ ਰਹੀ ਹੈ ਜਦੋਂ ਕਿ ਭੋਲੇ ਭਾਲੇ ਮਰੀਜ਼ਾਂ ਦੀ ਅੰਨ੍ਹੀ ਲੁੱਟ ਇਸ ਕਰਕੇ ਹੀ ਹੋ ਰਹੀ ਹੈ। ਮਰੀਜ਼ ਨੂੰ ਸਮਝ ਨਹੀਂ ਆਉਂਦਾ ਕਿ ਦਵਾਈਆਂ ਦੇ ਰੇਟਾਂ ਬਾਰੇ ਕਿਵੇਂ ਪੜਤਾਲ ਕਰੇ।ਸੋ ਸਰਕਾਰ ਨੂੰ ਸਖਤੀ ਨਾਲ ਦਵਾਈਆਂ ਬਣਾਉਣ ਵਾਲੀਆਂ ਕੰਪਨੀਆਂ ਉੱਪਰ ਕੰਟਰੋਲ ਕਰਕੇ ਉਨ੍ਹਾਂ ਦੀ ਆਈ ਲਾਗਤ ਨਾਲੋਂ ਕਿੰਨਾ ਵੱਧ ਰੇਟ ਪ੍ਰਿੰਟ ਕਰਨਾ ਤਹਿ ਕਰਨ ਲਈ ਦਿਸ਼ਾ ਨਿਰਦੇਸ਼ ਦੇਣੇ ਚਾਹੀਦੇ ਹਨ ਜੇ ਕੋਈ ਇਸ ਦੀ ਉਲੰਘਣਾ ਕਰਦੀ ਹੈ ਤਾਂ ਉਸਦੀ ਮਾਨਤਾ/ਲਾਇਸੰਸ ਕੈਂਸ਼ਲ ਕਰ ਦੇਣਾ ਚਾਹੀਦਾ ਹੈ।ਰਾਜ ਸਰਕਾਰ ਨੂੰ ਵੀ ਇਸ ਵਿਸ਼ੇ ਵੱਲ ਗੰਭੀਰਤਾ ਨਾਲ ਲੈ ਕੇ ਦਵਾਈਆਂ ਅਤੇ ਹੋਰ ਡਾਕਟਰੀ ਸ਼ਾਜੋ-ਸਮਾਨ ਦੇ ਰੇਟਾਂ ਉੱਪਰ ਨਿਯੰਤਰਨ ਕਰਨ ਲਈ ਕਦਮ ਉਠਾਉਣੇ ਚਾਹੀਦੇ ਹਨ ਜਿਸ ਉੱਪਰ ਕੋਈ ਖਰਚ ਨਹੀਂ ਆਉਂਦਾ ਤਾਂ ਜੋ ਸਿਹਤ ਸਹੂਲਤਾਂ ਨੂੰ ਹਰੇਕ ਦੀ ਪਹੁੰਚ ਤੱਕ ਪਹੁੰਚਾਇਆ ਜਾਵੇ।

**ਮੇਜਰ ਸਿੰਘ ਨਾਭਾ (ਪਟਿਆਲਾ)**
**ਮੋ: 9463553962**




RED CHILLI INDIAN
FOOD TRUCK
ਹਰ ਤਰ੍ਹਾਂ ਦੇ ਇੰਡੀਅਨ STARTERS ਤੇ MAIN COURSE
VEG | NON -VEG
ਸਵਾਦਿਸ਼ਟ ਖਾਣਾ, ਵਾਜਬ ਰੇਟਾਂ 'ਤੇ
BOOK US FOR
WEDDINGS
BIRTHDAY PARTIES
CORPORATE EVENTS
BACKYARD PARTIES
RED CHILLI INDIAN
FOOD TRUCK
ਸਾਡਾ ਟਰੱਕ
99 highway ਤੋਂ
Lander Avenue ਤੇ
ਨਿਕਲ ਕੇ ਲੱਗਦੇ ਸਾਰ ਹੀ
ਖੱਬੇ ਹੱਥ ਹੈ
RED CHILLI INDIAN
FOOD TRUCK
ਅਸੀ ਟਿਫਨ ਸਰਵਿਸ ਵੀ ਦਿੰਦੇ ਹਾਂ
DELIVERY Available
Call TO Order : (209) 216-8169
A Kaur 2340 Lander Ave Turlock, CA 95280

ਕਾਵਿ ਵਿਅੰਗ

# ਪੰਥ ਵਾਰਸੋ ਹੋਸ਼ ਕਰੋ

ਰੋਲੇ ਪੈਂਦੇ ਨਿੱਤ ਪੰਥ ਦੇ ਨਾਂ ਉੱਤੇ,
ਕਦੇ ਵੇਖੀਏ ਆਪਾਂ ਵਿਚਾਰ ਸਾਈਂ।
ਪੰਥ ਆਖਦੇ ਸੱਚ ਰਾਹ ਧਰਮ ਦੇ ਨੂੰ,
ਜਿੱਥੇ ਹੋਵੇ ਸੱਚੀ ਸਰਕਾਰ ਸਾਈਂ।
ਸਾਰੇ ਪੰਥਾਂ ਤੋਂ ਉਹ ਹੁੰਦਾ ਪੰਥ ਵੱਡਾ,
ਹੋਵੇ ਸਭਨਾਂ ਦਾ ਸਤਿਕਾਰ ਸਾਈਂ।
ਗੁਰੂ ਚੇਲੇ 'ਚ ਫ਼ਰਕ ਨਾ ਰਹੇ ਕੋਈ,
ਦੋਵੇਂ ਸਜਣ ਇੱਕ ਦਰਬਾਰ ਸਾਈਂ।
ਇਹੀ ਪ੍ਰੰਪਰਾ ਸਿੱਖ ਧਰਮ ਅੰਦਰ,
ਜਾਤ ਪਾਤ ਦੀ ਨਾ ਵਿਚਾਰ ਸਾਈਂ।
ਦੂਜਾ ਪੰਥ ਕੇਹਾ ਜੀਵ ਆਤਮਾ ਨੂੰ,
ਬੁਰੇ ਕੰਮੀਂ ਪੈਂਦੀ ਫਿਟਕਾਰ ਸਾਈਂ।
ਨਾਂ ਵੇਚੋ ਨਾ ਪੰਥ ਦਾ, ਹੋਸ਼ਮੰਦੋ,
ਇਹ ਸੱਚ ਦਾ ਪਹਿਰੇਦਾਰ ਸਾਈਂ।
ਜਿੱਤ ਹੋਣੀ ਅਖ਼ੀਰ ਗੁਰੂ ਪੰਥ ਵਾਲੀ,
ਇੱਥੇ ਝੂਠਿਆਂ ਜਾਣਾ ਹਾਰ ਸਾਈਂ।
ਕਿੰਨੀ ਹੋ ਹੋ ਇੱਥੋਂ ਗਈ ਦੁਨੀਆਂ,
ਕੋਈ ਰਿਹਾ ਨਾ ਵਿੱਚ ਸੰਸਾਰ ਸਾਈਂ।
ਗੂੰਜ ਪੰਥ ਦੀ ਪੈਂਦੀ ਜੱਗ ਅੰਦਰ,
'ਪੱਤੋ' ਜਾਵੇ ਸਦਾ ਬਲਿਹਾਰ ਸਾਈਂ।



SANJHI SOCH
ਹਰਪ੍ਰੀਤ ਪੱਤੋ
ਪਿੰਡ ਪੱਤੋ ਹੀਰਾ ਸਿੰਘ
ਮੋਗਾ
94658-21417

# ਜਾਵਾਂ ਜਾਂ ਰਹਾਂ?

ਮੈਂ ਹਾਲੇ ਵੀ ਇੱਥੇ ਹਾਂ,
ਕਮਜ਼ੋਰ ਹੈ ਮੇਰੀ ਕਾਇਆ ਹੁਣ,
ਕੁੱਝ ਖੁੰਜੇ ਮੇਰੇ ਆਪਣੇ ਨੇ,
ਜਿੱਥੇ ਛੁਪਦਾ ਮੇਰਾ ਸਾਇਆ ਹੁਣ।
ਦਿਨ ਬਦਿਨ ਦੀ ਚਰਿਆ ਵਿੱਚ,
ਭਾਰ ਨੇ ਮੇਰੀ ਉਮਰਾਂ ਦੇ,
ਭਾਰੀ ਹੋਈ ਮੇਰੀ ਗਠੜੀ ਵਿੱਚ,
ਮੇਰੀ ਉਮਰ ਦਾ ਸਭ ਸਰਮਾਇਆ ਹੁਣ।
ਝੁਰੜੀਆਂ ਭਰੇ ਸਰੀਰ ਦੇ ਉੱਤੇ,
ਉੱਕਰੀਆਂ ਹੋਰ ਲਕੀਰਾਂ ਨੇ,
ਲਕੀਰਾਂ ਨੇ ਮੇਰੇ ਖ਼ਾਕੇ ਦਾ,
ਰੂਪ ਹੀ ਖ਼ੂਬ ਬਦਲਾਇਆ ਹੁਣ।
ਸ਼ੀਸ਼ੇ ਦੇ ਵਿੱਚ ਅਕਸ ਮੇਰੇ,
ਮੇਰਾ ਹੀ ਮੂੰਹ ਚਿੜਾਉਂਦੇ ਨੇ,
ਪਤਾ ਨਹੀਂ ਕਿੰਨੀ ਵਾਰੀ ਇਨ੍ਹਾਂ,
ਅਕਸਾਂ ਨੇ ਨਿੱਤ ਰੁਲਾਇਆ ਹੁਣ।
ਸਮਾਜੀ ਰਿਸ਼ਤੇ ਨਾਤੇ ਸਭ,
ਹੁਣ ਦੂਰ ਹੀ ਹੁੰਦੇ ਜਾਂਦੇ ਨੇ,
ਕਈਆਂ ਨੇ ਕਈ ਸਾਲਾਂ ਤੋਂ,
ਚੇਤਾ ਮੇਰਾ ਭੁਲਾਇਆ ਹੁਣ।
ਮੱਧਮ ਹੁੰਦਾ ਜਾਪ ਰਿਹਾ,
ਸੰਸਾਰ ਜੋ ਮੇਰਾ ਚਮਕੀਲਾ ਸੀ,
ਸਮੇਂ ਦੀ ਕੋਝੀ ਗਰਦਿਸ਼ ਨੇ,
ਇਸ ਨੂੰ ਖ਼ੂਬ ਧੁੰਦਲਾਇਆ ਹੁਣ।
ਉਧਾਰ ਹੀ ਸਭ ਕੁੱਛ ਮੰਗਿਆ ਸੀ,
ਇਸ ਦੁਨੀਆ ਦੇ ਖ਼ਜ਼ਾਨੇ ਤੋਂ,
ਵਿਆਜ ਸਮੇਤ ਹੀ ਮੋੜ ਦੇਵਾਂ,
ਜੀਅ ਕਰਦੈ ਇਹ ਸਰਮਾਇਆ ਹੁਣ।
ਤੇਰੀ ਮੇਰੀ ਦਾ ਝਗੜਾ ਹੁਣ,
ਸਿਰਫ ਤੇਰੀ ਦੇ ਵਿੱਚ ਬਦਲ ਜਾਏ,
ਮੇਰੀ ਮੇਰੀ ਹੀ ਕਰ ਕਰ ਕੇ,
ਮੈਂ ਕਾਫੀ ਵਕਤ ਲੰਘਾਇਆ ਹੁਣ।
ਕਾਸ਼ ਕਿ ਇਸ ਬੰਦੇ ਦੇ ਵਸ,
ਆਉਣ ਜਾਣ ਦੀ ਕਿਰਿਆ ਹੁੰਦੀ,
ਕਦੀ ਵੀ ਨਾ ਅਖ਼ੀਰ ਉੱਤੇ,
ਇਹ ਦਿਸਦਾ ਇੰਝ ਬੌਂਦਲਾਇਆ ਹੁਣ।



ਸਾਂਝੀ ਸੋਚ
ਰਵਿੰਦਰ ਸਿੰਘ ਕੁੰਦਰਾ
ਕਵੈਂਟਰੀ ਯੂ.ਕੇ
+44 77487-72308

LARRY T. NIERMEYER



Attorney at Law

OFFERING SERVICES IN THE FOLLOWING AREAS

1. Divorce/Family law
2. Restraining Orders
3. Criminal Matters
4. Driving Under Influence (DUI)
5. Work Injury/Car Injury
6. Defamation Cases
7. Personal Injury
8. Wrongful Death
9. Civil Litigation





PHONE: (209) 574-9447

1420 F STREET ST_ 2ND FLOOR MODESTO, CA 95354

Email : ltniermeyer@aol.com

# JK TYRE INC

JK TYRE
TOTAL CONTROL

**KTD10-LEAO**
Radial Truck Tire (Long Haul)



295/75R22.5
$2600
With Installation
Singh: 510-766-9382

**JK JETSTEEL JDH**

SPECIAL OFFER !!



DRIVE TIRE
11R22.5-
With Installation
Singh: 510-766-9382

**Firestone FS591**

SPECIAL OFFER !!

STEER TIRE
295/75R22.5
With Installation
Singh: 510-766-9382



11R22.5
With Installation
Singh: 510-766-9382

Sizes available in drive & trailer
295/75/22.5
11r/22.5
11r/24.5
255/70/22.5
315/80/22.5
425/65/22.5

**JETWAY JTH 1**

SPECIAL OFFER !!



TRAILER TIRE
11R22.5-
11R24.5-
With Installation
Singh: 510-766-9382

**JETWAY JTH SD**

SPECIAL OFFER !!



TRAILER TIRE
295/75R22.5-
With Installation
Singh: 510-766-9382

**JK JETSTEEL JDL2**

SPECIAL OFFER !!



DRIVE TIRE
11R22.5-
11R24.5-
295/75R22.5-
With Installation
Singh: 510-766-9382



FALKEN TIRES | GOODYEAR | KELLY TIRES | BARKLEY Feel the difference | PIRELLI
MICHELIN A better way forward | BRIDGESTONE | Firestone | YOKOHAMA
PEARLY | NAMA | TOYO TIRES driven to perform | Continental | DUNLOP TIRES

## S. Singh Cell: (510) 766-9382

2955 N. Wilson Way Stockton , CA 95205

# ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਮਹਾਰਾਜ-ਸਰਲ ਵਿਆਖਿਆ

**ਅੰਗ 145**

ਸਲੋਕੁ ਮਃ ੧ ॥ ਤੁਧੁ ਭਾਵੈ ਤਾ ਵਾਵਹਿ ਗਾਵਹਿ ਤੁਧੁ ਭਾਵੈ ਜਲਿ ਨਾਵਹਿ ॥ ਜਾ ਤੁਧੁ ਭਾਵਹਿ ਤਾ ਕਰਹਿ ਬਿਭੂਤਾ ਸਿੰਙੀ ਨਾਦੁ ਵਜਾਵਹਿ ॥ ਜਾ ਤੁਧੁ ਭਾਵੈ ਤਾ ਪੜਹਿ ਕਤੇਬਾ ਮੁਲਾ ਸੇਖ ਕਹਾਵਹਿ ॥ ਜਾ ਤੁਧੁ ਭਾਵੈ ਤਾ ਹੋਵਹਿ ਰਾਜੇ ਰਸ ਕਸ ਬਹੁਤੁ ਕਮਾਵਹਿ ॥ ਜਾ ਤੁਧੁ ਭਾਵੈ ਤੇਗ ਵਗਾਵਹਿ ਸਿਰ ਮੁੰਡੀ ਕਟਿ ਜਾਵਹਿ ॥ ਜਾ ਤੁਧੁ ਭਾਵੈ ਜਾਹਿ ਦਿਸੰਤਰਿ ਸੁਣਿ ਗਲਾ ਘਰਿ ਆਵਹਿ ॥ ਜਾ ਤੁਧੁ ਭਾਵੈ ਨਾਇ ਰਚਾਵਹਿ ਤੁਧੁ ਭਾਣੇ ਤੂੰ ਭਾਵਹਿ ॥ ਨਾਨਕੁ ਏਕ ਕਹੈ ਬੇਨੰਤੀ ਹੋਰਿ ਸਗਲੇ ਕੂੜੁ ਕਮਾਵਹਿ ॥੧॥ {ਪੰਨਾ 145}

ਭਾਵ ਅਰਥ:-

ਹੇ ਅਕਾਲ ਪੁਰਖ! ਜੇ ਤੇਰਾ ਹੁਕਮ ਹੋਵੇ ਤਾਂ ਬੰਦਾ ਖ਼ੁਸ਼ੀ ਵਿੱਚ ਗਾਉਂਦਾ, ਵਜਾਉਂਦਾ ਤੇ ਤੇਰੇ ਨਾਮ ਦਾ ਇਸ਼ਨਾਨ ਕਰਦਾ ਜੇ ਹੈ, ਤੇਰਾ ਹੁਕਮ ਹੋਵੇ ਤਾਂ ਬੰਦਾ ਆਪਣੇ ਸਰੀਰ ਤੇ ਸਵਾਹ ਮਲਦਾ ਤੇ ਸਿੰਙੀ ਨਾਦ ਵਜਾਉਂਦਾ ਹੈ,ਜੇ ਤੂੰ ਚਾਹੇ ਤਾਂ ਬੰਦਾ(ਇਸਲਾਮਿਕ ) ਧਾਰਮਿਕ ਪੁਸਤਕ ਕਤੇਬ ਆਦਿ ਪੜ੍ਹ ਕੇ ਮੁਲਾ ਸ਼ੇਖ ਬਣ ਜਾਂਦਾ ਤੇ ਲੋਕਾਂ ਤੋਂ ਵਾਹ ਵਾਹੀ ਖੱਟਦਾ ਹੈ।ਜੇ ਤੂੰ ਚਾਵੇਂ ਤਾਂ ਬੰਦਾ ਬਾਦਸ਼ਾਹ ਬਣ ਕੇ ਜੀਵਨ ਦੇ ਸਾਰੇ ਆਨੰਦ ਮਾਣਦਾ ਹੈ ,ਜੇ ਤੇਰੀ ਰਜਾ ਹੋਵੇ ਤਾਂ ਰਣ ਖੇਤ ਵਿੱਚ ਲੜਦਾ ਹੋਇਆ ਆਪਣੇ ਆਪ ਨੂੰ ਕੁਰਬਾਨ ਕਰ ਜਾਂਦਾ ਹੈ, ਜੇ ਤੇਰੀ ਮਰਜ਼ੀ ਹੋਵੇ ਤਾਂ ਬੰਦਾ ਦਸਾਂ ਦਿਸਾਵਾਂ ਵਿੱਚ ਭਾਉਂਦਾ ਫਿਰਦਾ ,ਘਰ ਆ ਕੇ ਫਿਰ ਉਹਨਾਂ ਬਾਰੇ ਚਰਚਾ ਕਰਦਾ ਹੈ , ਜੇ ਤੂੰ ਚਾਹੇਂ ਤਾਂ ਬੰਦਾ ਤੇਰੇ ਨਾਮ ਵਿੱਚ ਰੰਗਿਆ ਜਾਂਦਾ ,ਬਸ ਇਹ ਸਾਰਾ ਕੁਝ ਤੇਰੇ ਹੀ ਭਾਣੇ ਵਿੱਚ ਵਰਤਦਾ ਹੈ ।ਹੇ ਨਾਨਕ! ਮੈਂ ਬੇਨਤੀ ਰਤ ਹਾਂ, ਜਿਹੜੇ ਤੇਰੀ ਰਜਾ ਵਿੱਚ ਨਹੀਂ ਨੇ, ਉਹ ਝੂਠ ਤੂਫਾਨ ਕੂੜ ਹੀ ਆਪਣੇ ਜੀਵਨ ਵਿੱਚ ਇਕੱਠਾ ਕਰਦੇ ਹਨ।

ਮਃ ੧ ॥

ਜਾ ਤੂੰ ਵਡਾ ਸਭਿ ਵਡਿਆਂਈਆ ਚੰਗੈ ਚੰਗਾ ਹੋਈ ॥ ਜਾ ਤੂੰ ਸਚਾ ਤਾ ਸਭੁ ਕੋ ਸਚਾ ਕੂੜਾ ਕੋਇ ਨ ਕੋਈ ॥ ਆਖਣੁ ਵੇਖਣੁ ਬੋਲਣੁ ਚਲਣੁ ਜੀਵਣੁ ਮਰਣਾ ਧਾਤੁ ॥ ਹੁਕਮੁ ਸਾਜਿ ਹੁਕਮੈ ਵਿਚਿ ਰਖੈ ਨਾਨਕ ਸਚਾ ਆਪਿ ॥੨॥ {ਪੰਨਾ 145}

ਅਰਥ ਭਾਵ ਅਰਥ:-

ਜਦੋਂ ਇਹ ਪ੍ਰਤੱਖ ਹੈ ਕਿ ਤੂੰ ਵੱਡਾ ਹੈਂ, ਚੰਗਿਆਈਆਂ ਦਾ ਖਜ਼ਾਨਾ ਹੈਂ ,ਚੰਗਾ ਹੈਂ ਤੇ ਫਿਰ ਤੇਰੇ ਤੋਂ ਉਤਪੰਨ ਹੋਏ ਕੁਦਰਤ ਦੇ ਜੀਵ ਵੀ ਚੰਗੇ ਹਨ। ਜੇ ਤੂੰ ਸੱਚਾ ਹੈਂ ,ਸਦਾ ਥਿਰ ਹੈਂ ,ਤੇਰੀ ਬਣਾਈ ਬਨਸਪਤੀ ਤੇ ਜੀਵ ਵੀ ਸਦਾ ਥਿਰ ਤੇ ਸੱਚੇ ਨੇ, ਤਾਂ ਫਿਰ ਸੱਚੇ ਵਿੱਚ ਕੋਈ ਝੂਠ ਨਹੀਂ ਹੋ ਸਕਦਾ। ਕਿਸੇ ਦਾ ਕੁਝ ਕਹਿਣਾ, ਵੇਖਣਾ, ਬੋਲਣਾ ਚਲਣਾ ,ਜੀਣਾ ,ਮਰਨਾ ਇਹ ਸਭ ਕੁਝ ਮਾਇਆ ਹੈ । ਹੇ ਨਾਨਕ! ਇਹ ਸਭ ਕੁਝ ਉਸਨੇ ਆਪ ਰਚਿਆ ਹੈ ਤੇ ਆਪਣੇ ਹੁਕਮ ਅੰਦਰ ਹੀ ਰੱਖਿਆ ਹੈ।

ਪਉੜੀ ॥

ਸਤਿਗੁਰੁ ਸੇਵਿ ਨਿਸੰਗੁ ਭਰਮੁ ਚੁਕਾਈਐ ॥ ਸਤਿਗੁਰੁ ਆਖੈ ਕਾਰ ਸੁ ਕਾਰ ਕਮਾਈਐ ॥ ਸਤਿਗੁਰੁ ਹੋਇ ਦਇਆਲੁ ਤ ਨਾਮੁ ਧਿਆਈਐ ॥ ਲਾਹਾ ਭਗਤਿ ਸੁ ਸਾਰੁ ਗੁਰਮੁਖਿ ਪਾਈਐ ॥ ਮਨਮੁਖਿ ਕੂੜੁ ਗੁਬਾਰੁ ਕੂੜੁ ਕਮਾਈਐ ॥ ਸਚੇ ਦੈ ਦਰਿ ਜਾਇ ਸਚੁ ਚਵਾਂਈਐ ॥ ਸਚੈ ਅੰਦਰਿ ਮਹਲਿ ਸਚਿ ਬੁਲਾਈਐ ॥ ਨਾਨਕ ਸਚੁ ਸਦਾ ਸਚਿਆਰੁ ਸਚਿ ਸਮਾਈਐ ॥੧੫॥ {ਪੰਨਾ 145}

ਭਾਵ ਅਰਥ:-

ਸੱਚੇ ਗੁਰੂ ਦੀ ਜਦੋਂ ਅਰਾਧਨਾ ਕਰਨ ਲੱਗੇ ਤਾਂ ਬੇਫਿਕਰ, ਬੇਖੌਫ ਹੋਕੇ ਕਰਨੀ ਚਾਹੀਦੀ ਹੈ। ਗੁਰੂ ਜਿਹੜਾ ਕਾਰਜ ਕਰਨ ਦੀ ਸਿੱਖਿਆ ਲਾਵੇ ਤਾਂ ਉਸ ਨੂੰ ਮੰਨਣਾ ਚਾਹੀਦਾ ਹੈ।ਜੇ ਉਹ ਕਹੇ ਕਿ ਨਾਮ ਸਿਮਰਨ ਕੀਤਾ ਜਾਵੇ ਤਾਂ ਜਾਪ ਨਾਲ ਜੁੜ ਜਾਣਾ ਚਾਹੀਦਾ ਹੈ, ਗੁਰੂ ਦੀ ਗੱਲ ਮੰਨਣ ਵਾਲਾ ਭਗਤ ਇਹਨਾਂ ਚੀਜ਼ਾਂ ਵਿੱਚੋਂ ਲਾਭ ਕਮਾਉਂਦਾ ਹੈ। ਦੂਜੇ ਪਾਸੇ ਗੁਰੂ ਦੀ ਨਾ ਮੰਨਣ ਵਾਲਾ ਤੇ ਆਪਣੇ ਮਨ ਦੀਆਂ ਕਰਨ ਵਾਲਾ ਝੂਠ ਤੁਫਾਨ, ਹਨੇਰੇ ਦੀ ਕਮਾਈ ਕਰਦਾ ਹੈ। ਇਸ ਤੋਂ ਉਲਟ ਜੋ ਬੰਦਾ ਸੱਚੇ ਪ੍ਰਭੂ ਦੇ ਦਰ ਤੇ ਜਾ ਕੇ ਸੱਚੀ ਬਾਣੀ ਦਾ ਜਾਪ ਕਰਦਾ ਹੈ ਤਾਂ 'ਉਹ ਸਦਾ ਥਿਰ ਪ੍ਰਭੂ' ਸੱਚੇ ਬੰਦਿਆਂ ਨੂੰ ਆਪਣੇ ਦਰ ਤੇ ਬੁਲਾ ਲੈਂਦਾ ਹੈ ,ਆਪਣੇ ਚਰਨੀ ਲਾ ਲੈਂਦਾ ਹੈ।

ਸਲੋਕੁ ਮਃ ੧ ॥

ਕਲਿ ਕਾਤੀ ਰਾਜੇ ਕਾਸਾਈ ਧਰਮੁ ਪੰਖ ਕਰਿ ਉਡਰਿਆ ॥ ਕੂੜੁ ਅਮਾਵਸ ਸਚੁ ਚੰਦ੍ਰਮਾ ਦੀਸੈ ਨਾਹੀ ਕਹ ਚੜਿਆ ॥ ਹਉ ਭਾਲਿ ਵਿਕੁੰਨੀ ਹੋਈ ॥ ਆਧੇਰੈ ਰਾਹੁ ਨ ਕੋਈ ॥ ਵਿਚਿ ਹਉਮੈ ਕਰਿ ਦੁਖੁ ਰੋਈ ॥ ਕਹੁ ਨਾਨਕ ਕਿਨਿ ਬਿਧਿ ਗਤਿ ਹੋਈ ॥੧॥ {ਪੰਨਾ 145}

ਭਾਵ ਅਰਥ:-

ਕਲਯੁਗ ਦੇ ਰਾਜੇ ਕਸਾਈ ਬਣ ਚੁੱਕੇ ਹਨ, ਜਿਸ ਨਾਲ ਐਵੇਂ ਜਾਪਦਾ ਹੈ ਕਿ ਧਰਮ ਤਾਂ ਪੰਖ ਲਾ ਕੇ ਉੱਡ ਗਿਆ ਹੈ। ਸਾਰੇ ਪਾਸੇ ਕਾਲੀ ਬੋਲੀ ਰਾਤ ਮੱਸਿਆ ਦੀ ਰਾਤ ਜਿਹੀ ਲੱਗਦੀ ਹੈ ਅਤੇ ਜਿਹੜਾ ਚਮਕਦਾ ਚੰਦ ਸੀ ਉਹ ਵੀ ਨਹੀਂ ਦਿਖਦਾ।( ਜੀਵ ਇਸਤਰੀ) ਅਜਿਹੇ ਹਾਲਾਤਾਂ ਵਿੱਚ ਮਾਰਗ ਲੱਭਦੀ ਹੈ, ਪਰ ਉਸਨੂੰ ਹਨੇਰੇ ਵਿੱਚ ਲੱਭਦਾ ਨਹੀਂ।ਅਹੰਕਾਰ ਨੇ ਉਸ ਨੂੰ ਰੁਆ ਸੁੱਟਿਆ ਹੈ। ਹੇ ਨਾਨਕ ! ਮੈਨੂੰ ਦੱਸ ਦੇ ਮੇਰੀ ਗਤੀ ਕਿਸ ਤਰ੍ਹਾਂ ਹੋਏਗੀ, ਮੇਰੀ ਮੁਕਤੀ ਕਿਸ ਤਰਾਂ ਹੋਏਗੀ।

ਮਃ ੩ ॥

ਕਲਿ ਕੀਰਤਿ ਪਰਗਟੁ ਚਾਨਣੁ ਸੰਸਾਰਿ ॥ ਗੁਰਮੁਖਿ ਕੋਈ ਉਤਰੈ ਪਾਰਿ ॥ ਜਿਸ ਨੋ ਨਦਰਿ ਕਰੇ ਤਿਸੁ ਦੇਵੈ ॥ ਨਾਨਕ ਗੁਰਮੁਖਿ ਰਤਨੁ ਸੋ ਲੇਵੈ ॥੨॥ {ਪੰਨਾ 145}

ਭਾਵ ਅਰਥ:-

ਇਸ ਕੱਲ ਯੁਗ ਦੇ ਘੋਰ ਹਨੇਰ ਵਿੱਚ ਇੱਕ ਪ੍ਰਭੂ ਦਾ ਨਾਮ ਹੀ ਚਾਨਣ ਹੈ ਤੇ ਕੋਈ ਵਿਰਲਾ ਗੁਰਮੁਖ ਹੀ ਇਸ ਨਾਮ ਦੇ ਆਸਰੇ ਇਸ ਘੋਰ ਹਨੇਰ ਵਿੱਚੋਂ ਪਾਰ ਲੰਘ ਸਕਦਾ ਹੈ। ਇਹ ਨਾਮ ਦਾਨ ਵੀ ਉਸੇ ਨੂੰ ਹੀ ਮਿਲਦਾ ਜਿਸ ਉੱਪਰ ਅਕਾਲ ਪੁਰਖ ਦੀ ਨਜ਼ਰ ਸਵੱਲੀ ਹੋ ਜਾਂਦੀ ਹੈ। ਹੇ ਨਾਨਕ ! ਤਾਂ ਉਹ ਹੀ ਭਵ ਸਾਗਰ ਸੰਸਾਰ ਤੋਂ ਪਾਰ ਉਤਰ ਸਕਦਾ ਹੈ।

ਪਉੜੀ ॥ ਭਗਤਾ ਤੈ ਸੈਸਾਰੀਆ ਜੋੜੁ ਕਦੇ ਨ ਆਇਆ ॥ ਕਰਤਾ ਆਪਿ ਅਭੁਲੁ ਹੈ ਨ ਭੁਲੈ ਕਿਸੈ ਦਾ ਭੁਲਾਇਆ ॥ ਭਗਤ ਆਪੇ ਮੇਲਿਅਨੁ ਜਿਨੀ ਸਚੋ ਸਚੁ ਕਮਾਇਆ ॥ ਸੈਸਾਰੀ ਆਪਿ ਖੁਆਇਅਨੁ ਜਿਨੀ ਕੂੜੁ ਬੋਲਿ ਬੋਲਿ ਬਿਖੁ ਖਾਇਆ ॥ ਚਲਣ ਸਾਰ ਨ ਜਾਣਨੀ ਕਾਮੁ ਕਰੋਧੁ ਵਿਸੁ ਵਧਾਇਆ ॥ ਭਗਤ ਕਰਨਿ ਹਰਿ ਚਾਕਰੀ ਜਿਨੀ ਅਨਦਿਨੁ ਨਾਮੁ ਧਿਆਇਆ ॥ ਦਾਸਨਿ ਦਾਸ ਹੋਇ ਕੈ ਜਿਨੀ ਵਿਚਹੁ ਆਪੁ ਗਵਾਇਆ ॥ ਓਨਾ ਖਸਮੈ ਕੈ ਦਰਿ ਮੁਖ ਉਜਲੇ ਸਚੈ ਸਬਦਿ ਸੁਹਾਇਆ ॥੧੬॥ {ਪੰਨਾ 145}

ਭਾਵ ਅਰਥ:-

ਹੇ ਭਾਈ ! ਨਾਮ ਲੇਵਾ ਭਗਤਾਂ ਤੇ ਸੰਸਾਰੀਆਂ ਦਾ ਆਪਸ ਵਿੱਚ ਮੇਲ ਨਹੀਂ ਬਣਦਾ। ਉਹ ਪ੍ਰਭੂ ਪਰਮਾਤਮਾ ਅਭੁਲ ਹੈ ਤੇ ਕਿਸੇ ਦੇ ਭੁਲਾਇਆਂ ਭੁੱਲਦਾ ਨਹੀਂ। ਭਗਤ ਬੰਦਗੀ ਵਾਲੇ ਬੰਦਿਆਂ ਨੂੰ ਆਪਣੇ ਨਾਲ ਜੋੜ ਲੈਂਦਾ ਹੈ ਜਦੋਂ ਕਿ ਸੰਸਾਰੀਆਂ (ਜੋ ਮੋਹ ਮਾਇਆ ਵਿੱਚ ਫਸੇ ਹਨ ਅਤੇ ਕੂੜ ਕਮਾ ਰਹੇ ਹਨ) ਨੂੰ ਖਵਾਰ ਹੁੰਦਿਆਂ , ਭਟਕਦਿਆਂ ਨੂੰ ਤੱਕਦਾ ਹੈ। ਅਜਿਹੇ ਕੁੜਿਆਰਾਂ ਨੂੰ ਜੀਵਨ ਜਾਚ ਨਹੀਂ ਆਉਂਦੀ ਤੇ ਸਾਰੀ ਉਮਰ ਕਾਮ ਕ੍ਰੋਧ ਵਰਗੇ ਜਹਿਰ ਵਿੱਚ ਫਸ ਰਹਿੰਦੇ ਹਨ। ਬੰਦਗੀ ਵਾਲੇ ਬੰਦੇ, ਪ੍ਰਭੂ ਪਰਮਾਤਮਾ ਦੀ ਸੇਵਾ ਭਾਵ ਅਤੇ ਸ਼ਬਦ ਨਾਮ ਨਾਲ ਜੁੜ ਕੇ ਉਸਨੂੰ ਸਦਾ ਅਰਾਧਦੇ ਹਨ, ਅਜਿਹੇ ਮਨੁੱਖ ਇੰਨੇ ਵਿਨਮਰ ਹੋ ਜਾਂਦੇ ਹਨ ਕਿ ਉਹ ਆਪਣੇ ਗੁਰੂ ਦੇ ਦਾਸਾਂ ਦੇ ਦਾਸ ਵੀ ਬਣ ਜਾਂਦੇ ਹਨ ਜਿਸ ਨਾਲ ਉਹਨਾਂ ਦੇ ਅੰਦਰੋਂ ਹਉਮੈ ਦੀ ਮੈਲ ਧੋਤੀ ਜਾਂਦੀ ਹੈ। ਬਾਣੀ ਅਤੇ ਭਗਤੀ ਸਿਮਰਨ ਦੇ ਵਿੱਚ ਲੀਨ ਰਹਿਣ ਕਾਰਨ ਉਹ ਮਾਲਕ ਪ੍ਰਭੂ ਦੇ ਦਰ ਤੇ ਮੰਨੇ ਜਾਂਦੇ ਹਨ ਕਬੂਲੇ ਜਾਂਦੇ ਹਨ।

ਸਲੋਕੁ ਮਃ ੧ ॥

ਸਬਾਹੀ ਸਾਲਾਹ ਜਿਨੀ ਧਿਆਇਆ ਇਕ ਮਨਿ ॥ ਸੇਈ ਪੂਰੇ ਸਾਹ ਵਖਤੈ ਉਪਰਿ ਲੜਿ ਮੁਏ ॥ ਦੂਜੈ ਬਹੁਤੇ ਰਾਹ ਮਨ ਕੀਆ ਮਤੀ ਖਿੰਡੀਆ ॥ ਬਹੁਤੁ ਪਏ ਅਸਗਾਹ ਗੋਤੇ ਖਾਹਿ ਨ ਨਿਕਲਹਿ ॥ ਤੀਜੈ ਮੁਹੀ ਗਿਰਾਹ ਭੁਖ ਤਿਖਾ ਦੁਇ ਭਉਕੀਆ ॥ ਖਾਧਾ ਹੋਇ ਸੁਆਹ ਭੀ ਖਾਣੇ ਸਿਉ ਦੋਸਤੀ ॥ ਚਉਥੈ ਆਈ ਊਂਘ ਅਖੀ ਮੀਟਿ ਪਵਾਰਿ ਗਇਆ ॥ ਭੀ ਉਠਿ ਰਚਿਓਨੁ ਵਾਦੁ ਸੈ ਵਰ੍ਹਿਆ ਕੀ ਪਿੜ ਬਧੀ ॥ ਸਭੇ ਵੇਲਾ ਵਖਤ ਸਭਿ ਜੇ ਅਠੀ ਭਉ ਹੋਇ ॥ ਨਾਨਕ ਸਾਹਿਬੁ ਮਨਿ ਵਸੈ ਸਚਾ ਨਾਵਣੁ ਹੋਇ ॥੧॥ {ਪੰਨਾ 145-146}

ਭਾਵ ਅਰਥ:-

ਜਿਹੜਾ ਮਨੁੱਖ ਬ੍ਰਹਮ ਮਹੂਰਤ ਵਿੱਚ ਨਾਮ ਸਿਮਰਨ ਦਾ ਅਭਿਆਸ ਕਰਦਾ ਹੈ, ਉਹ ਇਕਾਗਰਤਾ ਨੂੰ ਹਾਸਲ ਕਰਨ ਵਿੱਚ ਕਾਮਯਾਬ ਰਹਿੰਦਾ ਹੈ। ਓਹੋ ਆਪਣੇ ਮਨ ਨਾਲ ਸੰਘਰਸ਼ ਕਰਦੇ ਹਨ ਤਾਂ ਕਿ ਇੱਕ ਮਨ ਇੱਕ ਚਿੱਤ ਹੋ ਸਕਨ ,ਆਲਸ ਤਿਆਗ ਸਕਣ ਤੇ ਅਸਲ ਵਿੱਚ ਉਹੀ ਪੂਰੇ ਜਾਇਦਾਦ (ਨਾਮ ਦੀ) ਦੇ ਮਾਲਕ ਬਣਦੇ ਹਨ। ਦੂਜੇ ਪਹਿਰ ਵਿੱਚ ਜਾਪ ਕਰਨ ਵਾਲਿਆਂ ਦੀ ਸੁਰਤ ਕੰਮਾਂ ਕਾਰਾਂ ਵਿੱਚ ਖਿੰਡੀ ਰਹਿੰਦੀ ਹੈ(ਇਕਾਗਰਤਾ ਨਹੀਂ ਬਣ ਸਕਦੀ)। ਤੀਜੇ ਪਹਿਰ ਬੰਦੇ ਨੂੰ ਭੁੱਖ ਚਮਕ ਜਾਂਦੀ ਹੈ ਤਾਂ ਕਰਕੇ ਉਹ ਇਕ ਮਨ ਇਕ ਚਿਤ ਨਹੀਂ ਹੋ ਸਕਦੇ । ਚੌਥੇ ਪਹਿਰ ਥੱਕ ਟੁੱਟ ਕੇ ਨੀਂਦ ਆ ਜਾਂਦੀ ਜਿਸ ਕਰਕੇ ਨਾਮ ਨਾਲ ਨਹੀਂ ਜੁੜਿਆ ਜਾ ਸਕਦਾ ਤੇ ਅੱਖਾਂ ਮੀਟ ਕੇ ਸੌਂ ਜਾਂਦਾ ਹੈ। ਨੀਂਦ ਚੋਂ ਉੱਠ ਕੇ ਉਹੀ ਧੰਦਿਆਂ ਦਾ ਝਮੇਲਾ ਬੰਦੇ ਨੂੰ ਜਕੜ ਲੈਂਦਾ ਹੈ। ਸੋ ਹੇ ਬੰਦੇ ਅੰਮ੍ਰਿਤ ਵੇਲਾ ਹੀ ਪ੍ਰਭੂ ਨਾਲ ਜੁੜਨ ਦਾ ਉੱਤਮ ਵੇਲਾ ਹੈ ਜਿਸ ਸਮੇਂ ਉਹ ਅਦਬ ਤੇ ਭੈ ਵਿੱਚ ਨਾਮ ਨਾਲ ਜੁੜਿਆ ਜਾ ਸਕਦਾ ਹੈ, ਮਨ ਉਸ ਦੇ ਚਰਨ ਕਮਲਾਂ ਵਿੱਚ ਟਿਕਾਇਆ ਜਾ ਸਕਦਾ ਹੈ। ਹੇ ਨਾਨਕ! ਇਸ ਦੇ ਨਾਲ ਹੀ ਜੇ ਮਨੁੱਖੀ ਮਨ ਅੱਠੇ ਪਹਿਰ ਦਾਤੇ ਦੀ ਯਾਦ ਵਿੱਚ ਜੁੜਿਆ ਰਹੇ ਤਾਂ ਆਤਮਿਕ ਇਸ਼ਨਾਨ ਦੀ ਪ੍ਰਾਪਤੀ ਵੀ ਹੁੰਦੀ ਹੈ।

**ਅੰਗ 146**

ਮਃ ੨ ॥ ਸੇਈ ਪੂਰੇ ਸਾਹ ਜਿਨੀ ਪੂਰਾ ਪਾਇਆ ॥ ਅਠੀ ਵੇਪਰਵਾਹ ਰਹਨਿ ਇਕਤੈ ਰੰਗਿ ॥ ਦਰਸਨਿ ਰੂਪਿ ਅਥਾਹ ਵਿਰਲੇ ਪਾਈਅਹਿ ॥ ਕਰਮਿ ਪੂਰੈ ਪੂਰਾ ਗੁਰੁ ਪੂਰਾ ਜਾ ਕਾ ਬੋਲੁ ॥ ਨਾਨਕ ਪੂਰਾ ਜੇ ਕਰੇ ਘਟੈ ਨਾਹੀ ਤੋਲੁ ॥੨॥ {ਪੰਨਾ 146}

ਭਾਵ ਅਰਥ:-

ਹੇ ਬੰਦੇ! ਜਿਨਾਂ ਨੇ ਪੂਰੇ ਪ੍ਰਭੂ ਨੂੰ ਪਾ ਲਿਆ, ਹਕੀਕਤ ਵਿੱਚ ਉਹੀ ਬਾਦਸ਼ਾਹ ਜਾਂ ਇੰਝ ਕਹਿ ਲਓ ਸੰਪੂਰਨ ਖਜ਼ਾਨਿਆਂ ਦਾ ਮਾਲਕ ਬਣ ਗਿਆ । ਅੱਠੇ ਪਹਿਰ ਉਹਨਾਂ ਨੂੰ ਕੋਈ ਪਰਵਾਹ ਨਹੀਂ ਕਿਉਂਕਿ ਉਹ ਪ੍ਰਭੂ ਪਰਮਾਤਮਾ ਦੇ ਰੰਗ ਵਿੱਚ ਰੰਗੇ ਰਹਿੰਦੇ ਹਨ । ਫਿਰ ਦਾਤੇ ਦੇ ਦਰਸ਼ਨ ਦੀਦਾਰੇ ਕਿਸੇ ਵਿਰਲੇ ਨੂੰ ਹੀ ਮਿਲਦੇ ਹਨ। ਚੰਗੇ ਕਰਮ ਕਰਨ ਵਾਲੇ, ਸੰਪੂਰਨ ਗੁਰੂ ਦੇ ਬੋਲ ਸੱਚ ਹੁੰਦੇ ਹਨ। ਫੇਰ ਅਜਿਹੇ ਬੰਦਿਆਂ ਲਈ ਹੇ ਨਾਨਕ ! ਉਹ ਦਾਤਾ ਪੂਰਨ ਤੌਰ ਤੇ ਹਰ ਚੀਜ਼, ਹਰ ਨਿਆਮਤ ਰਜਾਅ ਕੇ ਦਿੰਦਾ ਹੈ, ਕੋਈ ਘਾਟਾ ਨਹੀਂ ਰਹਿਣ ਦਿੰਦਾ।

ਪਉੜੀ ॥ ਜਾ ਤੂੰ ਤਾ ਕਿਆ ਹੋਰਿ ਮੈ ਸਚੁ ਸੁਣਾਈਐ ॥ ਮੁਠੀ ਧੰਧੈ ਚੋਰਿ ਮਹਲੁ ਨ ਪਾਈਐ ॥ ਏਨੈ ਚਿਤਿ ਕਠੋਰਿ ਸੇਵ ਗਵਾਈਐ ॥ ਜਿਤੁ ਘਟਿ ਸਚੁ ਨ ਪਾਇ ਸੁ ਭੰਨਿ ਘੜਾਈਐ ॥ ਕਿਉ ਕਰਿ ਪੂਰੈ ਵਟਿ ਤੋਲਿ ਤੁਲਾਈਐ ॥ ਕੋਇ ਨ ਆਖੈ ਘਟਿ ਹਉਮੈ ਜਾਈਐ ॥ ਲਈਅਨਿ ਖਰੇ ਪਰਖਿ ਦਰਿ ਬੀਨਾਈਐ ॥ ਸਉਦਾ ਇਕਤੁ ਹਟਿ ਪੂਰੈ ਗੁਰਿ ਪਾਈਐ ॥੧੭॥ {ਪੰਨਾ 146}

ਭਾਵ ਅਰਥ:-

ਹੇ ਹਰੀ ਪ੍ਰਭੂ! ਮੈਂ ਜੇ ਸੱਚ ਸੁਣਾਵਾਂ ਤਾਂ ਉਹ ਇੱਕੋ ਹੀ ਹੈ ਕਿ ਤੇਰੇ ਤੋਂ ਹੀ ਅਸੀਂ ਹਾਂ,ਤੇਰੇ ਬਿਨਾ ਕੋਈ ਹੋਰ ਨਹੀਂ। ਠੱਗਾਂ ਚੋਰਾਂ ਨੂੰ ਤੇਰੇ ਦਰ ਤੇ ਦਰਸ਼ਨ ਦਿਦਾਰੇ ਨਹੀਂ ਹੋ ਸਕਦੇ। ਅਜਿਹੇ ਲੋਕਾਂ ਦੇ ਹਿਰਦੇ ਪਿਗਲਣ ਵਾਲੇ ਨਹੀਂ ਹੁੰਦੇ ਤੇ ਉਹ ਤੇਰੀ ਸੇਵਾ ਨਹੀਂ ਕਰ ਸਕਦੇ (ਭਾਵ ਤੇਰੀ ਨਾਮ ਬੰਦਗੀ ਨਾਲ ਨਹੀਂ ਜੁੜ ਸਕਦੇ) ਅਜਿਹੇ ਲੋਕ ਤੈਨੂੰ, ਸਦਾ ਥਿਰ ਪ੍ਰਭੂ ਨੂੰ ਕਦੇ ਵੀ ਨਹੀਂ ਪਾ ਸਕਦੇ ਤੇ ਉਹ ਆਵਾ ਗਵਣ ਦੇ ਚੱਕਰ ਵਿੱਚ ਹੀ ਪਏ ਰਹਿੰਦੇ ਹਨ। ਫਿਰ ਅਜਿਹੇ ਨਿਗੁਣੀਆਂ ਨੂੰ ਉਹ ਪ੍ਰਭੂ ਪਰਮਾਤਮਾ ਕਿਵੇਂ ਸੰਪੂਰਨ ਕਰ ਸਕਦਾ ਹੈ, ਉਹਨਾਂ ਦੀਆਂ ਸਾਰੀਆਂ ਜਰੂਰਤਾਂ ਕਿਵੇਂ ਪੂਰੀਆਂ ਕਰ ਸਕਦਾ ਹੈ , ਦੂਜੇ ਪਾਸੇ ਜਿਸ ਬੰਦੇ ਦੇ ਮਨ ਅੰਦਰ ਹੰਕਾਰ ਨਹੀਂ ਹੈ ਉਸ ਨੂੰ ਘੱਟ ਕਿਵੇਂ ਦੇ ਸਕਦਾ ਹੈ। ਜਿਹੜੇ ਭਗਤ ਤੇਰੇ ਦਰ ਤੇ ਆਉਂਦੇ ਹਨ ਉਹਨਾਂ ਵਿੱਚੋਂ ਤੂੰ ਆਪ ਹੀ ਚੰਗਿਆਂ ਦੀ ਪਰਖ ਕਰ ਲੈਂਦਾ ਹੈ ਤੇ ਉਹਨਾਂ ਨੂੰ ਆਪਣੇ ਚਰਨਾਂ ਨਾਲ ਲਾ ਲੈਂਦਾ ਹੈਂ। ਹਰ ਮਨੁੱਖ ਜਿਹੜਾ ਗੁਰੂ ਦੇ ਸਨਮੁਖ ਰਹਿੰਦਾ ਹੈ ਉਹ ਉਸ ਪ੍ਰਭੂ ਪਰਮਾਤਮਾ ਦੀ ਦੁਰਗਾਹ ਤੇ ਸੰਪੂਰਨਤਾਂ ਨੂੰ ਪਾ ਲੈਂਦਾ ਹੈ।

ਸਲੋਕ ਮਃ ੨ ॥

ਅਠੀ ਪਹਰੀ ਅਠ ਖੰਡ ਨਾਵਾ ਖੰਡੁ ਸਰੀਰੁ ॥ ਤਿਸੁ ਵਿਚਿ ਨਉ ਨਿਧਿ ਨਾਮੁ ਏਕੁ ਭਾਲਹਿ ਗੁਣੀ ਗਹੀਰੁ ॥ ਕਰਮਵੰਤੀ ਸਾਲਾਹਿਆ ਨਾਨਕ ਕਰਿ ਗੁਰੁ ਪੀਰੁ ॥ ਚਉਥੈ ਪਹਰਿ ਸਬਾਹ ਕੈ ਸੁਰਤਿਆ ਉਪਜੈ ਚਾਉ ॥ ਤਿਨਾ ਦਰੀਆਵਾ ਸਿਉ ਦੋਸਤੀ ਮਨਿ ਮੁਖਿ ਸਚਾ ਨਾਉ ॥ ਓਥੈ ਅੰਮ੍ਰਿਤੁ ਵੰਡੀਐ ਕਰਮੀ ਹੋਇ ਪਸਾਉ ॥ ਕੰਚਨ ਕਾਇਆ ਕਸੀਐ ਵੰਨੀ ਚੜੈ ਚੜਾਉ ॥ ਜੇ ਹੋਵੈ ਨਦਰਿ ਸਰਾਫ ਕੀ ਬਹੁੜਿ ਨ ਪਾਈ ਤਾਉ ॥ ਸਤੀ ਪਹਰੀ ਸਤੁ ਭਲਾ ਬਹੀਐ ਪੜਿਆ ਪਾਸਿ ॥ ਓਥੈ ਪਾਪੁ ਪੁੰਨੁ ਬੀਚਾਰੀਐ ਕੂੜੈ ਘਟੈ ਰਾਸਿ ॥ ਓਥੈ ਖੋਟੇ ਸਟੀਅਹਿ ਖਰੇ ਕੀਚਹਿ ਸਾਬਾਸਿ ॥ ਬੋਲਣੁ ਫਾਦਲੁ ਨਾਨਕਾ ਦੁਖੁ ਸੁਖੁ ਖਸਮੈ ਪਾਸਿ ॥੧॥ {ਪੰਨਾ 146}

ਭਾਵ ਅਰਥ:-

ਇੱਕ ਦਿਨ ਵਿੱਚ ਅੱਠ ਪਹਿਰ ਹੁੰਦੇ ਹਨ ਤੇ ਨੌਵਾਂ ਪਹਿਰ ਸਰੀਰ ਨੂੰ ਕਿਹਾ ਜਾ ਸਕਦਾ ਹੈ। ਇਸ ਸਰੀਰ ਵਿੱਚ ਨੌਂ ਨਿਧੀਆਂ ਵੀ ਸਮਾਈਆਂ ਹੁੰਦੀਆਂ ਹਨ ਤੇ ਉਹ ਪ੍ਰਭੂ ਪਰਮਾਤਮਾ ਦਾ ਨਾਮ ਵੀ ਇਸ ਸਭ ਕੁਝ ਦੇ ਵਿੱਚ ਹੇ ਗਿਣਿਆ ਜਾਂਦਾ ਹੈ। ਕੋਈ ਗੁਣਵਾਨ ਵਿਦਵਾਨ ਗੁਣਵੰਤਾ ਹੀ ਇਸ ਰਤਨ ਨੂੰ ਲੱਭ ਸਕਦਾ ਹੈ। ਗੁਰੂ ਦੀ ਜਦੋਂ ਮਿਹਰ ਹੋ ਗਈ ਤਾਂ ਉਸ ਦੇ ਮਾਰਗਦਰਸ਼ਨ ਨਾਲ ਕਿਸੇ ਕਿਸਮਤ ਵਾਲੇ ਨੂੰ ਹੀ ਹਰਿ ਪਰਮਾਤਮਾ ਦੀ ਸਿਫਤ ਸਲਾਹ ਕਰਨ ਦਾ ਮਾਰਗ ਮਿਲਦਾ ਹੈ ਤਾਂ ਹੀ ਉਹ ਪ੍ਰਭੂ ਤੱਕ ਪਹੁੰਚ ਸਕਦਾ ਹੈ। ਸਵੇਰ ਦੇ ਚੌਥੇ ਪਹਿਰ, ਕਿਸੇ ਗੁਰਮੁਖ ਦੇ ਮਨ ਵਿੱਚ ਹੀ ਪ੍ਰਭੂ ਨਾਮ ਦੇ ਜਾਪ ਦਾ ਚਾਉ ਚੜਦਾ ਹੈ ਅਤੇ ਉਹ ਅਜਿਹੇ ਹੀ ਸਾਥੀ ਨੂੰ ਲੱਭ ਕੇ ਨਾਮ ਚਰਚਾ ਕਰਦਾ ਹੈ। ਇਸ ਇਕੱਠ ਵਿੱਚ ਨਾਮ ਦਾ ਅੰਮ੍ਰਿਤ ਵੰਡਿਆ ਜਾਂਦਾ ਹੈ ਤੇ ਇਹਦਾ ਹੀ ਪਸਾਰਾ ਵੱਧਦਾ ਹੈ। ਆਪਣੇ ਸਰੀਰ ਨੂੰ ਸੁੰਦਰ ਬਣਾਉਣ ਲਈ ਕੁਝ ਤਾਂ ਸਖਤੀ ਕਰਨੀ ਹੀ ਪਵੇਗੀ ਤਾਂ ਹੀ ਨਾਮ ਦੇ ਵਸੇਬੇ ਕਾਰਨ ਇਹ ਕਾਇਆ ਖੂਬਸੂਰਤ ਬਣੇਗੀ। ਜੇ ਪ੍ਰਭੂ ਪਰਮਾਤਮਾ( ਸਰਾਫ) ਦੀ ਨਜ਼ਰ ਸਵੱਲੀ ਹੋ ਜਾਵੇ ਤਾਂ ਇਸ ਬਦਨ ਤੇ ਇੱਕ ਵਾਰੀ ਚੜੀ ਹੋਈ ਨਾਮ ਦੀ ਪਾਨ ਦੁਬਾਰਾ ਚੜਾਉਣ ਦੀ ਲੋੜ ਨਹੀਂ ਪੈਂਦੀ। ਅੱਠੀਂ ਪਹਰੀਂ ਜੇ ਅਸੀਂ ਭਗਤ ਜਨਾਂ ਦੇ ਵਿੱਚ ਬੈਠ ਕੇ ਨਾਮ ਦੀ ਚਰਚਾ ਕਰਦੇ ਹਾਂ, ਇਹ ਸਥਾਨ ਤੇ ਪਾਪ ਅਤੇ ਪੁੰਨ ਦੀ ਵਿਚਾਰ ਚਰਚਾ ਵੀ ਹੁੰਦੀ ਹੈ ਤੇ ਅਸਲੀ ਵਪਾਰ ਭਾਵ ਧਰਮ ਦਾ ਵਪਾਰ ਨਿਕਲ ਕੇ ਸਾਹਮਣੇ ਆਉਂਦਾ ਹੈ। ਇਸ ਥਾਂ ਤੇ ਚੰਗੇ ਤੇ ਮਾੜੇ ਦੀ ਪਰਖ ਹੁੰਦੀ ਹੈ, ਮਾੜਿਆਂ ਨੂੰ ਉਥੇ ਹੀ ਛੱਡ ਦਿੱਤਾ ਜਾਂਦਾ ਹੈ ਅਤੇ ਚੰਗੀ ਨੀਤ ਵਾਲਿਆਂ ਨੂੰ ਵਾਹ ਵਾਹੀ ਮਿਲਦੀ ਹੈ। ਹੇ ਨਾਨਕ! ਅਬਾ ਤਬਾ ਬੋਲਣ ਵਾਲਿਆਂ ਨੂੰ ਦੁੱਖ ਹੀ ਦੁੱਖ ਮਿਲਦੇ ਹਨ। ਪ੍ਰਭੂ ਪਾਸੋਂ ਸੁੱਖ ਨਹੀਂ ਮਿਲ ਸਕਦੇ।

ਮਃ ੨ ॥

ਪਉਣੁ ਗੁਰੂ ਪਾਣੀ ਪਿਤਾ ਮਾਤਾ ਧਰਤਿ ਮਹਤੁ ॥ ਦਿਨਸੁ ਰਾਤਿ ਦੁਇ ਦਾਈ ਦਾਇਆ ਖੇਲੈ ਸਗਲ ਜਗਤੁ ॥ ਚੰਗਿਆਈਆ ਬੁਰਿਆਈਆ ਵਾਚੇ ਧਰਮੁ ਹਦੂਰਿ ॥ ਕਰਮੀ ਆਪੋ ਆਪਣੀ ਕੇ ਨੇੜੈ ਕੇ ਦੂਰਿ ॥ ਜਿਨੀ ਨਾਮੁ ਧਿਆਇਆ ਗਏ ਮਸਕਤਿ ਘਾਲਿ ॥ ਨਾਨਕ ਤੇ ਮੁਖ ਉਜਲੇ ਹੋਰ ਕੇਤੀ ਛੁਟੀ ਨਾਲਿ ॥੨॥ {ਪੰਨਾ 146}

ਭਾਵ ਅਰਥ:-

ਹੇ ਬੰਦੇ! ਹਵਾ ਸਾਡਾ ਗੁਰੂ ਹੈ, ਪਾਣੀ ਪਿਤਾ ਤੇ ਧਰਤੀ ਮਾਤਾ ਮਾਂ ਹੈ। ਦਿਨ ਰਾਤ ਦੋਨੋਂ ਹੀ ਪੂਰੇ ਜਗਤ ਵਿੱਚ ਮਨੋ ਲੁਕਣ ਮਿਚੀ ਖੇਡ ਰਹੇ ਹਨ। ਸੰਸਾਰ ਅੰਦਰ ਜੋ ਵੀ ਚੰਗੇ ਤੇ ਮਾੜੇ ਕੰਮ ਹੁੰਦੇ ਹਨ, ਉਹਨਾਂ ਸਾਰਿਆਂ ਨੂੰ ਪ੍ਰਭੂ ਪਰਮਾਤਮਾ ਅਕਾਲ ਪੁਰਖ ਆਪ ਦੇਖਦਾ ਹੈ। ਹੇ ਬੰਦਿਆ ! ਹਰ ਇੱਕ ਨੂੰ ਉਸਦੀ ਕਰਨੀ ਦਾ ਫਲ ਭੋਗਣਾ ਹੀ ਪੈਣਾ ਹੈ ,ਕੀ ਨੇੜੇ ਤੇ ਕੀ ਦੂਰ। ਬਸ ਇੱਕ ਪ੍ਰਭੂ ਨਾਮ ਹੈ ਜਿਸ ਨੂੰ ਧਿਆਉਣ ਨਾਲ ਬੰਦਾ ਸਾਰੀਆਂ ਮੁਸ਼ਕਲਾਂ ਚੋਂ ਲੰਘ ਜਾਂਦਾ ਹੈ। ਹੇ ਨਾਨਕ। ! ਕਰਮ ਕਰਨ ਵਾਲਿਆਂ ਦੇ ਮੁੱਖ ਸੁੰਦਰ ਹੋ ਜਾਂਦੇ ਹਨ ਉਹਨਾਂ ਤੇ ਚਮਕ ਆ ਜਾਂਦੀ ਹੈ ਤੇ ਪ੍ਰਭੂ ਪਰਮਾਤਮਾ ਉਹਨਾਂ ਨੂੰ ਸਦਾ ਸਦਾ ਲਈ ਸੰਸਾਰ ਸਾਗਰ ਤੋਂ ਮੁਕਤ ਕਰ ਦਿੰਦਾ ਹੈ।

ਪਉੜੀ ॥ ਸਚਾ ਭੋਜਨੁ ਭਾਉ ਸਤਿਗੁਰਿ ਦਸਿਆ ॥ ਸਚੇ ਹੀ ਪਤੀਆਇ ਸਚਿ ਵਿਗਸਿਆ ॥ ਸਚੈ ਕੋਟਿ ਗਿਰਾਂਇ ਨਿਜ ਘਰਿ ਵਸਿਆ ॥ ਸਤਿਗੁਰਿ ਤੁਠੈ ਨਾਉ ਪ੍ਰੇਮਿ ਰਹਸਿਆ ॥ ਸਚੈ ਦੈ ਦੀਬਾਣਿ ਕੂੜਿ ਨ ਜਾਈਐ ॥ ਝੂਠੋ ਝੂਠੁ ਵਖਾਣਿ ਸੁ ਮਹਲੁ ਖੁਆਈਐ ॥ ਸਚੈ ਸਬਦਿ ਨੀਸਾਣਿ ਠਾਕ ਨ ਪਾਈਐ ॥ ਸਚੁ ਸੁਣਿ ਬੁਝਿ ਵਖਾਣਿ ਮਹਲਿ ਬੁਲਾਈਐ ॥੧੮॥ {ਪੰਨਾ 146}

ਭਾਵ ਅਰਥ:-

ਜਿਸ ਭਾਗਾਂ ਵਾਲੇ ਨੂੰ ਸੱਚੇ ਗੁਰੂ ਨੇ ਅਕਾਲ ਪੁਰਖ ਦਾਤੇ ਦੇ ਨਾਮ ਦਾ ਸੱਚਾ ਭੋਜਨ ਦੱਸਿਆ ਹੈ ਉਹ ਮਨੁੱਖ ਉਸ ਪ੍ਰਭੂ ਦੇ ਨਾਮ ਨਾਲ ਹੀ ਪਰਤ ਜਾਂਦਾ ਹੈ। ਭਾਵ ਮਨ ਟਿਕ ਜਾਂਦਾ ਹੈ। ਉਹ ਮਨੁੱਖ ਉਸ ਪ੍ਰਭੂ ਪਰਮਾਤਮਾ ਦੇ ਚਰਨ ਕਮਲਾਂ ਦੇ ਸੰਪੂਰਨ ਸਵਰੂਪ ਵਿੱਚ ਵਸ ਜਾਂਦਾ ਹੈ ਮਨ ਨੂੰ ਸਦਾ ਥਿਰ ਰਹਿਣ ਵਾਲੇ ਕਿਲੇ ਵਿੱਚ ਇਹ ਪਿੰਡ ਵੱਸ ਗਿਆ ਹੈ ਗੁਰੂ ਦੇ ਖੁਸ਼ ਹੋਣ ਨਾਲ ਹੀ ਇਹ ਪ੍ਰਭੂ ਨਾਮ ਦੀ ਦਾਤ ਮਿਲਦੀ ਹੈ ਤੇ ਪ੍ਰਭੂ ਦੇ ਪ੍ਰੇਮ ਵਿੱਚ ਰਹਿ ਕੇ ਹੀ ਖੁਸ਼ੀਆਂ ਤੇ ਖੇੜੇ ਪ੍ਰਾਪਤ ਹੁੰਦੇ ਹਨ। ਉਸ ਸਦਾ ਰਹਿਣ ਵਾਲੇ ਦਾਤੇ ਦੇ ਘਰ ਵਿੱਚ ਕੂੜ ਅਪਣਾ ਕੇ ਕਦੇ ਨਹੀਂ ਪਹੁੰਚਿਆ ਜਾ ਸਕਦਾ। ਝੂਠ ਬੋਲ ਬੋਲ ਕੇ ਉਸ ਦਾ ਥਾਂ ਨਿਵਾਸ ਗਵਾ ਲਈਦਾ ਹੈ। ਸੱਚੇ ਸ਼ਬਦ ਰੂਪ ਨੂੰ ਰਾਹਦਾਰੀ ਬਣਾ ਲਈਏ ਤਾਂ ਕਿਸੇ ਤਰ੍ਹਾਂ ਦੀ ਰੋਕ ਨਹੀਂ ਪੈਂਦੀ ਪ੍ਰਭੂ ਦਾ ਨਾਮ ਸੁਣ ਕੇ ਸਿਮਰਨ ਕਰਕੇ ਵਿਚਾਰ ਕੇ ਹੀ ਉਹ ਦਾਤਾ ਆਪ ਆਪਣੇ ਮਹਿਲ ਵਿੱਚ ਬੁਲਾ ਲੈਂਦਾ ਹੈ।



ਨਰੇਸ਼ ਕੁਮਾਰੀ
ਨਿਊਜ਼ੀਲੈਂਡ
+642041755894

ਹਰੇ ਟਰੱਕਾਂ ਵਾਲਿਆਂ ਦੇ ਨਾਂਅ ਨਾਲ ਜਾਣੇ ਜਾਂਦੇ

# SMARTWAY EXPRESS INC.



Trucking ਵਿੱਚ ਲੰਬੇ ਸਮੇਂ ਦੇ ਤਜ਼ੁਰਬੇਕਾਰ

**Paul Sahota**

ਓਨਰ ਓਪਰੇਟਰਾਂ ਤੇ ਟੀਮ ਡਰਾਈਵਰਾਂ ਦੀ ਲੋੜ
ਤਜ਼ਰਬਾ ਘੱਟੋ-ਘੱਟ 1 ਸਾਲ
ਇੱਥੇ ਟੀਮ ਡਰਾਈਵਰਾਂ ਨੂੰ 60 ਸੇਂਟ ਅਤੇ ਸੋਲੋ ਡਰਾਇਵਰਾਂ ਨੂੰ 52 ਸੇਂਟ ਪ੍ਰਤੀ ਮੀਲ ਦਿੱਤੇ ਜਾਂਦੇ ਹਨ ਤੇ ਸਾਲ ਦੇ ਆਖੀਰ 'ਚ W-2 ਦਿੱਤਾ ਜਾਂਦਾ ਹੈ

ਜੇਕਰ ਤੁਸੀਂ ਚਾਹੁੰਦੇ ਹੋ ਟਰੱਕ ਖਰੀਦਣਾ ਜਾਂ ਸਾਡੇ ਨਾਲ ਕੰਮ ਕਰਨਾ ਤਾਂ ਅਸੀਂ ਤੁਹਾਡੀ ਪੂਰੀ ਮਦਦ ਕਰਾਂਗੇ

ਕਿਸੇ ਵੀ ਤਰ੍ਹਾਂ ਦੀ ਜਾਣਕਾਰੀ ਜਾਂ ਕੰਮ ਲਈ ਸਾਨੂੰ ਫੋਨ ਕਰੋ
ਫੋਨ : (559) 653-8130, 774-243-4154

SmartWay Express 3545 Date Avenue Fresno, CA 93725
ਈ-ਮੇਲ: newtrucks@smartwayexp.com

## ਵਕਤ ਬਦਲ ਚੁੱਕਾ ਹੈ, ਵਕਤ ਦੇ ਨਾਲ ਬਦਲ ਚੁੱਕੇ ਨੇ Entertainment ਦੇ ਸਾਧਨ ਵੀ




e-Baba Entertainment App ਨੂੰ Download ਕਰੋ।

ਹੁਣ ਕਿਸੇ ਵੀ Company ਦੇ ਬਣੇ Android TV 'ਚ **eBaba App** ਡਾਊਨਲੋਡ ਕਰੋ ਜਾਂ ਸਮਾਰਟ TV ਦੀ HDMI Port 'ਚ Google TV Dongle ਲਾਵੋ ਤੇ eBaba ਡਾਊਨਲੋਡ ਕਰਕੇ ਰਿਮੋਟ ਦੀ ਵਰਤੋਂ ਰਾਹੀਂ, ਵੱਡੀ TV Screen ਉਤੇ ਬਹੁਤ ਸਾਰੇ English, Punjabi, Hindi ਅਤੇ Urdu ਦੇ TV Channel ਫ੍ਰੀ 'ਚ ਵੇਖੋ ਅਤੇ ਰੇਡੀਓ 'ਚ ਸੁਣੋ, also eBaba Entertainment App available for your ਸਮਾਰਟ phone on app store and Play store.




Cast Dongle ਦੀ ਮਦਦ ਨਾਲ ਆਪਣੀ ਪਸੰਦੀਦਾ TV Channel ਜਾਂ Movies ਆਪਣੇ TV 'ਤੇ ਵੀ ਦੇਖ ਸਕਦੇ ਹੋ ਅਤੇ Drive ਕਰਦੇ ਵੇਲੇ Bluetooth ਨਾਲ ਰੇਡਿਓ ਵੀ ਸੁਣ ਸਕਦੇ ਹੋ।




ਇਸ ਲਈ ਜਲਦੀ ਤੋਂ ਜਲਦੀ ਇਹ App Download ਕਰੋ ਅਤੇ ਆਪਣੇ ਦੋਸਤਾਂ ਨਾਲ ਵੀ ਇਹ ਜਾਣਕਾਰੀ Share ਕਰੋ।